# ਕਹਾਉਤਾਂ

### ਭੂਮਿਕਾ

1 1ਇਹ ਕਹਾਉਤਾਂ ਦਾਊਦ ਦੇ ਪੁੱਤਰ ਸੁਲੇਮਾਨ ਦੁਆਰਾ
ਲਿਖੀਆਂ ਗਈਆ ਹਨ। ਸੁਲੇਮਾਨ ਇਸਰਾਏਲ ਦਾ
ਪਾਤਸ਼ਾਹ ਸੀ। 2ਇਹ ਸ਼ਬਦ ਇਸ ਲਈ ਲਿਖੇ ਗਏ ਸਨ ਤਾਂ
ਜੋ ਆਦਮੀ ਬੁੱਧ ਅਤੇ ਅਨੁਸ਼ਾਸਨ ਸਿੱਖ ਸਕੇ ਅਤੇ ਸਮਝਦਾਰੀ
ਲਿਆਉਣ ਵਾਲੇ ਸ਼ਬਦਾਂ ਨੂੰ ਪਹਿਚਾਣ ਸਕੇ। 3ਜੋ ਉਹ ਸਹੀ ਮੱਤ
ਹਾਸਲ ਕਰ ਲਵੇ ਜਿਵੇਂ—ਉਹ ਕਿਵੇਂ ਕਰੇ ਜੋ ਧਰਮੀ, ਨਿਆਂਈ ਅਤੇ
ਇਮਾਨਦਾਰ ਹੋਵੇ। 4ਇਹ ਸ਼ਬਦ ਮੂਰਖ ਲੋਕਾਂ ਨੂੰ ਸਮਝਦਾਰੀ ਅਤੇ
ਜਵਾਨ ਲੋਕਾਂ ਨੂੰ ਗਿਆਨ ਅਤੇ ਅਕਲਮੰਦੀ ਸਿਖਾਉਣ ਲਈ ਹਨ।
5ਸਿਆਣੇ ਆਦਮੀ ਇਸ ਨੂੰ ਸੁਣਕੇ ਆਪਣਾ ਗਿਆਨ ਵਧਾਉਣ
ਅਤੇ ਸਿੱਖੇ ਹੋਏ ਆਦਮੀ ਆਪਣੇ ਰਾਹ ਦਾ ਸਹੀ ਨਿਰਦੇਸ਼ਨ ਹਾਸਲ
ਕਰਨ। 6ਫ਼ੇਰ ਉਹ ਲੋਕ ਕਹਾਉਤਾਂ, ਦ੍ਰਿਸ਼ਟਾਂਤਾਂ, ਸਿਆਣੇ ਬੰਦਿਆਂ
ਦੀਆਂ ਸਿੱਖਿਆਵਾਂ, ਅਤੇ ਉਨ੍ਹਾਂ ਦੀਆਂ ਬੁਝਾਰਤਾਂ ਨੂੰ ਸਮਝਣ ਦੇ
ਯੋਗ ਹੋਣਗੇ।

7ਯਹੋਵਾਹ ਤੋਂ ਡਰਨਾ ਗਿਆਨ ਦੀ ਸ਼ੁਰੂਆਤ ਹੈ। ਪਰ ਬੁਰੇ ਬੰਦੇ
ਅਨੁਸ਼ਾਸਨ ਅਤੇ ਬੁੱਧ ਨੂੰ ਨਫ਼ਰਤ ਕਰਦੇ ਹਨ।

### ਇੱਕ ਪੁੱਤਰ ਨੂੰ ਉਪਦੇਸ਼

8ਮੇਰੇ ਪੁੱਤਰ, ਜਦੋਂ ਤੇਰਾ ਪਿਤਾ ਤੈਨੂੰ ਸੁਧਾਰੇ ਤਾਂ ਉਸ ਨੂੰ ਧਿਆਨ ਨਾਲ
ਸੁਣ। ਅਤੇ ਆਪਣੀ ਮਾਤਾ ਦੀ ਸਿੱਖਿਆ ਨੂੰ ਨਾ ਛੱਡੀਂ। 9ਕਿਉਂਕਿ
ਜੋ ਕੁਝ ਵੀ ਤੇਰੇ ਮਾਪੇ ਤੈਨੂੰ ਸਿਖਾਉਂਦੇ ਹਨ, ਤੇਰੇ ਸਿਰ ਤੇ ਤਾਜ
ਵਾਂਗ ਜਾਂ ਤੇਰੀ ਗਰਦਨ ਦੀ ਸ਼ੋਭਾ ਵਧਾਉਣ ਲਈ ਖੂਬਸੂਰਤ ਹਾਰ
ਵਾਂਗ ਹੁੰਦਾ ਹੈ।

10ਮੇਰੇ ਪੁੱਤਰ,[a] ਪਾਪੀ ਤੇਰੇ ਕੋਲੋਂ ਉਹ ਗੱਲਾਂ ਕਰਵਾਉਣ ਦੀ
ਕੋਸ਼ਿਸ਼ ਕਰਨਗੇ ਜੋ ਗ਼ਲਤ ਹਨ। ਉਨ੍ਹਾਂ ਵੱਲ ਧਿਆਨ ਨਾ ਦੇ! 11ਜੇ
ਉਹ ਆਖਣ, "ਸਾਡੇ ਨਾਲ ਆ! ਆਓ ਆਪਾਂ ਲੁਕ ਜਾਈਏ ਅਤੇ
ਕਿਸੇ ਨੂੰ ਮਾਰਨ ਲਈ ਇੰਤਜ਼ਾਰ ਕਰੀਏ। ਆਓ ਆਪਾਂ ਬਿਨਾ
ਕਾਰਣ ਕਿਸੇ ਬੇਗੁਨਾਹ ਬੰਦੇ ਉੱਤੇ ਹਮਲਾ ਕਰੀਏ। 12ਆਓ, ਆਪਾਂ
ਉਨ੍ਹਾਂ ਨੂੰ ਕਬਰ ਵਾਂਗ ਜਿਉਂਦਿਆਂ ਹੀ ਅਤੇ ਪੂਰੀ ਤਰ੍ਹਾਂ ਨਿਗਲ
ਜਾਵਾਂਗੇ ਜਿਵੇਂ ਕੋਈ ਟੋਏ ਵਿੱਚ ਚਲਿਆ ਜਾਂਦਾ ਹੈ। 13ਅਸੀਂ
ਸਾਰੀਆਂ ਕੀਮਤੀ ਚੀਜ਼ਾਂ ਲੈ ਲਵਾਂਗੇ। ਅਤੇ ਉਸ ਲੁੱਟ ਨਾਲ ਆਪਣੇ
ਘਰ ਭਰ ਲਵਾਂਗੇ। 14ਇਸ ਲਈ ਆ ਸਾਡੇ ਨਾਲ ਮਿਲ ਜਾ ਅਤੇ ਜੋ
ਕੁਝ ਵੀ ਸਾਨੂੰ ਮਿਲੇਗਾ, ਅਸੀਂ ਬਰਾਬਰ-ਬਰਾਬਰ ਵੰਡ ਲਵਾਂਗੇ।"

15ਮੇਰੇ ਪੁੱਤਰ, ਇਨ੍ਹਾਂ ਲੋਕਾਂ ਦੇ ਮਗਰ ਨਾ ਲੱਗ, ਉਨ੍ਹਾਂ ਦੇ ਰਾਹਾਂ
ਤੋਂ ਆਪਣੇ ਕਦਮ ਪਰ੍ਹੇ ਰੱਖ। 16ਜਿਵੇਂ ਉਹ ਬਦੀ ਕਰਨ ਵਿੱਚ ਤੇਜ-
ਤਰਾਰ ਅਤੇ ਲੋਕਾਂ ਨੂੰ ਮਾਰਨ ਲਈ ਬਹੁਤ ਤੇਜ਼ ਹਨ।

17ਲੋਕੀਂ ਪੰਛੀਆਂ ਨੂੰ ਫ਼ਾਹੁਣ ਲਈ ਜਾਲ ਵਿਛਾਉਂਦੇ ਹਨ। ਪਰ
ਜਦੋਂ ਪੰਛੀ ਦੇਖ ਰਹੇ ਹੋਣ ਤਾਂ ਜਾਲ ਵਿਛਾਉਣਾ ਬੇਕਾਰ ਹੁੰਦਾ ਹੈ।
18ਅਤੇ ਇਹ ਲੋਕ ਸਿਰਫ਼ ਆਪਣੀ ਹੀ ਮੌਤ ਦੇ ਇੰਤਜ਼ਾਰ ਵਿੱਚ
ਝੂਠ ਬੋਲਦੇ ਹਨ, ਉਹ ਖੁਦ ਹੀ ਆਪਣੇ ਜਾਲ ਵਿੱਚ ਫ਼ਸ ਜਾਣਗੇ ਤੇ
ਤਬਾਹ ਹੋ ਜਾਣਗੇ। 19ਲੋਭੀ ਬੰਦਿਆਂ ਨੂੰ ਹਮੇਸ਼ਾ ਉਨ੍ਹਾਂ ਦੇ ਅਮਲ
ਹੀ ਤਬਾਹ ਕਰਦੇ ਹਨ।

### ਨੇਕ ਔਰਤ—ਬੁੱਧ

20ਬੁੱਧ ਰਾਹਾਂ ਤੇ ਰੋ ਰਹੀ ਹੈ, ਉਹ ਬਜ਼ਾਰਾਂ ਵਿੱਚ ਦੁਹਾਈ ਦੇ ਰਹੀ ਹੈ।
21ਉਹ ਭੀੜ ਭਰੇ ਚੌਰਾਹਿਆਂ ਉੱਤੇ ਹੋਕਾ ਦੇ ਰਹੀ ਹੈ। ਉਹ ਸ਼ਹਿਰ ਦੇ
ਫ਼ਾਟਕਾਂ ਦੇ ਨੇੜੇ ਖਲੋਤੀ ਹੈ ਅਤੇ ਲੋਕਾਂ ਦਾ ਧਿਆਨ ਆਪਣੇ ਵੱਲ
ਖਿੱਚ ਰਹੀ ਹੈ। ਬੁੱਧ ਆਖਦੀ ਹੈ:

22"ਕਿੰਨਾ ਕੁ ਚਿਰ ਤੁਸੀਂ ਮੂਰਖ ਲੋਕੋ, ਆਪਣੀ ਮੂਰਖਤਾ ਨੂੰ
ਪਿਆਰ ਕਰਦੇ ਰਹੋਗੇ? ਤੁਸੀਂ ਮਖੌਲੀਏ ਕਿੰਨਾ ਕੁ ਚਿਰ ਹੋਰਨਾਂ ਦਾ
ਮਖੌਲ ਉਡਾਉਗੇ? ਤੁਸੀਂ ਮੂਰਖੋ ਕਦੋਂ ਤੀਕ ਗਿਆਨ ਨੂੰ ਨਫ਼ਰਤ
ਕਰਗੇ? 23ਜੇ ਤੁਸੀਂ ਮੇਰੀ, ਤੁਹਾਨੂੰ ਸੁਧਾਰਨ ਦੀ ਪੁਕਾਰ ਦਾ ਜਵਾਬ
ਦਿੱਤਾ ਹੁੰਦਾ ਮੈਂ ਤੁਹਾਨੂੰ ਉਹ ਹਰ ਗੱਲ ਦੱਸ ਦਿੰਦੀ ਜੋ ਮੈਂ ਜਾਣਦੀ ਸਾਂ।
ਮੈਂ ਤੁਹਾਨੂੰ ਆਪਣਾ ਸਾਰਾ ਗਿਆਨ ਦੇ ਦਿੰਦੀ।

24"ਪਰ ਤੁਸੀਂ ਮੇਰੀ ਗੱਲ ਸੁਣਨ ਤੋਂ ਇਨਕਾਰ ਕੀਤਾ। ਮੈਂ ਤੁਹਾਡੀ
ਸਹਾਇਤਾ ਕਰਨ ਦੀ ਕੋਸ਼ਿਸ਼ ਕੀਤੀ। ਮੈਂ ਤੁਹਾਡੇ ਵੱਲ ਆਪਣਾ ਹੱਥ
ਵਧਾਇਆ, ਪਰ ਤੁਸੀਂ ਮੇਰੀ ਸਹਾਇਤਾ ਪ੍ਰਵਾਨ ਕਰਨ ਤੋਂ ਇਨਕਾਰ
ਕੀਤਾ। 25ਤੂੰ ਮੂੰਹ ਫ਼ੇਰ ਲਿਆ ਅਤੇ ਮੇਰੀ ਤੁਹਾਨੂੰ ਸੁਧਾਰਨ ਦੀ
ਕੋਸ਼ਿਸ ਨੂੰ ਤੁਸਾਂ ਅਣਗੌਲਿਆਂ ਕਰ ਦਿੱਤਾ। ਤੁਸੀਂ ਮੇਰੇ ਸ਼ਬਦਾਂ ਉੱਤੇ
ਭਰੋਸਾ ਕਰਨ ਤੋਂ ਇਨਕਾਰ ਕਰ ਦਿੱਤਾ। 26ਇਸ ਲਈ, ਮੈਂ ਤੁਹਾਡੀ
ਬਿਪਤਾ ਉੱਤੇ ਹੱਸਾਂਗੀ। ਮੈਂ ਤੁਹਾਡਾ ਮਜ਼ਾਕ ਉਡਾਵਾਂਗੀ ਜਦੋਂ ਤੁਹਾਡੇ
ਉੱਤੇ ਡਰ ਆਉਣ ਲੱਗੇਗਾ। 27ਜਦੋਂ ਮੁਸੀਬਤਾਂ ਭਿਆਨਕ ਤੂਫ਼ਾਨ
ਵਾਂਗ ਤੁਹਾਡੇ ਉੱਤੇ ਟੁੱਟ ਪੈਣਗੀਆਂ, ਜਦੋਂ ਮੁਸੀਬਤਾਂ ਤੁਹਾਡੇ ਉੱਪਰ
ਆਉਣਗੀਆਂ ਜਦੋਂ ਮੁਸੀਬਤ ਅਤੇ ਗ਼ਮ ਤੁਹਾਨੂੰ ਦਬਾ ਲੈਣਗੇ।

28"ਜਦੋਂ ਇਹ ਸਭ ਗੱਲਾਂ ਵਾਪਰਨਗੀਆਂ ਤਾਂ ਤੁਸੀਂ ਮੇਰੇ ਕੋਲੋਂ
ਸਹਾਇਤਾ ਮੰਗੋਗੇ। ਮੈਂ ਤੁਹਾਡੀ ਸਹਾਇਤਾ ਨਹੀਂ ਕਰਾਂਗੀ। ਤੁਸੀਂ
ਮੇਰੀ ਤਲਾਸ਼ ਕਰੋਗੇ ਪਰ ਮੈਂ ਤੈਨੂੰ ਨਹੀਂ ਮਿਲਾਂਗੀ। 29ਕਿਉਂਕਿ ਉਨ੍ਹਾਂ
ਨੇ ਗਿਆਨ ਨੂੰ ਨਫ਼ਰਤ ਕੀਤੀ ਅਤੇ ਯਹੋਵਾਹ ਤੋਂ ਡਰਨ ਤੋਂ ਇਨਕਾਰ
ਕਰ ਦਿੱਤਾ। 30ਕਿਉਂਕਿ ਉਨ੍ਹਾਂ ਨੇ ਮੇਰੀ ਸਲਾਹ ਦੀ ਇੱਛਾ ਨਹੀਂ
ਕੀਤੀ ਅਤੇ ਮੇਰੀ ਉਨ੍ਹਾਂ ਨੂੰ ਸੁਧਾਰਨ ਦੀ ਕੋਸ਼ਿਸ਼ ਨੂੰ ਅਪ੍ਰਵਾਨ ਕਰ
ਦਿੱਤਾ, 31ਉਹ ਆਪਣੇ ਰਾਹਾਂ ਦਾ ਫ਼ਲ ਖਾਣਗੇ, ਅਤੇ ਆਪਣੀਆਂ
ਹੀ ਸਕੀਮਾਂ ਨਾਲ ਭਰ ਜਾਣਗੇ!

[a] ***1:10* ਮੇਰੇ ਪੁੱਤਰ** ਕਹਾਉਤਾਂ ਦੀ ਪੋਥੀ ਸੰਭਵਤਾ ਕਿਸੇ ਜਵਾਨ ਮੁੰਡੇ ਲਈ ਲਿਖੀ ਗਈ ਹੋਵੇ ਜੋ ਇੱਕ ਆਦਮੀ ਬਣ ਰਿਹਾ ਸੀ। ਇਹ ਪੋਥੀ ਉਸ ਨੂੰ ਸਿਖਾਉਂਦੀ ਹੈ ਕਿ ਕਿਵੇਂ ਇੱਕ ਜਿੰਮੇਵਾਰ ਆਦਮੀ ਬਣਿਆ ਜਾ ਸਕਦਾ ਜੋ ਪਰਮੇਸ਼ੁਰ ਨੂੰ ਪਿਆਰ ਕਰਦਾ ਅਤੇ ਉਸ ਦੀ ਇੱਜ਼ਤ ਕਰਦਾ।

32"ਜੇਕਰ ਮੂਰਖ ਲੋਕ ਇਸ ਤੋਂ ਦੂਰ ਚਲੇ ਜਾਣਗੇ, ਇਹ ਉਨ੍ਹਾਂ ਨੂੰ ਮਾਰ ਦੇਵੇਗਾ, ਅਤੇ ਆਤਮ-ਸੰਤੁਸ਼ਟੀ ਮੂਰਖਾਂ ਨੂੰ ਤਬਾਹ ਕਰ ਦੇਵੇਗੀ। 33ਪਰ ਉਹ ਆਦਮੀ ਜਿਹੜਾ ਮੇਰੀ ਗੱਲ ਮੰਨਦਾ ਹੈ ਉਹ ਸੁਰੱਖਿਆ ਨਾਲ ਜੀਵੇਗਾ। ਉਹ ਮੁਸੀਬਤ ਦੇ ਡਰ ਤੋਂ ਬਿਨਾਂ ਸੌਖਾ ਹੋ ਕੇ ਰਹਿ ਸਕਦਾ ਹੈ।"

## ਬੁੱਧ ਦੀ ਗੱਲ ਸੁਣੋ

2 1ਮੇਰੇ ਪੁੱਤਰ, ਜੇਕਰ ਤੂੰ ਉਸ ਨੂੰ ਸੁਣੇਗਾ ਜੋ ਮੈਂ ਆਖਣਾ ਚਾਹੁੰਦਾ, ਅਤੇ ਜੇਕਰ ਤੂੰ ਮੇਰੇ ਹੁਕਮਾਂ ਨੂੰ ਦਿਲ ਵਿੱਚ ਰੱਖੇਂਗਾ। 2ਤਾਂ ਜੋ ਤੂੰ ਬੁੱਧ ਵੱਲ ਧਿਆਨ ਦੇਵੇਂ ਅਤੇ ਆਪਣੇ ਮਨ ਨੂੰ ਸਮਝਦਾਰੀ ਵੱਲ ਲਾਵੇਂ। 3ਅਸਲ ਵਿੱਚ, ਜੇਕਰ ਤੂੰ ਅੰਤਰਦ੍ਰਿਸ਼ਟੀ ਲਈ ਪੁਕਾਰੇਂ ਅਤੇ ਸਮਝਦਾਰੀ ਲਈ ਪੁਕਾਰੇਂ। 4ਅਤੇ ਜੇਕਰ ਤੂੰ ਬੁੱਧ ਨੂੰ ਇੰਝ ਲੱਭੇਂ ਜਿਵੇਂ ਕੋਈ ਚਾਂਦੀ ਨੂੰ ਲੱਭਦਾ ਹੈ, ਜੇਕਰ ਤੂੰ ਇਸ ਦੀ ਇੰਝ ਭਾਲ ਕਰ ਜਿਵੇਂ ਲੋਕੀਂ ਲੁਕੇ ਹੋਏ ਖਜ਼ਾਨੇ ਨੂੰ ਭਾਲਦੇ ਹਨ 5ਫ਼ੇਰ ਤੂੰ ਸਮਝੇਂਗਾ ਕਿ ਯਹੋਵਾਹ ਤੋਂ ਡਰਨ ਦਾ ਭਾਵ ਕੀ ਹੈ, ਅਤੇ ਪਰਮੇਸ਼ੁਰ ਨੂੰ ਜਾਣ ਜਾਵੇਂਗਾ।

6ਕਿਉਂ ਜੋ ਬੁੱਧ ਯਹੋਵਾਹ ਹੀ ਦਿੰਦਾ ਹੈ, ਅਤੇ ਗਿਆਨ ਅਤੇ ਸਮਝਦਾਰੀ ਉਸ ਦੇ ਮੂੰਹ ਚੋਂ ਆਉਂਦੀ ਹੈ। 7ਉਹ ਇਮਾਨਦਾਰ ਲੋਕਾਂ ਲਈ ਸਫ਼ਲਤਾ ਸੰਭਾਲਦਾ ਹੈ, ਅਤੇ ਉਨ੍ਹਾਂ ਲਈ ਢਾਲ ਹੈ ਜੋ ਨਿਰਦੋਸ਼ ਹੋ ਕੇ ਜੀਉਂਦੇ ਹਨ। 8ਉਹ ਉਨ੍ਹਾਂ ਲੋਕਾਂ ਦੀ ਰੱਖਿਆ ਕਰਦਾ ਹੈ ਜੋ ਹੋਰਨਾਂ ਲੋਕਾਂ ਦਾ ਭਲਾ ਕਰਦੇ ਹਨ। ਉਹ ਆਪਣੇ ਪਵਿੱਤਰ ਲੋਕਾਂ ਦੀ ਰਾਖੀ ਕਰਦਾ ਹੈ।

9ਜੇਕਰ ਤੂੰ ਬੁੱਧ ਨੂੰ ਭਾਲੇਂਗਾ, ਤਦ ਤੂੰ ਧਰਮ, ਨਿਆਂ ਅਤੇ ਇਮਾਨਦਾਰੀ ਨੂੰ ਸਮਝੇਂਗਾ—ਦੂਸਰੇ ਸ਼ਬਦਾਂ ਵਿੱਚ ਤੂੰ ਸਭ ਚੰਗੀਆਂ ਗੱਲਾਂ ਸਮਝੇਂਗਾ। 10ਕਿਉਂਕਿ ਤੇਰੇ ਦਿਲ ਵਿੱਚ ਬੁੱਧ ਆ ਵੱਸੇਗੀ, ਅਤੇ ਗਿਆਨ ਤੈਨੂੰ ਖੁਸ਼ ਕਰੇਗਾ।

11ਸਮਝਦਾਰੀ (ਸਹੀ ਜੀਵਨ ਢੰਗ ਚੁਣਨਾ) ਤੇਰੀ ਰੱਖਿਆ ਕਰੇਗੀ, ਤੇਰੀ ਸਮਝਦਾਰੀ ਤੇਰਾ ਬਚਾਉ ਕਰੇਗੀ। 12ਬੁੱਧ ਤੈਨੂੰ ਬੁਰੇ ਲੋਕਾਂ ਦੇ ਰਾਹ ਤੋਂ ਬਚਾਵੇਗੀ। ਉਨ੍ਹਾਂ ਲੋਕਾਂ ਤੋਂ ਜੋ ਵਿਦ੍ਰੋਹ ਬਾਰੇ ਬੋਲਦੇ ਹਨ। 13ਜਿਹੜੇ ਲੋਕ ਅੰਧਕਾਰ ਵਿੱਚਲੇ ਰਾਹਾਂ ਤੇ ਚੱਲਣ ਲਈ ਸਿੱਧੇ ਰਾਹਾਂ ਨੂੰ ਛੱਡ ਦਿੰਦੇ ਹਨ, 14ਜਿਹੜੇ ਲੋਕ ਗ਼ਲਤ ਕੰਮ ਕਰਕੇ ਖੁਸ਼ ਹੁੰਦੇ ਹਨ ਅਤੇ ਵਿਦ੍ਰੋਹ ਕਰਨ ਅਤੇ ਬਦੀ ਕਰਨ ਵਿੱਚ ਅਨੰਦ ਮਾਣਦੇ ਹਨ। 15ਉਨ੍ਹਾਂ ਦੇ ਰਾਹ ਵਿੰਗੇ-ਤੜਿੰਗੇ ਹਨ, ਅਤੇ ਉਹ ਆਪਣੇ ਰਾਹਾਂ ਵਿੱਚ ਅਸੰਗਤ ਹਨ।

16ਬੁੱਧ ਤੈਨੂੰ ਇੱਕ ਪਰਾਈ ਔਰਤ, ਇੱਕ ਅਜਨਬੀ ਤੋਂ ਬਚਾਵੇਗੀ ਜੋ ਇੰਨੀਆਂ ਮਿੱਠੀਆਂ ਗੱਲਾਂ ਕਰਦੀ ਹੈ। 17ਉਹ ਨੇ ਆਪਣੇ ਜਵਾਨੀ ਦੇ ਸਾਥੀ ਨੂੰ ਛੱਡ ਦਿੱਤਾ ਅਤੇ ਪਰਮੇਸ਼ੁਰ ਅੱਗੇ ਕੀਤੇ ਆਪਣੇ ਇਕਰਾਰਨਾਮੇ ਨੂੰ ਭੁੱਲ ਗਈ ਹੈ। 18ਅਤੇ ਹੁਣ, ਉਸ ਦੇ ਨਾਲ ਉਸ ਦੇ ਘਰ ਜਾਣਾ ਮੌਤ ਦਾ ਰਾਹ ਹੈ! ਅਤੇ ਉਸ ਦਾ ਰਾਹ ਤੈਨੂੰ ਮੁਰਦਿਆਂ ਦੀ ਦੁਨੀਆ ਵਿੱਚ ਲੈ ਜਾਂਦਾ ਹੈ! 19ਉਹ ਖੁਦ ਵੀ ਕਬਰ ਦੀ ਤਰ੍ਹਾਂ ਹੀ ਹੈ। ਜਿਹੜੇ ਲੋਕੀਂ ਉਸ ਦੇ ਘਰ ਜਾਂਦੇ ਹਨ, ਆਪਣੀ ਜਾਨ ਗਵਾ ਲੈਂਦੇ ਹਨ, ਅਤੇ ਕਦੇ ਵੀ ਮੁੜ ਕੇ ਨਹੀਂ ਆਉਂਦੇ।

20ਬੁੱਧ ਤੈਨੂੰ ਚੰਗੇ ਬੰਦਿਆਂ ਦੇ ਰਾਹ ਤੇ ਚਲਣ ਲਈ, ਅਤੇ ਧਰਮੀ ਦੇ ਰਾਹਾਂ ਤੇ ਰਹਿਣ ਲਈ ਤੇਰੀ ਮਦਦ ਕਰੇਗੀ। 21ਕਿਉਂਕਿ ਸਿਰਫ਼ ਇਮਾਨਦਾਰ ਲੋਕ ਹੀ ਧਰਤੀ ਉੱਤੇ ਰਹਿਣਗੇ ਅਤੇ ਨਿਰਦੋਸ਼ ਲੋਕ ਹੀ ਇਸ ਉੱਤੇ ਬਚਣਗੇ। 22ਪਰ ਦੁਸ਼ਟ ਲੋਕ ਧਰਤੀ ਤੋਂ ਹਟਾਏ ਜਾਣਗੇ, ਅਤੇ ਜਿਹੜੇ ਘਿਰਣਾ ਯੋਗ ਹਨ ਇਸ ਉੱਤੋਂ ਉਖਾੜੇ ਜਾਣਗੇ।

## ਧਰਮੀ ਜੀਵਨ ਤੇਰੀ ਜ਼ਿੰਦਗੀ ਵਿੱਚ ਵਾਧਾ ਕਰੇਗਾ

3 1ਮੇਰੇ ਪੁੱਤਰ, ਮੇਰੀ ਸਿੱਖਿਆ ਨੂੰ ਨਾ ਭੁੱਲੀਂ, ਪਰ ਮੇਰੇ ਹੁਕਮਾਂ ਨੂੰ ਆਪਣੇ ਦਿਲ ਅੰਦਰ ਰੱਖੀਂ। 2ਜਿਨ੍ਹਾਂ ਗੱਲਾਂ ਦੀ ਮੈਂ ਤੈਨੂੰ ਸਿੱਖਿਆ ਦਿੰਦਾ ਹਾਂ ਉਹ ਤੇਰੇ ਜੀਵਨ ਨੂੰ ਲੰਮਾ ਕਰਨਗੀਆਂ ਅਤੇ ਤੈਨੂੰ ਸ਼ਾਂਤੀ ਦੇਣਗੀਆਂ।

3ਪ੍ਰੇਮ ਅਤੇ ਸੱਚਾਈ ਤੈਨੂੰ ਕਦੇ ਨਾ ਛੱਡਣ। ਇਨ੍ਹਾਂ ਨੂੰ ਤੂੰ ਆਪਣੀ ਗਰਦਨ ਦੁਆਲੇ ਬੰਨ੍ਹ ਲੈ। ਅਤੇ ਉਨ੍ਹਾਂ ਨੂੰ ਆਪਣੇ ਦਿਲ ਉੱਤੇ ਲਿਖ ਲੈ। 4ਫ਼ੇਰ ਤੂੰ ਮਿਹਰ ਅਤੇ ਚੰਗੀ ਪਰਤਿਸ਼ਠਾ, ਪਰਮੇਸ਼ੁਰ ਅਤੇ ਲੋਕਾਂ ਦੋਨਾਂ ਦੇ ਸਾਹਮਣੇ ਕਮਾਵੇਂਗਾ।

5ਯਹੋਵਾਹ ਉੱਤੇ ਪੂਰੀ ਤਰ੍ਹਾਂ ਭਰੋਸਾ ਕਰ, ਆਪਣੀ ਹੀ ਸਮਝਦਾਰੀ ਉੱਤੇ ਨਿਰਭਰ ਨਾ ਰਹਿ। 6ਹਮੇਸ਼ਾ ਪਰਮੇਸ਼ੁਰ ਦੇ ਹੁਕਮ ਦਾ ਪਾਲਣ ਕਰ। ਜਿੱਥੇ ਵੀ ਤੂੰ ਜਾਵੇਂਗਾ ਉਹ ਤੇਰੇ ਰਾਹਾਂ ਨੂੰ ਸਿੱਧਿਆਂ ਕਰੇਗਾ। 7ਆਪਣੇ ਆਪ ਨੂੰ ਚਲਾਕ ਨਾ ਸਮਝ, ਪਰ ਯਹੋਵਾਹ ਪਾਸੋਂ ਡਰ ਅਤੇ ਬਦੀ ਤੋਂ ਦੂਰ ਰਹਿ। 8ਜੇ ਤੂੰ ਇਸ ਤਰ੍ਹਾਂ ਕਰੇਂਗਾ, ਤਾਂ ਇਹ ਤੇਰੇ ਸਰੀਰ ਲਈ ਦੁਆਈ ਵਰਗਾ ਹੋਵੇਗਾ, ਅਤੇ ਤੇਰੀਆਂ ਹੱਡੀਆਂ ਲਈ ਪੋਸ਼ਣ ਹੋਵੇਗਾ।

9ਆਪਣੀ ਦੌਲਤ ਅਤੇ ਆਪਣੀਆਂ ਫ਼ਸਲਾਂ ਦੇ ਪਹਿਲੇ ਫ਼ਲਾਂ ਨਾਲ ਯਹੋਵਾਹ ਦਾ ਆਦਰ ਕਰ। 10ਫ਼ੇਰ ਤੇਰੇ ਗੋਦਾਮ ਅੰਨ ਨਾਲ ਭਰ ਜਾਣਗੇ ਅਤੇ ਤੇਰੇ ਘੜੇ ਮੈਅ ਨਾਲ ਭਰ ਜਾਣਗੇ।

11ਮੇਰੇ ਪੁੱਤਰ, ਯਹੋਵਾਹ ਦੇ ਅਨੁਸ਼ਾਸਨ ਨੂੰ ਨਾਮੰਜ਼ੂਰ ਨਾ ਕਰ ਅਤੇ ਉਸ ਦੇ ਸੁਧਾਰ ਦਾ ਬੁਰਾ ਨਾ ਮਨਾ। 12ਕਿਉਂਕਿ ਯਹੋਵਾਹ ਉਸੇ ਨਾਲ ਨੂੰ ਸੁਧਾਰਦਾ ਹੈ ਜਿਸ ਨੂੰ ਉਹ ਪਿਆਰ ਕਰਦਾ ਹੈ ਜਿਵੇਂ ਇੱਕ ਪਿਤਾ ਇੱਕ ਪੁੱਤਰ ਨੂੰ ਸੁਧਾਰਦਾ ਜਿਸ ਵਿੱਚ ਉਹ ਪ੍ਰਸੰਨਤਾ ਮਹਿਸੂਸ ਕਰਦਾ।

13ਧੰਨ ਹੈ ਉਹ ਆਦਮੀ ਜਿਹੜਾ ਬੁੱਧ ਨੂੰ ਭਾਲਦਾ ਅਤੇ ਸਮਝਦਾਰੀ ਨੂੰ ਮਿਲਦਾ ਹੈ। 14ਬੁੱਧ ਚਾਂਦੀ ਨਾਲੋਂ ਵਧੇਰੇ ਫ਼ਾਇਦੇਮੰਦ ਹੈ ਅਤੇ ਸੋਨੇ ਨਾਲੋਂ ਵਧੇਰੇ ਆਮਦਨੀ ਲਿਆਉਂਦੀ ਹੈ। 15ਬੁੱਧ ਕੀਮਤੀ ਪੱਥਰਾਂ ਨਾਲੋਂ ਵਧੇਰੇ ਕੀਮਤੀ ਹੈ ਅਤੇ ਤੇਰੇ ਸਾਰੇ ਗਹਿਣਿਆਂ ਦਾ ਉਸ ਨਾਲ ਮੁਕਾਬਲਾ ਨਹੀਂ ਕੀਤਾ ਜਾ ਸਕਦਾ।

16ਬੁੱਧ ਨੇ ਸੱਜੇ ਹੱਥ ਵਿੱਚ ਲੰਮੀ ਉਮਰ, ਅਤੇ ਉਸ ਨੇ ਅਪਣੇ ਖੱਬੇ ਹੱਥ ਵਿੱਚ ਦੌਲਤ ਅਤੇ ਇੱਜ਼ਤ ਫ਼ੜੀ ਹੋਈ ਹੈ। 17ਉਸ ਦਾ ਰਾਹ ਬੜਾ ਪ੍ਰਸੰਸਾਮਈ ਹੈ ਅਤੇ ਉਸ ਦੇ ਸਾਰੇ ਰਾਹ ਸ਼ਾਂਤੀ ਵੱਲ ਅਗਵਾਈ ਕਰਦੇ ਹਨ। 18ਬੁੱਧ ਉਨ੍ਹਾਂ ਲੋਕਾਂ ਲਈ ਜੀਵਨ ਦੇ ਰੁੱਖ ਵਾਂਗ ਹੈ, ਜੋ ਉਸ ਨੂੰ ਕਬੂਲਦੇ ਹਨ। ਜਿਹੜੇ ਲੋਕ ਇਸ ਵਿੱਚ ਲਿਪਟੇ ਰਹਿੰਦੇ ਹਨ ਧੰਨ ਸਮਝੇ ਜਾਣਗੇ।

19ਯਹੋਵਾਹ ਨੇ ਬੁੱਧ ਨਾਲ ਧਰਤੀ ਦੀ ਨੀਂਹ ਰੱਖੀ ਅਤੇ ਸਮਝਦਾਰੀ ਦੁਆਰਾ ਅਕਾਸ਼ ਨੂੰ ਸਥਾਪਿਤ ਕੀਤਾ। 20ਉਸ ਦੇ ਗਿਆਨ ਦੁਆਰਾ ਧਰਤੀ ਦੇ ਥੱਲਿਓਂ ਝਰਨੇ ਫ਼ੁੱਟ ਪਏ ਅਤੇ ਬੱਦਲਾਂ ਚੋ ਤਰੇਲ ਚੋਈ।

21ਮੇਰੇ ਪੁੱਤਰ, ਦਨਾਈ ਅਤੇ ਸੋਝੀ ਨੂੰ ਸਾਂਭ ਕੇ ਰੱਖ ਉਨ੍ਹਾਂ ਨੂੰ ਆਪਣੀਆਂ ਅੱਖੋਂ ਉਹਲੇ ਨਾ ਹੋਣ ਦੇਹ 22ਉਹ ਤੈਨੂੰ ਜੀਵਨ ਅਤੇ ਤੇਰੀ ਗਰਦਨ ਨੂੰ ਸੁੰਦਰਤਾ ਦੇਵੇਗੀ। 23ਫ਼ੇਰ ਤੂੰ ਸੁਰੱਖਿਅਤ ਹੋ ਕੇ ਆਪਣੇ ਰਾਹਾਂ ਤੇ ਬਿਨਾ ਲੜਖੜ੍ਹਾਏ ਚੱਲੇਂਗਾ। 24ਜਦ ਤੂੰ ਲੰਮਾ ਪਵੇਂਗਾ ਤਾਂ ਤੈਨੂੰ ਡਰ ਨਹੀਂ ਲੱਗੇਗਾ ਅਤੇ ਤੈਨੂੰ ਬਹੁਤ ਹੀ ਵਧੀਆ ਅਤੇ ਚੈਨ ਭਰੀ ਨੀਂਦ ਆਵੇਗੀ। 25ਅਚਾਨਕ ਆਉਣ ਵਾਲੀ ਬਿਪਤਾ ਤੋਂ ਨਾ ਡਰੀਂ ਜਾਂ ਇਸ ਤੋਂ ਕਿ ਤੂੰ ਸੰਕਟ ਵਿੱਚ ਫ਼ਸ ਜਾਵੇਂਗਾ ਜੋ ਕਿ ਦੁਸ਼ਟਾਂ ਉੱਤੇ ਆਉਂਦਾ ਹੈ। 26ਕਿਉਂਕਿ ਯਹੋਵਾਹ ਤੇਰੇ ਨਾਲ ਹੈ ਅਤੇ ਉਹ ਤੇਰੇ ਪੈਰਾਂ ਦਾ ਫ਼ਸਾਏ ਜਾਣ ਤੋਂ ਬਚਾਓ ਕਰੇਗਾ।

27ਉਨ੍ਹਾਂ ਦੀ ਮਦਦ ਕਰਨ ਤੋਂ ਇਨਕਾਰੀ ਨਾ ਹੋਵੀਂ ਜੋ ਇਸ ਦੇ
ਹੱਕਦਾਰ ਹਨ, ਜਦੋਂ ਤੂੰ ਮਦਦ ਕਰ ਸਕਦੇ ਹੋਵੇਂ। 28ਜੇ ਤੇਰਾ ਗੁਆਂਢੀ
ਤੇਰੇ ਪਾਸੋਂ ਕੁਝ ਮੰਗਦਾ ਹੈ ਅਤੇ ਤੇਰੇ ਕੋਲ ਹੋਵੇ ਉਹ ਉਸ ਨੂੰ ਦੇ ਦੇਵੀਂ!
ਉਸ ਨੂੰ ਇਹ ਨਾ ਆਖੀਂ, “ਕੱਲ੍ਹ ਨੂੰ ਆਵੀਂ”।

29ਆਪਣੇ ਗੁਆਂਢੀ ਦੇ ਖਿਲਾਫ਼, ਉਸ ਨੂੰ ਕਿਵੇਂ ਵੀ ਨੁਕਸਾਨ
ਪਹੁੰਚਾਉਣ ਲਈ ਗੁਪਤ ਯੋਜਨਾਵਾਂ ਨਾ ਬਣਾ ਕਿਉਂਕਿ ਉਹ ਤੇਰੇ ਤੇ
ਭਰੋਸਾ ਕਰਦਾ ਹੈ।

30ਬਿਨਾ ਕਿਸੇ ਕਾਰਣ ਦੂਸਰੇ ਆਦਮੀ ਨਾਲ ਦਲੀਲਬਾਜ਼ੀ ਨਾ
ਕਰ, ਜਦ ਕਿ ਉਸ ਨੇ ਤੇਰੇ ਨਾਲ ਕੁਝ ਬੁਰਾ ਨਹੀਂ ਕੀਤਾ।

31ਹਿੰਸਕ ਆਦਮੀ ਨਾਲ ਈਰਖਾ ਨਾ ਕਰ, ਉਸ ਦੇ ਕਿਸੇ ਵੀ
ਤਰੀਕੇ ਦੀ ਨਕਲ ਨਾ ਕਰ। 32ਕਿਉਂਕਿ ਯਹੋਵਾਹ ਕਪਟੀ ਲੋਕਾਂ
ਨੂੰ ਨਫ਼ਰਤ ਕਰਦਾ ਹੈ, ਪਰ ਆਪਣੀ ਦੋਸਤੀ ਉਹਨਾਂ ਲੋਕਾਂ ਵੱਲ
ਵਧਾਉਂਦਾ ਹੈ ਜੋ ਇਮਾਨਦਾਰ ਹਨ।

33ਯਹੋਵਾਹ ਦੁਸ਼ਟ ਲੋਕਾਂ ਨੂੰ ਸਰਾਪਦਾ, ਪਰ ਧਰਮੀ ਦੇ ਘਰ ਨੂੰ
ਅਸੀਸ ਦਿੰਦਾ ਹੈ।

34ਯਹੋਵਾਹ ਉਨ੍ਹਾਂ ਦਾ ਮਜ਼ਾਕ ਉਡਾਉਂਦਾ ਹੈ ਜੋ ਹੋਰਨਾਂ ਦਾ ਮਜ਼ਾਕ
ਉਡਾਉਂਦੇ ਹਨ, ਪਰ ਹਲੀਮ ਲੋਕਾਂ ਉੱਪਰ ਮਿਹਰਬਾਨੀ ਪਰਗਟ
ਕਰਦਾ ਹੈ।

35ਸਿਆਣੇ ਲੋਕਾਂ ਨੂੰ ਇੱਜ਼ਤ ਮਿਲੇਗੀ, ਪਰ ਪਰਮੇਸ਼ੁਰ ਮੂਰਖਾਂ
ਦੀ ਬੇਇੱਜ਼ਤੀ ਕਰੇਗਾ।

## ਬੁੱਧ ਦਾ ਮਹੱਤਵ

**4** 1ਹੇ ਮੇਰੇ ਪੁੱਤਰੋ, ਆਪਣੇ ਪਿਤਾ ਦੀਆਂ ਹਿਦਾਇਤਾਂ ਨੂੰ ਸੁਣੋ
ਅਤੇ ਸਮਝਦਾਰੀ ਕਮਾਉਣ ਲਈ ਧਿਆਨ ਦੇਵੋ! 2ਮੈਂ ਤੁਹਾਨੂੰ
ਇੱਕ ਚੰਗਾ ਸਬਕ ਦਿੰਦਾ ਹਾਂ। ਮੇਰੀਆਂ ਸਿੱਖਿਆਵਾਂ ਨੂੰ ਨਾ ਵਿਸਾਰੋ।

3ਕਿਉਂ ਜੋ ਮੈਂ ਵੀ ਆਪਣੇ ਪਿਤਾ ਦਾ ਪੁੱਤਰ ਸਾਂ, ਆਪਣੀ ਮਾਂ ਦਾ
ਇੱਕੋ ਇੱਕ ਪੁੱਤਰ, 4ਅਤੇ ਉਸ ਨੇ ਮੈਨੂੰ ਸਿਖਾਇਆ ਅਤੇ ਆਖਿਆ,
“ਹਮੇਸ਼ਾ ਮੇਰੀ ਸਲਾਹ ਨੂੰ ਆਪਣੇ ਦਿਲ ਵਿੱਚ ਰੱਖ ਅਤੇ ਜੇਕਰ ਤੂੰ
ਮੇਰੇ ਹੁਕਮਾਂ ਦਾ ਪਾਲਣ ਕਰੇਂਗਾ ਤਾਂ ਤੂੰ ਜੀਵੇਂਗਾ! 5ਬੁੱਧ ਨੂੰ ਹਾਸਲ
ਕਰ! ਗਿਆਨ ਨੂੰ ਵੀ ਹਾਸਲ ਕਰ! ਮੇਰੇ ਸ਼ਬਦਾਂ ਨੂੰ ਨਾ ਭੁੱਲਣਾ।
ਅਤੇ ਉਨ੍ਹਾਂ ਤੋਂ ਬਦਲ ਨਾ ਜਾਣਾ। 6ਬੁੱਧ ਤੋਂ ਬੇਮੁਖ ਨਾ ਹੋਣਾ ਤਦ
ਉਹ ਤੇਰੀ ਰੱਖਿਆ ਕਰੇਗੀ। ਉਸ ਨੂੰ ਪਿਆਰ ਕਰ, ਅਤੇ ਉਹ ਤੈਨੂੰ
ਸੁਰੱਖਿਅਤ ਰੱਖੇਗੀ।

7“ਬੁੱਧਵਾਨ ਬਣਨ ਲਈ ਪਹਿਲਾ ਕਦਮ ਬੁੱਧ ਦੀ ਭਾਲ ਕਰਨਾ
ਹੈ। ਸਮਝਦਾਰੀ ਨੂੰ ਹਾਸਲ ਕਰਨ ਲਈ ਆਪਣੀ ਹਰੇਕ ਚੀਜ਼ ਦਾ
ਇਸਤੇਮਾਲ ਕਰ। 8ਅਕਲਮੰਦੀ ਨੂੰ ਕੁਝ ਮਹੱਤਵ ਦੇ, ਉਹ ਤੈਨੂੰ
ਮਹਾਨ ਉਚਾਈਆਂ ਤੇ ਲੈ ਜਾਵੇਗੀ। ਇਸ ਨੂੰ ਗਲ ਲਾ, ਉਹ ਤੇਰਾ
ਆਦਰ ਕਰੇਗੀ। 9ਉਹ ਤੇਰੇ ਸਿਰ ਤੇ ਖੂਬਸੂਰਤ ਫੁੱਲਾਂ ਦਾ ਹਾਰ
ਪਾਵੇਗੀ ਅਤੇ ਤੈਨੂੰ ਮਹਿਮਾ ਦਾ ਇੱਕ ਤਾਜ ਦੇਵੇਗੀ।”

10ਹੇ ਮੇਰੇ ਪੁੱਤਰ, ਮੇਰੀ ਗੱਲ ਧਿਆਨ ਨਾਲ ਸੁਣ। ਉਹੀ ਗੱਲਾਂ
ਕਰ ਜੋ ਮੈਂ ਆਖਦਾ ਹਾਂ ਤਾਂ ਤੂੰ ਲੰਮੀ ਉਮਰ ਭੋਗੇਂਗਾ। 11ਮੈਂ ਤੈਨੂੰ
ਬੁੱਧ ਦਾ ਰਾਹ ਵਿਖਾਵਾਂਗਾ, ਅਤੇ ਸਿੱਧੇ ਰਾਹਾਂ ਤੇ ਤੇਰੀ ਅਗਵਾਈ
ਕਰਾਂਗਾ। 12ਜਿਵੇਂ ਤੂੰ ਇਸ ਰਾਹ ਤੇ ਤੁਰੇਂਗਾ, ਤੇਰੇ ਪੈਰ ਕਦੇ ਵੀ ਕਿਸੇ
ਰੁਕਾਵਟ ਵਿੱਚ ਨਹੀਂ ਫ਼ਸਣਗੇ। ਤੂੰ ਦੌੜ ਸਕੇਂਗਾ ਅਤੇ ਡਿੱਗੇਂਗਾ
ਨਹੀਂ। ਜੋ ਗੱਲਾਂ ਵੀ ਤੂੰ ਕਰਨ ਦੀ ਕੋਸ਼ਿਸ਼ ਕਰੇਂਗਾ ਤੂੰ ਸੁਰੱਖਿਅਤ
ਰਹੇਂਗਾ। 13ਅਨੁਸ਼ਾਸ਼ਨ ਉੱਤੇ ਟਿਕਿਆ ਰਹਿ ਇਸ ਨੂੰ ਨਾ ਛੱਡੀਂ ਇਸ
ਦੀ ਰੱਖਿਆ ਕਰ-ਇਹ ਤੇਰਾ ਜੀਵਨ ਹੈ।

14ਦੁਸ਼ਟ ਲੋਕਾਂ ਦੇ ਰਾਹ ਤੇ ਨਾ ਚੱਲ, ਬਦ ਲੋਕਾਂ ਦੇ ਰਾਹ ਉੱਤੇ
ਨਾ ਤੁਰ। 15ਇਸ ਤੋਂ ਦੂਰ ਹੀ ਰਹਿ ਇਸ ਤੇ ਸਫ਼ਰ ਨਾ ਕਰ ਮੁੜ
ਵਾਪਸ ਚੱਲੇ ਜਾ। ਆਪਣੇ ਰਾਹ ਤੇ ਚੱਲੇ ਜਾ। 16ਕਿਉਂਕਿ ਅਜਿਹੇ
ਬੁਰੇ ਲੋਕ ਜੁਰਮ ਕੀਤੇ ਬਿਨਾ, ਸੌਂ ਨਹੀਂ ਸਕਦੇ। ਉਹ ਲੋਕ ਉਦੋਂ ਤੱਕ
ਸੌਂ ਨਹੀਂ ਸਕਦੇ ਜਦੋਂ ਤੱਕ ਕਿ ਕਿਸੇ ਹੋਰ ਬੰਦੇ ਨੂੰ ਦੁਖੀ ਨਹੀਂ ਕਰ
ਲੈਣ। 17ਉਹ ਲੋਕ ਬੁਰਾ ਕੰਮ ਕਰਨ ਅਤੇ ਹੋਰਨਾਂ ਨੂੰ ਦੁੱਖ ਦੇਣ ਤੋਂ
ਬਿਨਾਂ ਜਿਉਂ ਨਹੀਂ ਸਕਦੇ।

18ਪਰ ਧਰਮੀ ਲੋਕਾਂ ਦਾ ਰਾਹ ਪ੍ਰਭਾਤ ਦੀ ਰੋਸ਼ਨੀ ਵਰਗਾ ਹੈ
ਜਿਹੜੀ ਪੂਰਾ ਦਿਨ ਚੜ੍ਹਨ ਤੀਕ ਉਜਵਲ ਹੁੰਦੀ ਜਾਂਦੀ ਹੈ। 19ਪਰ
ਦੁਸ਼ਟ ਲੋਕਾਂ ਦਾ ਰਾਹ ਕਾਲੇ ਹਨੇਰੇ ਵਰਗਾ ਹੈ, ਉਹ ਨਹੀਂ ਜਾਣਦੇ
ਉਹ ਕਾਹਦੇ ਨਾਲ ਡਿੱਗ ਪਏ।

20ਮੇਰੇ ਪੁੱਤਰ, ਜੋ ਗੱਲਾਂ ਮੈਂ ਆਖਦਾ ਹਾਂ ਉਨ੍ਹਾਂ ਵੱਲ ਧਿਆਨ
ਦੇ। ਮੇਰੇ ਸ਼ਬਦਾਂ ਨੂੰ ਗੌਰ ਨਾਲ ਸੁਣ। 21ਇਨ੍ਹਾਂ ਨੂੰ ਆਪਣੀ ਦ੍ਰਿਸ਼ਟੀ
ਤੋਂ ਪਰ੍ਹਾਂ ਨਾ ਹੋਣ ਦੇ, ਇਨ੍ਹਾਂ ਨੂੰ ਧਿਆਨ ਨਾਲ ਆਪਣੇ ਦਿਲ ਵਿੱਚ
ਰੱਖ। 22ਉਨ੍ਹਾਂ ਲੋਕਾਂ ਲਈ ਜਿਨ੍ਹਾਂ ਨੇ ਉਨ੍ਹਾਂ ਨੂੰ ਭਾਲ ਲਿਆ ਕਿ ਉਹ
ਜੀਵਨ ਹਨ। ਇਹ ਪੂਰੇ ਸਰੀਰ ਨੂੰ ਤੰਦਰੁਸਤ ਰੱਖਦੇ ਹਨ। 23ਸਭ
ਤੋਂ ਮਹੱਤਵਪੂਰਣ ਗੱਲ ਇਹ ਹੈ ਕਿ ਤੈਨੂੰ ਆਪਣੀਆਂ ਸੋਚਾਂ ਬਾਰੇ
ਸਾਵਧਾਨ ਰਹਿਣਾ ਚਾਹੀਦਾ ਹੈ, ਕਿਉਂਕਿ ਇਹ ਨਿਸ਼ਚਾ ਕਰਦੀਆਂ
ਹਨ ਕਿ ਤੇਰੇ ਜੀਵਨ ਵਿੱਚ ਕੀ ਵਾਪਰੇਗਾ।

24ਬੇਈਮਾਨ ਗੱਲਾਂ ਨੂੰ ਆਪਣੇ-ਆਪ ਤੋਂ ਦੂਰ ਰੱਖ, ਗੁੰਝਲਦਾਰ
ਸ਼ਬਦਾਂ ਨੂੰ ਕਿਤੇ ਵੀ ਆਪਣੇ ਨੇੜੇ ਨਾ ਹੋਣ ਦੇ। 25ਸਿਰਫ਼ ਸਿੱਧੇ
ਅਗਾਂਹ ਵੇਖੋਹ, ਆਪਣੀਆਂ ਅੱਖਾਂ ਸਿੱਧੀਆਂ ਆਪਣੇ ਸਾਹਮਣੇ
ਨਿਰਧਾਰਿਤ ਕਰ। 26ਆਪਣੇ ਪੈਰਾਂ ਲਈ ਰਾਹ ਦਾ ਸਰਵੇਖਣ
ਕਰ ਅਤੇ ਤੇਰੇ ਸਾਰੇ ਰਾਹ ਦ੍ਰਿੜ ਹੋਣ। 27ਸੱਜੇ ਜਾਂ ਖੱਬੇ ਨਾ ਮੁੜੇ।
ਆਪਣੇ-ਆਪ ਨੂੰ ਬਦੀ ਤੋਂ ਦੂਰ ਰੱਖ।

## ਵਿਭਚਾਰ ਤੋਂ ਬਚਣ ਦੀ ਬੁੱਧ

**5** 1ਹੇ ਮੇਰੇ ਪੁੱਤਰ, ਮੇਰੀ ਬੁੱਧ ਵੱਲ ਧਿਆਨ ਦੇ। ਮੇਰੇ ਸਮਝਦਾਰੀ
ਦੇ ਸ਼ਬਦਾਂ ਤੂੰ ਧਿਆਨ ਨਾਲ ਸੁਣ। 2ਤਾਂ ਜੋ ਤੂੰ ਵਿਵੇਕ ਨੂੰ
ਕਾਇਮ ਰੱਖ ਸਕੇਂ ਅਤੇ ਤਾਂ ਜੋ ਤੁਸੀ ਸਮਝਦਾਰੀ ਨਾਲ ਬੋਲ ਸਕੇਂ।
3ਇੱਕ ਪਰਾਈ ਔਰਤ ਆਪਣੇ ਬੁੱਲ੍ਹਾਂ ਵਿੱਚੋਂ ਚੋਂਦੇ ਸ਼ਹਿਦ ਵਾਂਗ ਬਹੁਤ
ਮਿੱਠਾ ਬੋਲਦੀ ਹੈ, ਉਸ ਦਾ ਮੂੰਹ ਤੇਲ ਨਾਲੋਂ ਵੀ ਚਿਕਣਾ ਹੈ। 4ਪਰ
ਅਖੀਰ ਵਿੱਚ, ਉਹ ਕੁੜੱਤਨ ਅਤੇ ਦੁੱਖ ਹੀ ਪ੍ਰਦਾਨ ਕਰੇਗੀ। ਇਹ
ਕੌੜੀ ਜ਼ਹਿਰ ਅਤੇ ਤਿੱਖੀ ਤਲਵਾਰ ਵਰਗੀ ਗੱਲ ਹੋਵੇਗੀ! 5ਉਸ ਦੇ
ਪੈਰ ਮੌਤ ਵੱਲ ਜਾ ਰਹੇ ਹਨ। ਉਸ ਦੇ ਕਦਮ ਕਬਰ ਵੱਲ ਅਗਵਾਈ
ਕਰਦੇ ਹਨ। 6ਉਸ ਦੇ ਪਿੱਛੇ ਨਾ ਲੱਗ! ਉਸ ਨੇ ਸਹੀ ਰਾਹ ਛੱਡ ਦਿੱਤਾ
ਹੈ ਅਤੇ ਇਸ ਬਾਰੇ ਜਾਣਦੀ ਵੀ ਨਹੀਂ! ਸਾਵਧਾਨ ਰਹਿ! ਉਸ ਰਾਹ
ਨੂੰ ਫ਼ੜ ਜਿਹੜਾ ਜੀਵਨ ਵੱਲ ਲੈ ਜਾਂਦਾ ਹੈ।

7ਅਤੇ ਹੁਣ ਪੁੱਤਰ, ਮੇਰੀ ਗੱਲ ਸੁਣ। ਜਿਹੜੇ ਸ਼ਬਦ ਮੈਂ ਬੋਲਦਾ ਹਾਂ
ਉਨ੍ਹਾਂ ਨੂੰ ਭੁੱਲਣਾ ਨਹੀਂ। 8ਉਸ ਰਾਹ ਤੋਂ ਦੂਰ ਰਹਿ ਜਿਸ ਤੋਂ ਦੀ ਉਹ
ਜਾਂਦੀ ਹੈ, ਉਸ ਦੇ ਘਰ ਦੇ ਦਰਵਾਜ਼ੇ ਦੇ ਨੇੜੇ ਵੀ ਨਾ ਆ। 9ਨਹੀਂ
ਤਾਂ ਤੂੰ ਆਪਣਾ ਆਦਰ ਕਿਸੇ ਹੋਰ ਨੂੰ ਅਤੇ ਆਪਣੀ ਜ਼ਿੰਦਗੀ ਕਿਸੇ
ਜ਼ੁਲਮੀ ਨੂੰ ਦੇ ਦੇਵੇਂਗਾ। 10ਅਤੇ ਅਜਨਬੀ ਤੇਰੀ ਦੌਲਤ ਖਰਚਣਗੇ
ਅਤੇ ਤੇਰੀ ਸਖਤ ਮਿਹਨਤ ਦਾ ਫ਼ਲ ਕਿਸੇ ਅਜਨਬੀ ਦੇ ਟੱਬਰ
ਦੁਆਰਾ ਮਾਣਿਆ ਜਾਵੇਗਾ। 11ਜਿਵੇਂ ਹੀ ਤੇਰੇ ਜੀਵਨ ਦਾ ਅੰਤ
ਆਵੇਗਾ ਤਾਂ ਤੂੰ ਰੋਵੇਂਗਾ, ਜਦੋਂ ਤੇਰਾ ਸਰੀਰ ਤਬਾਹ ਹੋ ਜਾਵੇਗਾ।
12ਫ਼ੇਰ ਤੂੰ ਆਖੇਂਗਾ, “ਜਿਵੇਂ ਮੈਂ ਅਨੁਸ਼ਾਸਿਤ ਹੋਣ ਨੂੰ ਨਫ਼ਰਤ ਕੀਤੀ:

ਜਿਵੇਂ ਮੈਂ ਝਿੜਕੇ ਜਾਣ ਨੂੰ ਤਿਰਸਕਾਰਿਆ 13ਮੈਂ ਆਪਣੇ ਮਾਂ-ਬਾਪ ਦੀ ਅਵਾਜ਼ ਨਹੀਂ ਸੁਣੀ ਅਤੇ ਮੇਰੇ ਉਸਤਾਦਾਂ ਵੱਲ ਧਿਆਨ ਨਹੀਂ ਦਿੱਤਾ। 14ਹੁਣ ਮੈਂ ਲਗਭਗ ਪੂਰੀ ਤਰ੍ਹਾਂ, ਸਾਰੀ ਦੁਨੀਆ ਦੇ ਸਾਹਮਣੇ ਤਬਾਹ ਹੋ ਚੁੱਕਿਆ ਹਾਂ।”

15ਆਪਣੇ ਹੀ ਕੁੰਡ ਦਾ ਪਾਣੀ ਪੀ। ਅਤੇ ਆਪਣੇ ਪਾਣੀ ਨੂੰ ਗਲੀਆਂ ਵਿੱਚ ਨਾ ਵਗਣ ਦੇ। 16ਤੈਨੂੰ ਸਿਰਫ਼ ਆਪਣੀ ਹੀ ਪਤਨੀ ਨਾਲ ਜਿਨਸੀ ਸੰਬੰਧ ਰੱਖਣੇ ਚਾਹੀਦੇ ਹਨ। ਆਪਣੇ ਘਰ ਤੋਂ ਬਾਹਰ ਦੇ ਬੱਚਿਆਂ ਦਾ ਪਿਓ ਨਾ ਬਣ। 17ਤੇਰੇ ਬੱਚੇ ਸਿਰਫ਼ ਤੇਰੇ ਹੀ ਹੋਣੇ ਚਾਹੀਦੇ ਹਨ। ਤੈਨੂੰ ਆਪਣੇ ਘਰ ਤੋਂ ਬਾਹਰਲੇ ਲੋਕਾਂ ਨਾਲ ਉਨ੍ਹਾਂ ਨੂੰ ਸਾਂਝਾ ਨਹੀਂ ਕਰਨਾ ਚਾਹੀਦਾ। 18ਤੇਰੀ ਪਤਨੀ ਸੁੰਦਰ ਹਿਰਨੀ ਹੋਵੇ ਆਪਣੀ ਪਤਨੀ ਨਾਲ ਅਨੰਦ ਮਾਣ ਜਿਸ ਨਾਲ ਤੂੰ ਜਦੋਂ ਜਵਾਨ ਸੀ ਵਿਆਹ ਕੀਤਾ ਸੀ। 19ਉਹ ਖੂਬਸੂਰਤ ਹਿਰਨੀ ਤੇ ਇੱਕ ਪਿਆਰੀ ਹਰਨੋਟੀ ਹੋਵੇ। ਉਸ ਦੀਆਂ ਛਾਤੀਆਂ ਤੋਂ ਤੈਨੂੰ ਸੰਤੁਸ਼ਟੀ ਮਿਲੇ ਅਤੇ ਉਸ ਦਾ ਪਿਆਰ ਤੈਨੂੰ ਹਮੇਸ਼ਾ ਮਦਮਸਤ ਕਰੇ! 20ਮੇਰੇ ਪੁੱਤਰ, ਤੂੰ ਕਿਸੇ ਪਰਾਈ ਔਰਤ ਨਾਲ ਭੁੱਲ ਵਿੱਚ ਕਿਉਂ ਪਵੇਂ? ਤੂੰ ਕਿਸੇ ਪਰਾਈ ਔਰਤ ਨੂੰ ਗਲ ਕਿਉਂ ਲਾਵੇਂ?

21ਕਿਉਂ ਜੋ ਮਨੁੱਖ ਦੇ ਰਾਹ ਯਹੋਵਾਹ ਵੇਖਦਾ ਅਤੇ ਮਨੁੱਖ ਦੇ ਸਾਰੇ ਅਮਲਾਂ ਨੂੰ ਤੋਲਦਾ ਹੈ। 22ਬੁਰੇ ਬੰਦੇ ਦੀਆਂ ਕਰਨੀਆਂ ਉਸ ਨੂੰ ਫ਼ਸਾ ਲੈਂਦੀਆਂ ਹਨ, ਉਹ ਆਪਣੇ ਪਾਪਾਂ ਨਾਲ ਬੰਨ੍ਹਿਆ ਜਾਂਦਾ ਹੈ ਜਿਵੇਂ ਇੱਕ ਰੱਸੀ ਨਾਲ ਬੰਨ੍ਹਿਆ ਗਿਆ ਹੋਵੇ। 23ਬਦ ਆਦਮੀ ਆਪਣੀ ਅਨੁਸ਼ਾਸਨਹੀਣਤਾ ਕਾਰਨ ਮਰ ਜਾਂਦਾ ਹੈ, ਉਸ ਦੀ ਬੇਵਕੂਫ਼ੀ ਉਸ ਨੂੰ ਗੁਮਰਾਹ ਕਰ ਦਿੰਦੀ ਹੈ।

### ਕਰਜ਼ੇ ਦੇ ਖੱਤਰੇ

**6** 1ਹੇ ਮੇਰੇ ਪੁੱਤਰ, ਕਿਸੇ ਹੋਰ ਬੰਦੇ ਦੇ ਕਰਜ਼ ਦੀ ਜ਼ਿੰਮੇਵਾਰੀ ਨਾ ਚੁੱਕ। ਕੀ ਤੂੰ ਉਸ ਬੰਦੇ ਦਾ ਕਰਜ਼ਾ ਮੋੜਨ ਦਾ ਇਕਰਾਰ ਕੀਤਾ ਹੈ, ਜੇਕਰ ਤੂੰ ਕਿਸੇ ਹੋਰ ਦੇ ਕਰਜ਼ ਦੇ ਜ਼ਿੰਮੇਵਾਰ ਹੋਣ ਲਈ ਇਹ ਵਾਇਦਾ ਕਰਦਿਆਂ ਹੋਇਆਂ ਹੱਥ ਹਿਲਾਵੇਂ। 2ਜੇਕਰ ਤੂੰ ਆਪਣੇ ਹੀ ਸ਼ਬਦਾਂ ਨਾਲ ਫ਼ਸ ਗਿਆ, ਜੇਕਰ ਤੂੰ ਖੁਦ ਦੇ ਸ਼ਬਦਾਂ ਵਿੱਚ ਹੀ ਅਟਕ ਗਿਆ। 3ਤਾਂ ਮੇਰੇ ਪੁੱਤਰ, ਕਿਉਂਕਿ ਤੂੰ ਕਿਸੇ ਹੋਰ ਦੇ ਹੱਥਾਂ ਵਿੱਚ ਅੜ ਗਿਆ ਹੈਂ: ਆਪਣੇ-ਆਪ ਨੂੰ ਮੁਕਤ ਕਰਾਉਣ ਲਈ ਇਹ ਕੁਝ ਕਰ: ਜਾ ਆਪਣੇ-ਆਪ ਨੂੰ ਹਲੀਮ ਬਣਾ ਅਤੇ ਉਸ ਆਦਮੀ ਅੱਗੇ ਅਰਜੋਈ ਕਰ। 4ਆਪਣੀਆਂ ਅੱਖਾਂ ਲੱਗਣ ਦੇ, ਆਪਣੇ ਝਿਮਣੀਆਂ ਨੂੰ ਮਿਚਣ ਨਾ ਦੇ। 5ਆਪਣੇ-ਆਪ ਨੂੰ ਮੁਕਤ ਕਰ ਜਿਵੇਂ ਇੱਕ ਹਿਰਨ ਸ਼ਿਕਾਰੀ ਤੋਂ, ਜਿਵੇਂ ਇੱਕ ਪੰਛੀ ਫ਼ਸਾਉਣ ਵਾਲੇ ਤੋਂ ਅਪਣੇ ਨੂੰ ਮੁਕਤ ਕਰਾਉਂਦਾ ਹੈ।

### ਸੁਸਤ ਹੋਣ ਦੇ ਖਤਰੇ

6ਤੂੰ, ਸੁਸਤ ਬੰਦੇ, ਕੀੜੀ ਵੱਲ ਤੱਕ, ਵੇਖ ਇਹ ਕਿੰਝ ਵਰਤਾਰਾ ਕਰਦੀ ਹੈ, ਅਤੇ ਸਿਆਣੀ ਬਣਦੀ ਹੈ। 7ਕੀੜੀ ਦਾ ਕੋਈ ਹਾਕਮ ਨਹੀਂ, ਕੋਈ ਮਾਲਕ ਨਹੀਂ ਜਾਂ ਕੋਈ ਆਗੂ ਨਹੀਂ ਹੁੰਦਾ। 8ਤਾਂ ਵੀ, ਇਹ ਗਰਮੀਆਂ ਵਿੱਚ, ਆਪਣਾ ਭੋਜਨ ਇਕੱਠਾ ਕਰਦੀ ਹੈ ਅਤੇ ਵਾਢੀ ਵੇਲੇ ਆਪਣੀ ਸਮਗਰੀ ਨੂੰ ਇਕੱਠੀ ਕਰਦੀ ਹੈ।

9ਸੁਸਤ ਬੰਦਿਆ, ਕਿੰਨਾ ਕੁ ਚਿਰ ਤੂੰ ਇੱਥੇ ਲੰਮਾ ਪਿਆ ਰਹੇਂਗਾ? ਕਦੋਂ ਤੂੰ ਆਪਣੀ ਨੀਂਦ ਤੋਂ ਜਾਗੇਂਗਾ? 10ਥੋੜੀ ਜਿਹੀ ਨੀਂਦ, ਥੋੜੀ ਜਿਹੀ ਝਪਕੀ, ਆਪਣੇ ਹੱਥਾਂ ਨੂੰ ਥੋੜਾ ਜਿਹਾ ਆਰਾਮ, 11ਅਤੇ ਇਸ ਨੂੰ ਜਾਣਨ ਤੋਂ ਪਹਿਲਾਂ, ਤੂੰ ਗਰੀਬ ਹੋ ਜਾਵੇਂਗਾ, ਜਿਵੇਂ ਇੱਕ ਡਕੈਤ ਨੇ ਤੇਰਾ ਸਭ ਕੁਝ ਚੁਰਾ ਲਿਆ ਹੋਵੇ।

### ਬੁਰਾ ਆਦਮੀ

12ਇੱਕ ਸਮਾਜ ਧ੍ਰੋਹੀ, ਇੱਕ ਦੁਸ਼ਟ ਆਦਮੀ ਜਿਸ ਦੀ ਗੱਲ-ਬਾਤ ਅਵੱਲੀ ਹੋਵੇ। 13ਜੋ ਆਪਣੀਆਂ ਅੱਖਾਂ ਝਮੱਕ ਕੇ, ਆਪਣੇ ਪੈਰ ਘਸਰ ਕੇ ਅਤੇ ਆਪਣੀਆਂ ਉਂਗਲਾ ਨਾਲ ਸੰਕੇਤ ਕਰਕੇ ਗੁਪਤ ਇਸ਼ਾਰੇ ਕਰੇ। 14ਜੋ ਹਮੇਸ਼ਾ ਆਪਣੇ ਮਨ ਵਿੱਚ ਕੁਝ ਬਦ ਵਿਉਂਤਦਾ ਰਹੇ ਅਤੇ ਅਜਿਹਾ ਵਿਅਕਤੀ ਜੋ ਹਮੇਸ਼ਾ ਦਲੀਲਬਾਜ਼ੀ ਲਿਆਵੇ। 15ਪਰ ਇਸ ਦੇ ਫ਼ਲਸਵਰੂਪ ਅਚਾਨਕ ਬਿਪਤਾ ਆ ਪਵੇਗੀ। ਅੱਖ ਦੇ ਫ਼ੇਰ ਵਿੱਚ ਉਹ ਤਬਾਹ ਹੋ ਜਾਵੇਗਾ ਮੁੜ ਪਰਤਣ ਦੇ ਕਿਸੇ ਵੀ ਰਾਹ ਤੋਂ ਬਿਨਾ।

### ਸੱਤ ਚੀਜ਼ਾਂ ਜਿਨ੍ਹਾਂ ਨੂੰ ਯਹੋਵਾਹ ਨਫ਼ਰਤ ਕਰਦਾ ਹੈ

16 ਯਹੋਵਾਹ ਇਨ੍ਹਾਂ ਛੇਆਂ ਗੱਲਾਂ ਨੂੰ ਨਫ਼ਰਤ ਕਰਦਾ, ਅਤੇ
ਇਹ ਸੱਤ ਗੱਲਾਂ ਉਸ ਲਈ ਘ੍ਰਿਣਾਯੋਗ ਹਨ।
17 ਘਮੰਡੀ ਅੱਖਾਂ, ਝੂਠੀ ਜੀਭ, ਹੱਥ ਜਿਹੜੇ ਬੇਕਸੂਰਾਂ ਨੂੰ
ਮਾਰਦੇ ਹਨ।
18 ਦਿਲ ਜਿਹੜਾ ਹਮੇਸ਼ਾ ਖੋਟੀਆਂ ਗੱਲਾਂ ਵਿਉਂਤਦਾ, ਪੈਰ
ਜਿਹੜੇ ਬਦੀ ਕਰਨ ਲਈ ਦੌੜਦੇ ਹਨ।
19 ਇੱਕ ਝੂਠਾ ਗਵਾਹ ਜਿਹੜਾ ਹਮੇਸ਼ਾ ਝੂਠ ਬੋਲਦਾ, ਅਤੇ
ਉਹ ਵਿਅਕਤੀ ਜਿਹੜਾ ਦੋ ਭਰਾਵਾਂ ਵਿੱਚਕਾਰ ਝਗੜਾ
ਪਾਉਂਦਾ ਹੈ।

### ਵਿਭਚਾਰ ਦੇ ਖਿਲਾਫ ਚੇਤਾਵਨੀ

20ਹੇ ਮੇਰੇ ਪੁੱਤਰ, ਆਪਣੇ ਪਿਤਾ ਦੇ ਹੁਕਮਾਂ ਨੂੰ ਮੰਨ। ਅਤੇ ਆਪਣੀ ਮਾਤਾ ਦੀਆਂ ਸਿੱਖਿਆਵਾਂ ਨੂੰ ਨਾ ਵਿਸਾਰਨਾ। 21ਉਨ੍ਹਾਂ ਦੇ ਸ਼ਬਦਾਂ ਨੂੰ ਹਰ ਵੇਲੇ ਚੇਤੇ ਰੱਖਣਾ ਇਹ ਗੱਲਾਂ ਪੱਲੇ ਬੰਨ੍ਹ ਲੈਣੀਆਂ ਅਤੇ ਆਪਣੇ ਦਿਲ ਤੇ ਉਕਰ ਲੈਣੀਆਂ। 22ਉਨ੍ਹਾਂ ਦੀਆਂ ਸਿੱਖਿਆਵਾਂ, ਜਿੱਥੇ ਵੀ ਤੂੰ ਜਾਵੇਂਗਾ, ਉੱਥੇ ਤੇਰੀ ਅਗਵਾਈ ਕਰਨਗੀਆਂ। ਜਦ ਤੂੰ ਸੁੱਤਾ ਹੋਵੇਂਗਾ ਉਹ ਤੇਰਾ ਧਿਆਨ ਰੱਖਣਗੀਆਂ। ਅਤੇ ਜਦੋਂ ਤੂੰ ਜਾਗੇਂਗਾ, ਉਹ ਤੇਰੇ ਨਾਲ ਗੱਲਾਂ ਕਰਨਗੀਆਂ ਅਤੇ ਤੈਨੂੰ ਰਾਹ ਵਿਖਾਉਣਗੀਆਂ।

23ਕਿਉਂ ਜੋ, ਹੁਕਮ ਇੱਕ ਦੀਵੇ ਵਾਂਗ ਹੈ ਅਤੇ ਸਿੱਖਿਆ ਰੋਸ਼ਨੀ ਵਾਂਗ ਹੈ। ਸੁਧਾਰ ਜਿੰਦਗੀ ਦਾ ਰਾਹ ਹੈ। 24ਉਹ ਤੈਨੂੰ ਬੁਰੀ ਔਰਤ ਤੋਂ ਅਤੇ ਇੱਕ ਪਰਾਈ ਔਰਤ ਦੀਆਂ ਮਿੱਠੀਆਂ ਗੱਲਾਂ ਤੋਂ ਬਚਾਉਂਦੇ ਹਨ। 25ਉਸ ਦੀ ਖ਼ੂਬਸੂਰਤੀ ਦੀ ਇੱਛਾ ਨਾ ਕਰ, ਉਸ ਨੂੰ ਅੱਖਾਂ ਦੀਆਂ ਪੁਤਲੀਆਂ ਨਾਲ ਤੈਨੂੰ ਲੁਭਾਉਣ ਨਾ ਦੇ। 26ਕਿਉਂਕਿ ਇੱਕ ਵੇਸਵਾ ਦੀ ਕੀਮਤ ਰੋਟੀ ਦੇ ਇੱਕ ਟੁਕੜੇ ਜਿੰਨੀ ਹੀ ਹੋ ਸਕਦੀ ਹੈ, ਪਰ ਦੂਸਰੇ ਬੰਦੇ ਦੀ ਪਤਨੀ ਤੈਥੋਂ ਤੇਰੇ ਜੀਵਨ ਦੀ ਕੀਮਤ ਮੰਗੇਗੀ। 27ਜੇ ਕੋਈ ਆਦਮੀ ਆਪਣੇ ਉੱਤੇ ਅੰਗਿਆਰ ਸੁੱਟੇਗਾ ਤਾਂ ਉਸ ਦੇ ਕੱਪੜੇ ਵੀ ਸੜ ਜਾਣਗੇ। 28ਜੇ ਕੋਈ ਆਦਮੀ ਮਘਦੇ ਕੋਲਿਆਂ ਉੱਤੇ ਪੈਰ ਧਰ ਦਿੰਦਾ ਹੈ ਤਾਂ ਉਸ ਦੇ ਪੈਰ ਸੜ ਜਾਣਗੇ। 29ਇਸੇ ਤਰ੍ਹਾਂ ਹੀ ਕੋਈ ਵੀ ਆਦਮੀ ਜੋ ਕਿਸੇ ਹੋਰ ਆਦਮੀ ਦੀ ਪਤਨੀ ਨਾਲ ਸੌਂਦਾ, ਕੋਈ ਵੀ ਜੋ ਉਸ ਨੂੰ ਛੂੰਹਦਾ ਹੈ, ਸਜ਼ਾ ਤੋਂ ਨਹੀਂ ਬਚੇਗਾ।

30-31ਹੋ ਸਕਦਾ ਹੈ ਕਿ ਕੋਈ ਆਦਮੀ ਭੁੱਖਾ ਹੋਵੇ ਅਤੇ ਢਿੱਡ ਭਰਨ ਲਈ ਚੋਰੀ ਕਰੇ, ਲੋਕੀਂ ਉਸ ਨੂੰ ਨਫ਼ਰਤ ਨਹੀਂ ਕਰਨਗੇ। ਪਰ ਜੇ ਉਹ ਆਦਮੀ ਫ਼ੜਿਆ ਜਾਵੇ ਤਾਂ ਉਸ ਨੂੰ ਚੋਰੀ ਦੇ ਮਾਲ ਨਾਲੋਂ ਸੱਤ ਗੁਣਾ ਵੱਧ ਜ਼ੁਰਮਾਨਾ ਭਰਨਾ ਪਵੇਗਾ। ਭਾਵੇਂ ਉਸ ਨੂੰ ਆਪਣੇ ਘਰ ਵਿੱਚਲਾ ਸਭ ਕੁਝ ਗਵਾਉਣਾ ਪਵੇ! 32ਜਿਹੜਾ ਆਦਮੀ ਕਿਸੇ ਹੋਰ ਦੀ ਪਤਨੀ ਨਾਲ ਵਿਭਚਾਰ ਕਰਦਾ ਹੈ ਮੂਰਖ ਹੈ ਅਤੇ ਆਪਣੇ-ਆਪ

ਨੂੰ ਤਬਾਹ ਕਰ ਲੈਂਦਾ ਹੈ। **33**ਬੇਇੱਜ਼ਤ ਹੋਣਾ ਅਤੇ ਕੁੱਟਿਆ ਜਾਣਾ
ਇਹ ਉਸ ਦੀ ਤਕਦੀਰ ਹੋਵੇਗੀ ਅਤੇ ਉਹ ਆਪਣੀ ਬਦਨਾਮੀ ਕਦੇ
ਵੀ ਧੋਣ ਦੇ ਕਾਬਿਲ ਨਹੀਂ ਹੋਵੇਗਾ। **34**ਕਿਉਂ ਜੋ ਉਸ ਔਰਤ ਦੇ
ਪਤੀ ਨੂੰ ਈਰਖਾ ਹੋ ਜਾਵੇਗੀ ਅਤੇ ਜਦੋਂ ਉਹ ਬਦਲਾ ਲਵੇਗਾ ਉਹ
ਕੋਈ ਤਰਸ ਨਹੀਂ ਕਰੇਗਾ। **35**ਉਹ ਕੋਈ ਵੀ ਮੁਆਵਜ਼ਾ ਮੰਜ਼ੂਰ
ਨਹੀਂ ਕਰੇਗਾ, ਕੋਈ ਫ਼ਰਕ ਨਹੀਂ ਪੈਂਦਾ, ਕੀਮਤ ਭਾਵੇਂ ਕਿੰਨੀ ਵੀ
ਵਡੇਰੀ ਹੋਵੇ।

## ਬੁੱਧ ਤੈਨੂੰ ਵਿਭਚਾਰ ਤੋਂ ਦੂਰ ਰੱਖੇਗੀ

**7** **1**ਹੇ ਮੇਰੇ ਪੁੱਤਰ, ਮੇਰੇ ਸ਼ਬਦਾਂ ਨੂੰ ਚੇਤੇ ਰੱਖਣਾ, ਉਨ੍ਹਾਂ ਹੁਕਮਾਂ ਨੂੰ
ਕਦੇ ਨਾ ਭੁੱਲਣਾ ਜਿਹੜੇ ਮੈਂ ਤੈਨੂੰ ਦਿੰਦਾ ਹਾਂ। **2**ਜੇਕਰ ਤੂੰ ਮੇਰਾ
ਹੁਕਮ ਮੰਨੇ ਤਾਂ ਤੂੰ ਜੀਵੇਂਗਾ। ਮੇਰੀਆਂ ਸਿੱਖਿਆਵਾਂ ਨੂੰ ਆਪਣੀ ਅੱਖ
ਦੀ ਪੁਤਲੀ ਵਾਂਗ ਅਨਮੋਲ ਬਣਾ ਕੇ ਰੱਖ। **3**ਇਨ੍ਹਾਂ ਨੂੰ ਆਪਣੀਆਂ
ਉਂਗਲੀਆਂ ਉੱਤੇ ਬੰਨ੍ਹ ਲੈਣਾ। ਇਨ੍ਹਾਂ ਨੂੰ ਆਪਣੇ ਦਿਲ ਉੱਤੇ ਲਿਖ
ਲੈਣਾ। **4**ਬੁੱਧ ਨੂੰ ਆਖ, "ਤੂੰ ਮੇਰੀ ਭੈਣ ਹੈਂ!" ਅਤੇ ਸਮਝਦਾਰੀ ਨੂੰ
ਆਪਣੇ ਪਰਿਵਾਰ ਦਾ ਸਦੱਸ ਕਹਿ। **5**ਉਹ ਤੈਨੂੰ ਇੱਕ ਅਜਨਬੀ
ਔਰਤ, ਇੱਕ ਪਰਾਈ ਔਰਤ ਤੋਂ ਬਚਾਵੇਗੀ ਜੋ ਮਿੱਠੀਆਂ ਗੱਲਾਂ
ਕਰਦੀ ਹੈ।

**6**ਇੱਕ ਦਿਨ ਮੈਂ ਆਪਣੀ ਖਿੜਕੀ ਦੇ ਪਰਦਿਆਂ ਦਰਮਿਆਨੋਂ
ਬਾਹਰ ਝਾਕਿਆ। **7**ਮੈਂ ਗੱਭਰੂਆਂ ਵਿੱਚੋਂ ਇੱਕ ਨੌਜਵਾਨ ਨੂੰ ਵੇਖਿਆ
ਜਿਸ ਨੂੰ ਕੋਈ ਸਮਝ ਨਹੀਂ ਸੀ। **8**ਉਹ ਹੇਠਾਂ ਰਾਹ ਤੇ ਤੁਰਦਾ
ਹੋਇਆ, ਇੱਕ ਬੁਰੀ ਔਰਤ ਦੇ ਘਰ ਵੱਲ ਜਾ ਰਿਹਾ ਸੀ, ਜਿੱਥੇ
ਉਹ ਰਹਿੰਦੀ ਸੀ। **9**ਹਨੇਰਾ ਹੋਣ ਵਾਲਾ ਸੀ-ਸੂਰਜ ਛੁਪ ਰਿਹਾ ਸੀ।
ਰਾਤ ਪੈਣ ਵਾਲੀ ਸੀ। **10**ਔਰਤ ਉਸ ਨੂੰ ਮਿਲਣ ਲਈ ਘਰੋਂ ਬਾਹਰ
ਆਈ। ਉਸ ਨੇ ਵੇਸਵਾ ਵਰਗੇ ਕੱਪੜੇ ਪਾਏ ਹੋਏ ਸਨ। ਉਸ ਦੀਆਂ
ਨੌਜਵਾਨ ਬਾਰੇ ਵਿਉਂਤਾਂ ਸਨ। **11**ਉਹ ਖਰੂਦੀ ਅਤੇ ਵਿਦਰੋਹੀ ਸੀ,
ਉਹ ਘਰ ਠਹਿਰਣ ਵਾਲੀ ਨਹੀਂ ਸੀ! **12**ਹੁਣ ਉਹ ਸੜਕ ਉੱਤੇ ਹੈ,
ਹੁਣ ਉਹ ਚੌਰਾਹੇ ਤੇ ਹੈ, ਉਹ ਹਰ ਨੁੱਕਰ ਤੇ ਇੰਤਜ਼ਾਰ ਵਿੱਚ ਰਹਿੰਦੀ
ਹੈ। **13**ਉਸ ਨੇ ਨੌਜਵਾਨ ਨੂੰ ਖਿੱਚ ਲਿਆ ਅਤੇ ਉਸ ਨੂੰ ਚੁੰਮ ਲਿਆ।
ਉਸ ਨੇ ਬੇਸ਼ਰਮੀ ਨਾਲ ਉਸ ਨੂੰ ਆਖਿਆ, **14**"ਮੈਂ ਅੱਜ ਸੁੱਖ ਸਾਂਦ
ਦੀ ਬਲੀ ਚੜ੍ਹਾਈ ਹੈ। ਅਤੇ ਅੱਜ ਮੈਂ ਕੀਤੇ ਹੋਏ ਇਕਰਾਰ ਨੂੰ ਪੂਰਿਆਂ
ਕੀਤਾ। **15**ਅਤੇ ਇਸ ਲਈ ਮੈਂ ਤੈਨੂੰ ਆਪਣੇ ਨਾਲ ਭੋਜਨ ਲਈ
ਸੱਦਾ ਦੇਣ ਬਾਹਰ ਆਈ ਹਾਂ। ਮੈਂ ਤੇਰੀ ਬਹੁਤ ਭਾਲ ਕਰਦੀ ਰਹੀ
ਹਾਂ। ਤੇ ਹੁਣ ਤੂੰ ਮੈਨੂੰ ਲੱਭ ਪਿਆ ਹੈਂ! **16**ਮੈਂ ਆਪਣੇ ਬਿਸਤਰੇ ਉੱਤੇ
ਸਾਫ਼ ਚਾਦਰਾਂ ਵਿਛਾਈਆਂ ਹਨ। ਇਹ ਮਿਸਰ ਦੇਸ ਦੀਆਂ ਬੜੀਆਂ
ਖੂਬਸੂਰਤ ਚਾਦਰਾਂ ਹਨ। **17**ਮੈਂ ਆਪਣੇ ਬਿਸਤਰੇ ਉੱਤੇ ਅਤਰ
ਛਿੜਕਿਆ ਹੈ। ਭਾਂਤ-ਭਾਂਤ ਦੀ ਗੰਧਰਸ ਬਹੁਤ ਕਮਾਲ ਦੀਆਂ ਹਨ।
**18**ਹੁਣ ਆ, ਆਪਾਂ ਖੁਦ ਹੀ ਸਵੇਰ ਤਕ ਅਨੰਦ ਮਾਣੀਏ, ਆਪਾਂ
ਪਿਆਰ ਨਾਲ ਸ਼ਰਾਬੀ ਹੋ ਜਾਈਏ। **19**ਮੇਰਾ ਪਤੀ ਘਰੇ ਨਹੀਂ ਹੈ ਉਹ
ਇੱਕ ਲੰਮੇ ਸਫ਼ਰ ਤੇ ਬਾਹਰ ਚਲਿਆ ਗਿਆ ਹੈ। **20**ਉਸ ਨੇ ਲੰਮੀ
ਯਾਤਰਾ ਲਈ ਕਾਫ਼ੀ ਪੈਸੇ ਨਾਲ ਰੱਖੇ ਹੋਏ ਹਨ। ਉਹ ਦੋ ਹਫ਼ਤਿਆਂ
ਤੋਂ ਪਹਿਲਾਂ ਘਰ ਨਹੀਂ ਆਵੇਗਾ।"

**21**ਔਰਤ ਨੇ ਉਸ ਨੌਜਵਾਨ ਨੂੰ ਆਪਣੀ ਚੰਚਲਤਾ ਨਾਲ
ਭਰਮਾਇਆ, ਉਸ ਨੇ ਉਸ ਨੂੰ ਆਪਣੇ ਕੂਲੇ ਸ਼ਬਦਾਂ ਨਾਲ
ਬਹਿਕਾਇਆ। **22**ਅਤੇ ਉਹ ਨੌਜਵਾਨ ਉਸ ਦੇ ਪਿੱਛੇ ਲੱਗ ਕੇ ਜਾਲ
ਵਿੱਚ ਫ਼ਸਣ ਲਈ ਆ ਗਿਆ। ਉਹ ਉਸ ਬਲਦ ਵਰਗਾ ਸੀ ਜਿਸ
ਦੀ ਬਲੀ ਚੜ੍ਹਾਈ ਜਾਣ ਵਾਲੀ ਸੀ। ਉਹ ਜਾਲ ਵਿੱਚ ਫ਼ਸਣ ਜਾ
ਰਹੇ ਹਿਰਣ ਵਰਗਾ ਸੀ, **23**ਜਦੋਂ ਤੱਕ ਤੀਰ ਉਸ ਦੇ ਦਿਲ ਵਿੱਚ ਨਾਂ
ਵੱਜੇ, ਇੱਕ ਪੰਛੀ ਵਾਂਗ ਜੋ ਸਿੱਧਾ ਕੁੜਿੱਕੀ ਵੱਲ ਉੱਡ ਪਿਆ, ਅਤੇ
ਉਸ ਨੂੰ ਕੋਈ ਕਲਪਨਾ ਨਹੀਂ ਉਹ ਆਪਣੀ ਜ਼ਿੰਦਗੀ ਗੁਆਉਣ
ਹੀ ਵਾਲਾ ਹੈ।

**24**ਇਸ ਲਈ ਹੁਣ ਮੇਰੇ ਪੁੱਤਰੋ, ਮੇਰੀ ਗੱਲ ਧਿਆਨ ਨਾਲ ਸੁਣੋ।
ਜਿਹੜੇ ਸ਼ਬਦ ਮੈਂ ਬੋਲਦਾ ਹਾਂ ਉਨ੍ਹਾਂ ਵੱਲ ਧਿਆਨ ਦਿਓ। **25**ਆਪਣੇ
ਦਿਲ ਨੂੰ ਉਸ ਦੇ ਰਾਹਾਂ ਵੱਲ ਭਟਕਣ ਨਾ ਦੇਵੀਂ, ਉਸ ਦੇ ਰਾਹਾਂ ਤੇ
ਨਾ ਠਹਿਰੀਂ। **26**ਉਸ ਨੇ ਕਿੰਨੇ ਹੀ ਲੋਕਾਂ ਨੂੰ ਤਬਾਹ ਕੀਤਾ। ਜਿਨ੍ਹਾਂ
ਲੋਕਾਂ ਨੂੰ ਉਸ ਨੇ ਤਬਾਹ ਕੀਤਾ ਉਨ੍ਹਾਂ ਦੀ ਗਿਣਤੀ ਬਹੁਤ ਵੱਡੀ ਹੈ।
**27**ਉਸ ਦਾ ਘਰ ਮੌਤ ਵੱਲ ਅਗਵਾਈ ਕਰਦਾ, ਇਹ ਤੈਨੂੰ ਮੌਤ ਦੇ
ਕੋਠੜੀਆਂ ਵੱਲ ਲੈ ਜਾਂਦਾ ਹੈ।

## ਬੁੱਧ, ਇੱਕ ਨੇਕ ਔਰਤ

**8** **1**ਕੀ ਬੁੱਧ ਅਵਾਜ਼ ਨਹੀਂ ਮਾਰਦੀ? ਕੀ ਸਮਝ ਆਪਣੀ
ਅਵਾਜ਼ ਨਹੀਂ ਉਠਾਉਂਦੀ?
**2** ਬੁੱਧ ਰਾਹ ਦੇ ਪਾਸੇ ਪਹਾੜੀ ਦੀ ਟੀਸੀ ਤੇ ਖਲੋਂਦੀ ਹੈ ਜਿੱਥੇ
ਰਸਤੇ ਮਿਲਦੇ ਹਨ।
**3** ਸ਼ਹਿਰ ਦੇ ਫ਼ਾਟਕਾਂ ਤੇ, ਖੁਲ੍ਹੇ ਦਰਵਾਜਿਆਂ ਤੇ ਉਹ ਹਾਕ
ਮਾਰਦੀ ਹੈ।
**4** ਮੈਂ ਤੁਸਾਂ ਲੋਕਾਂ ਨਾਲ ਗੱਲ ਕਰ ਰਹੀ ਹਾਂ, "ਤੁਹਾਡੇ ਵੱਲ
ਇਨਸਾਨੋ, ਮੈਂ ਆਪਣੀ ਅਵਾਜ਼ ਉਠਾਉਂਦੀ ਹਾਂ।
**5** ਤੁਸੀਂ ਭੋਲੇ, ਲੋਕੋ, ਸਮਝ ਸਿੱਖੋ ਅਤੇ ਤੁਸੀਂ ਮੂਰਖੋ,
ਅਕਲਮੰਦੀ ਸਿੱਖੋ।
**6** ਸੁਣੋ, ਜਿਹੜੀਆਂ ਗੱਲਾਂ ਮੈਂ ਤੁਹਾਨੂੰ ਸਿਖਾ ਰਹੀ ਹਾਂ ਉਚਿਤ
ਹਨ। ਮੇਰੇ ਬੁੱਲ੍ਹ ਧਰਮ ਦੀਆਂ ਗੱਲਾਂ ਕਰਦੇ ਹਨ।
**7** ਮੇਰੇ ਮੂੰਹ ਵਿੱਚੋਂ ਸਿਰਫ਼ ਸੱਚ ਨਿੱਕਲਦਾ ਹੈ ਕਿਉਂਕਿ ਮੇਰੇ
ਬੁੱਲ੍ਹ ਬਦੀ ਨੂੰ ਨਫ਼ਰਤ ਕਰਦੇ ਹਨ।
**8** ਜੋ ਗੱਲਾਂ ਮੈਂ ਆਖਦਾ ਹਾਂ ਉਹ ਸਹੀ ਹਨ। ਮੇਰੇ ਸ਼ਬਦਾਂ
ਵਿੱਚ ਰਤਾ ਵੀ ਝੂਠ ਜਾਂ ਗਲਤ ਨਹੀਂ।
**9** ਸਿੱਖੇ ਹੋਏ ਆਦਮੀ ਜਾਣਦੇ ਹਨ ਕਿ ਉਹ ਧਰਮੀ ਹਨ,
ਅਤੇ ਜੋ ਗਿਆਨ ਲੱਭ ਲੈਂਦੇ ਹਨ ਸਮਝ ਜਾਂਦੇ ਹਨ ਕਿ
ਉਹ ਸਹੀ ਹਨ।
**10** ਚਾਂਦੀ ਦੀ ਬਜਾਏ ਮੇਰਾ ਅਨੁਸ਼ਾਸ਼ਨ ਲਵੋ, ਸੋਨੇ ਦੀ
ਬਜਾਏ ਸਮਝਦਾਰੀ ਨੂੰ ਚੁਣੋ।
**11** ਬੁੱਧ ਮੋਤੀਆਂ ਨਾਲੋ ਵੀ ਵੱਧ ਉੱਤਮ ਹੈ। ਉਸ ਨਾਲ ਕਿਸੇ
ਦੀ ਵੀ ਤੁਲਨਾ ਨਹੀਂ ਕੀਤੀ ਜਾ ਸਕਦੀ।

## ਬੁੱਧ ਕੀ ਕਰਦੀ ਹੈ

**12** "ਮੈਂ ਬੁੱਧ ਹਾਂ, ਮੈਂ ਗਿਆਨ ਦੇ ਨਾਲ ਰਹਿੰਦੀ ਹਾਂ ਅਤੇ ਮੈਂ
ਓਥੋਂ ਲੱਭਦੀ ਹਾਂ ਜਿੱਥੇ ਸੂਝ ਵੱਸਦੀ ਹੈ।
**13** ਯਹੋਵਾਹ ਤੋਂ ਡਰਨਾ ਬਦੀ ਨੂੰ ਨਫ਼ਰਤ ਕਰਨਾ ਹੈ, ਮੈਂ ਹੰਕਾਰ,
ਆਕੜ, ਬਦ, ਵਿਹਾਰ, ਅਤੇ ਦੁਸ਼ਟ ਗੱਲਾਂ ਨੂੰ ਨਫ਼ਰਤ
ਕਰਦੀ ਹਾਂ।
**14** ਮੇਰੇ ਕੋਲ ਸਲਾਹ ਹੈ, ਮੇਰੇ ਕੋਲ ਗਿਆਨ, ਸਮਝਦਾਰੀ
ਅਤੇ ਸ਼ਕਤੀ ਹੈ।
**15** ਮੇਰੀ ਸਹਾਇਤਾ ਨਾਲ ਰਾਜੇ ਰਾਜ ਕਰਦੇ ਹਨ, ਸ਼ਾਸਕ
ਹੁਕਮ ਬਣਾਉਂਦੇ ਹਨ ਜੋ ਨਿਆਂਈ ਹਨ।

16 ਮੇਰੇ ਦੁਆਰਾ ਸ਼ਹਿਜਾਦੇ, ਅਤੇ ਸੱਜਣ ਅਤੇ ਸਾਰੇ ਨਿਆਂਈ
ਵੀ ਨਿਆਂਕਾਰ ਵੀ ਹਕੂਮਤ ਕਰਦੇ ਨੇ।
17 ਪਿਆਰ ਕਰਦੀ ਹਾਂ ਮੈਂ ਉਨ੍ਹਾਂ ਲੋਕਾਂ ਨੂੰ ਜੋ ਪਿਆਰ ਮੈਨੂੰ
ਕਰਦੇ। ਤੇ ਜੋ ਲੋਕ ਕਰਨਗੇ ਕਠਨ ਘਾਲਣਾ, ਮੈਨੂੰ ਲੱਭਣ
ਲਈ ਲੱਭ ਲੈਣਗੇ ਮੈਨੂੰ ਉਹ।
18 ਪਾਸ ਹੈ ਮੇਰੇ ਦੌਲਤ ਅਤੇ ਇੱਜ਼ਤ, ਮੈਂ ਦੌਲਤ ਅਤੇ ਧਰਮ
ਦਿੰਦੀ ਹਾਂ ਜੋ ਸਦਾ ਰਹਿੰਦਾ ਹੈ।
19 ਮੇਰੇ ਫ਼ਲ ਖਾਲਸ ਸੋਨੇ ਨਾਲੋਂ ਬਿਹਤਰ ਹਨ, ਜੋ ਕੁਝ ਵੀ ਮੈਂ
ਪੈਦਾ ਕਰਦੀ ਹਾਂ ਸ਼ੁੱਧ ਚਾਂਦੀ ਨਾਲੋਂ ਵੀ ਬਿਹਤਰ ਹੈ।
20 ਮੈਂ ਨਿਆਂ ਦੇ ਰਾਹਾਂ ਦੇ ਨਾਲ-ਨਾਲ ਧਰਮ ਦੇ ਰਾਹਾਂ ਤੇ
ਚੱਲਦੀ ਹਾਂ।
21 ਦਿੰਦੀ ਹਾਂ ਮੈਂ ਦੌਲਤ ਉਨ੍ਹਾਂ ਲੋਕਾਂ ਨੂੰ ਜੋ ਕਰਨ ਪਿਆਰ ਮੈਨੂੰ
ਅਤੇ ਭਰ ਦਿੰਦੀ ਹਾਂ ਮੈਂ ਗੋਦਾਮ ਉਨ੍ਹਾਂ ਦੇ।
22 ਸਭ ਤੋਂ ਪਹਿਲੀ ਗੱਲ ਯਹੋਵਾਹ ਨੇ ਕੀਤੀ, ਉਸ ਨੇ ਮੈਨੂੰ
ਜੀਵਨ ਦਿੱਤਾ, ਬਹੁਤ ਸਮਾਂ ਪਹਿਲਾਂ ਉਸ ਨੇ ਕੁਝ ਵੀ
ਕਰਨ ਤੋਂ ਪਹਿਲਾਂ ਯਹੋਵਾਹ ਨੇ ਮੈਨੂੰ ਆਪਣੇ ਕੰਮ ਦੀ
ਸ਼ੁਰੂਆਤ ਵੇਲੇ, ਆਪਣੇ ਪ੍ਰਾਚੀਨ ਸਮੇਂ ਦੇ ਕੰਮ ਤੋਂ ਪਹਿਲਾਂ
ਮੈਨੂੰ ਬਣਾਇਆ।
23 ਮੈਂ ਲੰਘ ਚੁੱਕੀਆਂ ਉਮਰਾਂ ਵਿੱਚ ਬਹੁਤ ਪਹਿਲਾਂ, ਦੁਨੀਆ
ਦੀ ਸਾਜਣਾ ਤੋਂ ਪਹਿਲਾਂ ਸਾਜੀ ਗਈ ਸੀ।
24 ਬਣਾਇਆ ਗਿਆ ਸੀ ਮੈਨੂੰ ਸਾਗਰਾਂ ਤੋਂ ਪਹਿਲੋ,
ਬਣਾਇਆ ਗਿਆ ਸੀ ਮੈਨੂੰ ਪਾਣੀ ਤੋਂ ਪਹਿਲੇ।
25 ਮੈਂ ਪਰਬਤਾਂ ਨੂੰ ਇਨ੍ਹਾਂ ਦੀ ਜਗ੍ਹਾ ਸਥਾਪਿਤ ਕਰਨ ਤੋਂ
ਪਹਿਲਾਂ ਬਣਾਈ ਗਈ ਸਾਂ, ਮੈਂ ਪਹਾੜੀਆਂ ਦੇ ਹੋਣ ਤੋਂ
ਪਹਿਲਾਂ ਬਣਾਈ ਗਈ ਸੀ।
26 ਧਰਤੀ ਦੇ ਸਾਜੇ ਜਾਣ ਤੋਂ ਪਹਿਲਾਂ, ਜਾਂ ਇਸ ਦੇ ਖੇਤਾਂ ਜਾਂ
ਜਦੋਂ ਕਿਤੇ ਵੀ ਇਸ ਦੁਨੀਆ ਵਿੱਚ ਕੋਈ ਧੂੜ ਸੀ।
27 ਹਾਜ਼ਰ ਸਾਂ ਮੈਂ, ਸਾਜਿਆ ਸੀ ਜਦੋਂ ਯਹੋਵਾਹ ਨੇ ਅਕਾਸ਼ਾਂ ਨੂੰ
ਹਾਜ਼ਰ ਸਾਂ ਮੈਂ, ਜਦੋਂ ਯਹੋਵਾਹ ਨੇ ਖਿੱਚੀ ਸੀ ਲੀਕ ਧਰਤੀ
ਦੁਆਲੇ ਤੇ ਹੱਦ ਬੰਨ੍ਹ ਦਿੱਤੀ ਸੀ ਸਾਗਰ ਦੀ।
28 ਜੰਮੀ ਸਾਂ ਮੈਂ ਪਹਿਲਾਂ, ਫ਼ੇਰ ਯਹੋਵਾਹ ਨੇ ਰੱਖੇ ਸਨ ਬੱਦਲ
ਆਕਾਸ਼ ਵਿੱਚ। ਤੇ ਹਾਜ਼ਰ ਸਾਂ ਮੈਂ ਜਦੋਂ ਰੱਖਿਆ ਸੀ ਪਾਣੀ
ਯਹੋਵਾਹ ਨੇ ਸਮੁੰਦਰ ਵਿੱਚ।
29 ਹਾਜ਼ਰ ਸਾਂ ਮੈਂ, ਜਦੋਂ ਯਹੋਵਾਹ ਨੇ ਹੱਦਾਂ ਬੰਨ੍ਹੀਆਂ ਸਨ
ਸਮੁੰਦਰਾਂ ਦੇ ਪਾਣੀ ਦੀਆਂ ਤਾਕਿ ਉੱਠ ਨਾ ਸਕੇ ਪਾਣੀ
ਉਚੇਰਾ ਓਸ ਤੋਂ ਉੱਤੇ ਜਿਸ ਦੀ ਇਜਾਜ਼ਤ ਦਿੱਤੀ ਹੈ
ਯਹੋਵਾਹ ਨੇ। ਹਾਜ਼ਰ ਸਾਂ ਮੈਂ ਉਦੋਂ, ਜਦੋਂ ਰੱਖੀਆਂ ਸਨ
ਯਹੋਵਾਹ ਨੇ ਨੀਹਾਂ ਧਰਤੀ ਦੀਆਂ।
30 ਮੈਂ ਉਸ ਦੇ ਪਾਸੇ ਤੇ ਕਾਰੀਗਰ ਵਾਂਗ ਸਾਂ। ਮੈਂ ਹਰ ਰੋਜ਼ ਉਸ
ਦਾ ਅਨੰਦ ਸੀ, ਮੈਂ ਹਰ ਸਮੇਂ ਉਸ ਦੀ ਹਜ਼ੂਰੀ ਵਿੱਚ ਅਨੰਦ
ਮਾਣਿਆ।
31 ਮੈਂ ਉਸ ਦੀ ਦੁਨੀਆ ਵੇਖਣ ਲਈ ਖੁਸ਼ ਸਾਂ, ਅਤੇ ਮਨੁੱਖਤਾ
ਨਾਲ ਪ੍ਰਸੰਨ ਸਾਂ।
32 ਹੁਣ, ਬਚਿਓ, ਸੁਣੋ ਮੇਰੀ ਗੱਲ, ਕੰਨ ਧਰਕੇ! ਪ੍ਰਸੰਨ ਹੋ
ਸਕਦੇ ਹੋ ਤੁਸੀਂ ਵੀ ਜੇ ਤੁਸੀਂ ਚੱਲੋਂਗੇ ਮੇਰੇ ਰਾਹਾਂ ਉੱਤੇ!
33 ਮੇਰੀ ਸਿੱਖਿਆ ਨੂੰ ਸੁਣੋ ਅਤੇ ਸਿਆਣੇ ਬਣ ਜਾਓ, ਇਸ
ਦੀ ਲਾਪਰਵਾਹੀ ਨਾ ਕਰੋ।
34 ਸੁਣਦਾ ਹੈ ਜੋ ਵੀ ਆਦਮੀ ਮੇਰੀ ਗੱਲ ਨੂੰ ਧੰਨ ਹੈ ਉਹ।
ਨਿਗਰਾਨੀ ਕਰਦਾ ਹੈ ਜਿਹੜਾ ਹਰ ਦਿਨ ਮੇਰੇ ਦਰ ਉੱਤੇ।
ਇੰਤਜ਼ਾਰ ਕਰਦਾ ਹੈ ਜਿਹੜਾ ਮੇਰੇ ਲਈ, ਮੇਰੇ ਦਰ ਉੱਤੇ।
35 ਲੱਭ ਲੈਂਦਾ ਹੈ ਜੋ ਵੀ ਆਦਮੀ ਮੈਨੂੰ, ਲੱਭ ਲੈਂਦਾ ਹੈ ਓਹ
ਜ਼ਿੰਦਗੀ ਨੂੰ, ਹਾਸਲ ਕਰੇਗਾ ਮਿਹਰ ਉਹ ਯਹੋਵਾਹ ਪਾਸੋਂ!
36 ਪਰ ਜਿਹੜਾ ਵਿਅਕਤੀ ਮੈਨੂੰ ਲੱਭਣ ’ਚ ਨਾਕਾਮ ਹੋ ਜਾਂਦਾ
ਹੈ, ਆਪਣੀ ਹੀ ਜ਼ਿੰਦਗੀ ਨੂੰ ਉਜਾੜ ਲੈਂਦਾ ਹੈ। ਕੋਈ ਵੀ,
ਜੋ ਮੈਨੂੰ ਨਫ਼ਰਤ ਕਰਦਾ ਮੌਤ ਨੂੰ ਪਿਆਰ ਕਰਦਾ।”

## ਬੁੱਧ ਅਤੇ ਮੂਰਖਤਾ

9 1ਬੁੱਧ ਨੇ ਆਪਣਾ ਘਰ ਉਸਾਰਿਆ। ਉਸ ਨੇ ਇਸ ਦੇ ਸੱਤ
ਥੰਮ੍ਹਾਂ[a] ਨੂੰ ਘੜਿਆ। 2ਉਸ ਨੇ ਆਪਣਾ ਮਾਸ ਤਿਆਰ ਕੀਤਾ,
ਆਪਣੀ ਮੈਅ ਮਿਲਾਈ ਅਤੇ ਆਪਣਾ ਮੇਜ਼ ਤਿਆਰ ਕੀਤਾ। 3ਉਸ
ਨੇ ਆਪਣੇ ਨੌਕਰਾਂ ਨੂੰ ਬਾਹਰ ਭੇਜ ਦਿੱਤਾ ਅਤੇ ਸ਼ਹਿਰ ਦੀ ਪਹਾੜੀ ਤੋਂ
ਪੁਕਾਰਦੀ ਹੈ: 4“ਸਿੱਧੇ-ਸਾਧੇ ਲੋਕ ਇੱਥੇ ਇਕੱਠੇ ਹੋ ਜਾਣ”, ਉਹ ਉਨ੍ਹਾਂ
ਵੱਲ ਮੁਖਾਤਬ ਹੁੰਦੀ ਹੈ ਜਿੰਨ੍ਹਾਂ ਨੂੰ ਸਮਝ ਦੀ ਕਮੀ ਹੈ, 5“ਆਓ, ਤੇ
ਮੇਰੀ ਬੁੱਧ ਦਾ ਭੋਜਨ ਛਕੋ। ਤੇ ਉਸ ਮੈਅ ਨੂੰ ਵੀ ਛਕੋ ਜੋ ਮੈਂ ਤਿਆਰ
ਕੀਤੀ ਹੈ। 6ਆਪਣੇ ਮੂਰਖ ਦੋਸਤਾਂ ਨੂੰ ਪਿੱਛੇ ਛੱਡ ਦਿਓ, ਫ਼ੇਰ ਤੁਸੀਂ
ਜਿਓਗੇ, ਮਿਹਨਤ ਨਾਲ ਸਮਝਦਾਰੀ ਦੇ ਰਾਹ ਤੇ ਚੱਲੋ।”
7ਕੋਈ ਵੀ ਜੋ ਉਸ ਆਦਮੀ ਨੂੰ ਸੁਧਾਰਨ ਦੀ ਕੋਸ਼ਿਸ ਕਰਦਾ
ਜੋ ਹੋਰਨਾਂ ਨੂੰ ਟਿੱਚਰ ਕਰਦਾ, ਬੇਇੱਜ਼ਤ ਹੁੰਦਾ ਹੈ। ਇੰਝ ਹੀ ਕੋਈ
ਆਦਮੀ ਜਿਹੜਾ ਬੁਰੇ ਬੰਦੇ ਨੂੰ ਝਿੜਕਦਾ, ਉਹ ਸੱਟ ਖਾਂਦਾ ਹੈ। 8ਉਸ
ਆਦਮੀ ਨੂੰ ਨਾ ਝਿੜਕੋ ਜੋ ਦੂਸਰਿਆਂ ਨੂੰ ਟਿੱਚਰ ਕਰਦਾ, ਕਿਉਂ ਜੋ
ਉਹ ਤੈਨੂੰ ਨਫ਼ਰਤ ਕਰੇਗਾ, ਪਰ ਜੇਕਰ ਤੂੰ ਸਿਆਣੇ ਵਿਅਕਤੀ ਨੂੰ
ਝਿੜਕੇਂਗਾ, ਉਹ ਤੈਨੂੰ ਪਿਆਰ ਕਰੇਗਾ। 9ਕਿਸੇ ਸਿਆਣੇ ਬੰਦੇ ਨੂੰ
ਸਿੱਖਿਆ ਦੇਵੋ ਅਤੇ ਉਹ ਹੋਰ ਸਿਆਣਾ ਬਣ ਜਾਵੇਗਾ। ਜੇ ਤੂੰ ਕਿਸੇ
ਸਿੱਖਿਆ ਪ੍ਰਾਪਤ ਬੰਦੇ ਨੂੰ ਸਿੱਖਿਆ ਦੇਵੇਂਗਾ, ਅਤੇ ਉਹ ਆਪਣਾ
ਗਿਆਨ ਵਧਾ ਲਵੇਗਾ।
10ਬੁੱਧ ਵੱਲ ਪਹਿਲਾ ਕਦਮ ਯਹੋਵਾਹ ਤੋਂ ਡਰਨਾ ਹੈ, ਪਵਿੱਤਰ ਲੋਕਾਂ
ਨੂੰ ਜਾਣਨਾ ਗਿਆਨ ਨੂੰ ਹਾਸਲ ਕਰਨਾ ਹੈ। 11ਮੇਰੇ ਕਾਰਣ, “ਬੁੱਧ
ਆਖਦੀ ਹੈ”, ਤੇਰੀ ਜ਼ਿੰਦਗੀ ਦੇ ਦਿਨ ਅਤੇ ਸਾਲ ਵੱਧ ਜਾਣਗੇ।
12ਜੇਕਰ ਤੂੰ ਸਿਆਣਾ ਹੈਂ, ਇਹ ਤੂੰ ਹੀ ਹੋ ਜੋ ਫ਼ਾਇਦੇ ’ਚ ਹੋਵੇਂਗਾ, ਅਤੇ
ਜੇਕਰ ਤੂੰ ਮਜਾਕੀਆ ਹੈਂ, ਇਹ ਤੂੰ ਇਕੱਲਾ ਹੀ ਹੋਵੇਂਗਾ ਜੋ ਭੁਗਤੇਂਗਾ।

## ਦੂਸਰੀ ਔਰਤ ਦੀ ਮੂਰਖਤਾ

13ਔਰਤ ਦੀ ਮੂਰਖਤਾਈ ਸ਼ੋਰ-ਸਰਾਬੀ ਹੁੰਦੀ ਹੈ, ਉਹ ਨਾਵਾਕਫ਼ ਹੈ
ਅਤੇ ਕੁਝ ਨਹੀਂ ਜਾਣਦੀ। 14ਉਹ ਆਪਣੇ ਘਰ ਦੇ ਦਰਵਾਜ਼ੇ ਉੱਤੇ
ਬੈਠੀ ਹੁੰਦੀ ਹੈ। ਉਹ ਸ਼ਹਿਰ ਦੀ ਪਹਾੜੀ ਉੱਤੇ ਕੁਰਸੀ ਤੇ ਬੈਠੀ ਹੁੰਦੀ
ਹੈ। 15ਉਹ ਉਨ੍ਹਾਂ ਨੂੰ ਅਵਾਜ਼ ਮਾਰਦੀ ਹੈ, ਜੋ ਸਿੱਧੇ ਰਾਹ ਤੇ ਜਾ ਰਹੇ
ਹੁੰਦੇ ਹਨ। 16ਆਮ ਲੋਕ, “ਇੱਥੇ ਇਕੱਠੇ ਹੋ ਜਾਣ, ਉਹ ਉਨ੍ਹਾਂ ਵੱਲ
ਮੁਖਾਤਬ ਹੁੰਦੀ ਹੈ ਜਿਨ੍ਹਾਂ ਨੂੰ ਸਮਝ ਦੀ ਕਮੀ ਹੈ। 17ਚੁਰਾਇਆ
ਹੋਇਆ ਪਾਣੀ ਮਿੱਠਾ ਹੈ, ਚੁਰਾਈ ਹੋਈ ਰੋਟੀ ਸਵਾਦਿਸ਼ਟ ਹੈ।”
18ਪਰ ਮੂਰਖ ਲੋਕ ਨਹੀਂ ਜਾਣਦੇ ਕਿ ਉਸ ਦਾ ਘਰ ਭੂਤਾਂ ਲਈ ਹੈ।
ਅਤੇ ਉਸ ਦੇ ਮਹਿਮਾਨ ਕਬਰਾਂ ਵਿੱਚ ਲੇਟੇ ਹੋਏ ਹਨ।

[a] *9:1* **ਸੱਤ ਥੰਮ੍ਹਾਂ** ਪ੍ਰਾਚੀਨ ਇਸਰਾਏਲ ਵਿੱਚ, ਬਹੁਤ ਸਾਰੇ ਘਰਾਂ ਵਿੱਚ ਚਾਰ ਕਮਰੇ ਜਿਨ੍ਹਾਂ ਵਿੱਚ ਛੱਤ ਨੂੰ ਸਹਾਰਾ ਦੇਣ ਲਈ ਸੱਤ ਥੰਮ੍ਹ ਹੁੰਦੇ ਸਨ। ਇਹ ਪਰਗਟ ਕਰਦਾ ਹੈ ਕਿ ਬੁੱਧ ਕੋਲ ਠੋਸ ਘਰ ਸੀ।

## ਸੁਲੇਮਾਨ ਦੀਆਂ ਕਹਾਉਤਾਂ

10 1ਇਹ ਕਹਾਉਤਾਂ ਸੁਲੇਮਾਨ ਦੀਆਂ ਹਨ:
ਇੱਕ ਸਿਆਣਾ ਪੁੱਤਰ ਆਪਣੇ ਪਿਤਾ ਨੂੰ ਪ੍ਰਸੰਨ
ਕਰਦਾ ਹੈ। ਪਰ ਇੱਕ ਮੂਰਖ ਪੁੱਤਰ ਆਪਣੀ ਮਾਤਾ ਨੂੰ ਬਹੁਤ
ਗ਼ਮਗ਼ੀਨ ਕਰਦਾ ਹੈ।
2ਬਦ ਅਮਲਾਂ ਨਾਲ ਕਮਾਈ ਗਈ ਦੌਲਤ ਦੀ ਕੋਈ ਕੀਮਤ
ਨਹੀਂ, ਪਰ ਧਰਮੀ ਤੈਨੂੰ ਮੌਤ ਤੋਂ ਬਚਾ ਸਕਦਾ ਹੈ।
3ਯਹੋਵਾਹ ਕਦੇ ਵੀ ਇੱਕ ਚੰਗੇ ਵਿਅਕਤੀ ਨੂੰ ਭੁੱਖਿਆਂ ਨਹੀਂ
ਮਰਨ ਦੇਵੇਗਾ, ਪਰ ਬੁਰੇ ਵਿਅਕਤੀ ਦੀਆਂ ਇੱਛਾਵਾਂ ਤੋਂ ਇਨਕਾਰ
ਕਰਦਾ ਹੈ।
4ਇੱਕ ਸੁਸਤ ਆਦਮੀ ਗਰੀਬ ਹੋਵੇਗਾ। ਪਰ ਮਿਹਨਤੀ ਆਦਮੀ
ਅਮੀਰ ਹੋ ਜਾਵੇਗਾ।
5ਇੱਕ ਸੂਝਵਾਨ ਪੁੱਤਰ ਗਰਮੀ ਵੇਲੇ ਫ਼ਸਲ ਇਕੱਠੀ ਕਰਦਾ ਹੈ,
ਪਰ ਜਿਹੜਾ ਪੁੱਤਰ ਵਾਢੀ ਦੌਰਾਨ ਸੌਂ ਜਾਂਦਾ, ਬੇਇੱਜ਼ਤੀ ਲਿਆਉਂਦਾ
ਹੈ।
6ਨੇਕ ਬੰਦੇ ਬਾਰੇ ਲੋਕ ਚੰਗੀਆਂ ਗੱਲਾਂ ਆਖਦੇ ਹਨ, ਪ੍ਰੰਤੂ ਦੁਸ਼ਟ
ਦੀਆਂ ਗੱਲਾਂ ਉਸ ਦੀਆਂ ਜ਼ੁਲਮ ਦੀਆਂ ਯੋਜਨਾ ਨੂੰ ਲੁਕੋ ਰੱਖਦੀਆਂ
ਹਨ।
7ਇੱਕ ਧਰਮੀ ਵਿਅਕਤੀ ਹਮੇਸ਼ਾ ਪ੍ਰਸੰਨਤਾ ਨਾਲ ਯਾਦ ਕੀਤਾ
ਜਾਵੇਗਾ ਪਰ ਇੱਕ ਦੁਸ਼ਟ ਵਿਅਕਤੀ ਦੇ ਨਾਮ ਦਾ ਜ਼ਿਕਰ ਕਰਨਾ
ਸਿਰਫ਼ ਦੁਰਗੰਧ ਹੀ ਛੱਡੇਗਾ।
8ਸਿਆਣਾ ਵਿਅਕਤੀ ਆਦੇਸ਼ਾਂ ਨੂੰ ਪ੍ਰਵਾਨ ਕਰ ਲੈਂਦਾ, ਪਰ ਇੱਕ
ਮੂਰਖ ਜੋ ਆਪਣੇ ਮੂੰਹ ਤੇ ਕਾਬੂ ਨਹੀਂ ਰੱਖ ਸਕਦਾ ਡਿੰਗ ਪਵੇਗਾ।
9ਇੱਕ ਇਮਾਨਦਾਰ ਆਦਮੀ ਹਮੇਸ਼ਾਂ ਸੁਰੱਖਿਅਤ ਰਹਿੰਦਾ,
ਜਦਕਿ ਧੋਖੇਬਾਜ਼ ਵਿਅਕਤੀ ਫ਼ੜਿਆ ਜਾਂਦਾ।
10ਉਹ ਆਦਮੀ ਜਿਹੜਾ ਸੱਚ ਨੂੰ ਛੁਪਾਉਂਦਾ, ਮੁਸੀਬਤ ਪੈਦਾ
ਕਰਦਾ ਹੈ ਅਤੇ ਇੱਕ ਮੂਰਖ ਜਿਹੜਾ ਆਪਣੇ ਮੂੰਹ ਤੇ ਕਾਬੂ ਨਹੀਂ
ਰੱਖ ਸਕਦਾ ਡਿੰਗ ਪਵੇਗਾ।
11ਇੱਕ ਧਰਮੀ ਵਿਅਕਤੀ ਦੀ ਆਖਣੀ ਜੀਵਨ ਦਾ ਸਰੋਤ ਹੈ।
ਪਰ ਦੁਸ਼ਟ ਲੋਕਾਂ ਦਾ ਮੂੰਹ ਹਿੰਸਾ ਲਈ ਢੱਕਣ ਹੁੰਦਾ ਹੈ।
12ਨਫ਼ਰਤ ਦਲੀਲਬਾਜ਼ੀ ਵਧਾਉਂਦੀ ਹੈ ਜਦਕਿ ਪਿਆਰ ਹਰ
ਗਲਤੀ ਨੂੰ ਮੁਆਫ ਕਰ ਦਿੰਦਾ ਹੈ।
13ਬੁੱਧ ਸਮਝਣ ਵਾਲੇ ਲੋਕਾਂ ਦੇ ਬੁੱਲ੍ਹਾਂ ਤੇ ਪਾਈ ਜਾਂਦੀ ਹੈ।
ਪਰ ਜਿਸ ਵਿਅਕਤੀ ਨੂੰ ਸੂਝ ਦੀ ਕਮੀ ਹੈ ਉਸ ਨੂੰ ਮਾਰ ਦੀ
ਜਰੂਰਤ ਹੈ।
14ਸਿਆਣੇ ਲੋਕ ਹਮੇਸ਼ਾ ਗਿਆਨ ਹਾਸਲ ਕਰਦੇ ਰਹਿੰਦੇ ਹਨ,
ਪਰ ਮੂਰਖ ਲੋਕਾਂ ਦੇ ਸ਼ਬਦ ਬਰਬਾਦੀ ਨੂੰ ਸੱਦਾ ਦਿੰਦੇ ਹਨ।
15ਦੌਲਤ ਅਮੀਰ ਆਦਮੀ ਦੀ ਰੱਖਿਆ ਕਰਦੀ ਹੈ। ਅਤੇ
ਗਰੀਬੀ ਗਰੀਬ ਆਦਮੀ ਨੂੰ ਤਬਾਹ ਕਰ ਦਿੰਦੀ ਹੈ।
16ਇੱਕ ਧਰਮੀ ਵਿਅਕਤੀ ਦਾ ਕੰਮ ਇਨਾਮ ਵਜੋਂ ਜੀਵਨ
ਕਮਾਉਣ ਦਾ ਹੈ, ਪਰ ਇੱਕ ਦੁਸ਼ਟ ਵਿਅਕਤੀ ਆਪਣੇ ਪਾਪਾਂ ਤੋਂ
ਸਜ਼ਾ ਕਮਾਉਂਦਾ ਹੈ।
17ਉਸ ਵਿਅਕਤੀ ਲਈ ਜਿਹੜਾ ਅਨੁਸ਼ਾਸ਼ਨ ਤੇ ਚੱਲਦਾ, ਜੀਵਨ
ਦਾ ਰਾਹ ਬਹੁਤ ਸਾਫ਼ ਹੋ ਜਾਂਦਾ ਹੈ, ਪਰ ਜਿਹੜਾ ਵਿਅਕਤੀ ਸੁਧਾਰ ਨੂੰ
ਨਾਮੰਜ਼ੂਰ ਕਰਦਾ ਹੈ, ਭਟਕ ਜਾਂਦਾ ਹੈ।
18ਜਿਹੜਾ ਵਿਅਕਤੀ ਨਫ਼ਰਤ ਨੂੰ ਛੁਪਾਉਂਦਾ ਹੈ ਝੂਠਾ ਹੈ, ਪਰ
ਜਿਹੜਾ ਅਫ਼ਵਾਹਾਂ ਫੈਲਾਉਂਦਾ ਹੈ ਮੂਰਖ ਹੈ।
19ਬਹੁਤ ਜ਼ਿਆਦਾ ਬੋਲਣ ਦਾ ਨਤੀਜਾ, ਬਹੁਤਾ ਪਾਪ ਹੁੰਦਾ ਹੈ,
ਪਰ ਜਿਹੜਾ ਆਪਣਾ ਮੂੰਹ ਬੰਦ ਰੱਖਦਾ, ਸਿਆਣਾ ਬਣ ਜਾਵੇਗਾ।
20ਨੇਕ ਬੰਦੇ ਦੇ ਸ਼ਬਦ ਸ਼ੁੱਧ ਚਾਂਦੀ ਵਰਗੇ ਹਨ। ਪਰ ਬੁਰੇ ਬੰਦੇ ਦੇ
ਵਿਚਾਰਾਂ ਦੀ ਕੋਈ ਕੀਮਤ ਨਹੀਂ।
21ਨੇਕ ਬੰਦੇ ਦੇ ਸ਼ਬਦ ਹੋਰ ਬਹੁਤ ਲੋਕਾਂ ਦਾ ਭਲਾ ਕਰਦੇ ਹਨ।
ਪਰ ਮੂਰਖ ਆਦਮੀ ਸੂਝ ਦੀ ਕਮੀ ਕਾਰਣ ਮਰ ਜਾਂਦਾ ਹੈ।
22ਯਹੋਵਾਹ ਦੀ ਅਸੀਸ, ਇਹੀ ਹੈ ਜੋ ਕਿਸੇ ਨੂੰ ਅਮੀਰ ਬਣਾਉਂਦੀ
ਹੈ ਅਤੇ ਇਸ ਨਾਲ ਕੋਈ ਕਸ਼ਟ ਨਹੀਂ ਝੱਲਣਾ ਪੈਂਦਾ।
23ਮੂਰਖ ਆਦਮੀ ਗ਼ਲਤ ਕੰਮ ਕਰਕੇ ਖੁਸ਼ ਹੁੰਦਾ ਹੈ। ਪਰ
ਸਮਝਦਾਰ ਆਦਮੀ ਬੁੱਧ ਤੋਂ ਪ੍ਰਸੰਨਤਾ ਪਾਉਂਦਾ ਹੈ।
24ਜਿਸ ਚੀਜ਼ ਤੋਂ ਇੱਕ ਦੁਸ਼ਟ ਵਿਅਕਤੀ ਭੈ ਖਾਂਦਾ ਹੈ, ਉਹ ਉਸੇ
ਉਤੇ ਆ ਜਾਂਦਾ ਹੈ। ਪਰ ਇੱਕ ਧਰਮੀ ਵਿਅਕਤੀ ਦੀਆਂ ਇੱਛਾਵਾਂ
ਪੂਰੀਆਂ ਕੀਤੀਆਂ ਜਾਣਗੀਆਂ।
25ਦੁਸ਼ਟ ਆਦਮੀ ਅਚਾਨਕ ਆਲੋਪ ਹੋ ਜਾਣਗੇ ਜਿਵੇਂ ਕਿ ਹਨੇਰੀ
ਦੁਆਰਾ ਉਡਾਏ ਗਏ ਹੋਣ, ਪਰ ਇੱਕ ਧਰਮੀ ਆਦਮੀ ਹਮੇਸ਼ਾ ਲਈ
ਖੜ੍ਹਾ ਰਹੇਗਾ।
26ਕਦੇ ਵੀ ਸੁਸਤ ਬੰਦੇ ਕੋਲੋਂ ਆਪਣਾ ਕੰਮ ਨਾ ਕਰਾਓ, ਕਿਉਂਕਿ
ਉਹ ਤੈਨੂੰ ਤੇਰੇ ਮੂੰਹ ਵਿੱਚ ਸਿਰਕੇ ਵਾਂਗ ਜਾਂ ਅੱਖਾਂ ਵਿੱਚ ਧੂੰਆਂ ਪੈ
ਜਾਣ ਵਾਂਗ, ਖਿਝਾਵੇਗਾ।
27ਯਹੋਵਾਹ ਲਈ ਇੱਜ਼ਤ ਜੀਵਨ ਵਧਾਉਂਦੀ ਹੈ, ਪਰ ਦੁਸ਼ਟ
ਵਿਅਕਤੀ ਦੇ ਜੀਵਨ ਦੇ ਵਰ੍ਹੇ ਘਟਾ ਦਿੱਤੇ ਜਾਂਦੇ ਹਨ।
28ਧਰਮੀ ਬੰਦੇ ਦੀ ਆਸ ਖੁਸ਼ੀ ਲਿਆਉਂਦੀ ਹੈ। ਪਰ ਦੁਸ਼ਟ ਲੋਕਾਂ
ਦੀਆਂ ਆਸਾਂ ਬਰਬਾਦ ਕੀਤੀਆਂ ਜਾਣਗੀਆਂ।
29ਇੱਕ ਇਮਾਨਦਾਰ ਆਦਮੀ ਲਈ, ਯਹੋਵਾਹ ਦਾ ਰਸਤਾ ਸ਼ਰਣ
ਹੈ ਪਰ ਉਨ੍ਹਾਂ ਲਈ ਜੋ ਬਦੀ ਕਰਦੇ ਹਨ, ਇਹ ਤਬਾਹੀ ਹੈ।
30ਇੱਕ ਧਰਮੀ ਆਦਮੀ ਨੂੰ ਕਦੇ ਵੀ ਉਜਾੜਿਆ ਨਹੀਂ ਜਾਵੇਗਾ
ਪਰ ਦੁਸ਼ਟ ਲੋਕਾਂ ਨੂੰ ਧਰਤੀ ਉੱਤੇ ਨਹੀਂ ਰਹਿਣ ਦਿੱਤਾ ਜਾਵੇਗਾ।
31ਧਰਮੀ ਬੰਦੇ ਦਾ ਮੂੰਹ ਬੁੱਧ ਪੈਦਾ ਕਰਦਾ ਹੈ ਪਰ ਜਿਹੜੀ ਜੁਬਾਨ,
ਬਗ਼ਾਵਤ ਲਈ ਬੋਲਦੀ ਹੈ ਕੱਟ ਦਿੱਤੀ ਜਾਵੇਗੀ।
32ਇੱਕ ਧਰਮੀ ਵਿਅਕਤੀ ਦੇ ਬੁੱਲ੍ਹ ਜਾਣਦੇ ਹਨ ਕਿ ਕੀ
ਮੰਜ਼ੂਰਸ਼ੁਦਾ ਹੈ, ਪਰ ਇੱਕ ਦੁਸ਼ਟ ਵਿਅਕਤੀ ਬਗ਼ਾਵਤ ਲਈ ਬੋਲਦਾ
ਹੈ।

11 1ਝੂਠੀ ਤੱਕੜੀ ਨੂੰ ਯਹੋਵਾਹ ਨਫ਼ਰਤ ਕਰਦਾ, ਪਰ ਸੱਚੀ
ਤੱਕੜੀ ਤੋਂ ਉਹ ਪ੍ਰਸੰਨ ਹੁੰਦਾ ਹੈ।
2ਹੰਕਾਰ ਨਾਲ ਬੇਇੱਜ਼ਤੀ ਆਉਂਦੀ ਹੈ, ਪਰ ਜਿਹੜੇ ਲੋਕ ਹਲੀਮ
ਹਨ ਉਨ੍ਹਾਂ ਨਾਲ ਬੁੱਧ ਹੈ।
3ਇਮਾਨਦਾਰ ਲੋਕਾਂ ਦੀ ਇਮਾਨਦਾਰੀ ਉਨ੍ਹਾਂ ਦਾ ਮਾਰਗ ਦਰਸ਼ਣ
ਕਰਦੀ ਹੈ, ਪਰ ਧੋਖੇਬਾਜ਼ਾਂ ਦੀ ਘ੍ਰਿਣਾ ਉਨ੍ਹਾਂ ਨੂੰ ਤਬਾਹ ਕਰ ਦਿੰਦੀ
ਹੈ।
4ਜਦੋਂ ਪਰਮੇਸ਼ੁਰ ਲੋਕਾਂ ਦਾ ਨਿਆਂ ਕਰਦਾ ਹੈ, ਦੌਲਤ ਦਾ ਕੋਈ
ਮੁੱਲ ਨਹੀਂ ਹੁੰਦਾ। ਪਰ ਨੇਕੀ ਤੈਨੂੰ ਮੌਤ ਤੋਂ ਬਚਾਉਂਦੀ ਹੈ।
5ਇਮਾਨਦਾਰ ਲੋਕਾਂ ਦੀ ਨੇਕੀ ਉਨ੍ਹਾਂ ਦੇ ਰਾਹਾਂ ਨੂੰ ਸਫਲ ਬਣਾਉਂਦੀ
ਹੈ, ਪਰ ਇੱਕ ਦੁਸ਼ਟ ਆਦਮੀ ਦੀ ਦੁਸ਼ਟਤਾ ਉਸ ਦੇ ਪਤਨ ਦਾ
ਕਾਰਣ ਬਣਦੀ ਹੈ।
6ਨੇਕੀ ਇਮਾਨਦਾਰ ਲੋਕਾਂ ਨੂੰ ਬਚਾਉਂਦੀ ਹੈ। ਪਰ ਕਪਟੀ ਲੋਕ
ਆਪਣੀਆਂ ਖੁਦ ਦੀਆਂ ਵਿਉਂਤਾਂ ਕਾਰਣ ਹੀ ਫ਼ਸ ਜਾਂਦੇ ਹਨ।
7ਜਦੋਂ ਕੋਈ ਦੁਸ਼ਟ ਆਦਮੀ ਮਰਦਾ ਹੈ, ਉਸ ਨੂੰ ਕੋਈ ਉਮੀਦ

ਨਹੀਂ ਹੁੰਦੀ, ਜੋ ਉਮੀਦਾਂ ਉਸ ਨੂੰ ਆਪਣੀ ਸ਼ਕਤੀ ਉੱਤੇ ਸਨ ਬੇਕਾਰ ਹਨ।
8ਨੇਕ ਆਦਮੀ ਮੁਸੀਬਤਾਂ ਤੋਂ ਬਚ ਜਾਂਦਾ ਹੈ ਤੇ ਉਹ ਮੁਸੀਬਤਾਂ ਇਸ ਦੀ ਬਜਾਇ ਕਿਸੇ ਦੁਸ਼ਟ ਆਦਮੀ ਤੇ ਆ ਪੈਣਗੀਆਂ।
9ਇੱਕ ਕਪਟੀ ਵਿਅਕਤੀ ਆਪਣੀਆਂ ਗੱਲਾਂ ਨਾਲ ਆਪਣੇ ਗੁਆਢੀ ਨੂੰ ਤਬਾਹ ਕਰ ਦਿੰਦਾ ਹੈ ਪਰ ਧਰਮੀ ਲੋਕ ਆਪਣੀ ਸਮਝਦਾਰੀ ਦੁਆਰਾ ਬਚ ਨਿੱਕਲਦੇ ਹਨ।
10ਇੱਕ ਧਰਮੀ ਵਿਅਕਤੀ ਦੀ ਸਫਲਤਾ ਪੂਰੇ ਸ਼ਹਿਰ ਨੂੰ ਖੁਸ਼ ਕਰ ਦਿੰਦੀ ਹੈ, ਪਰ ਜਦੋਂ ਕਿਸੇ ਦੁਸ਼ਟ ਦਾ ਵਿਨਾਸ਼ ਹੁੰਦਾ ਹੈ ਤਾਂ ਉੱਥੇ ਬੇਅੰਤ ਅਨੰਦ ਮਾਣ ਹੁੰਦਾ ਹੈ।
11ਜਦੋਂ ਨੇਕ ਵਿਅਕਤੀ ਨੂੰ ਅਸੀਸ ਮਿਲਦੀ ਹੈ, ਪੂਰੇ ਸ਼ਹਿਰ ਨੂੰ ਫ਼ਾਇਦਾ ਹੁੰਦਾ ਹੈ ਪਰ ਦੁਸ਼ਟ ਲੋਕਾਂ ਦੀਆਂ ਗੱਲਾਂ ਇਸ ਨੂੰ ਹੇਠਾਂ ਲਾਹ ਦਿੰਦੀਆਂ ਹਨ।
12ਮੂਰਖ ਆਪਣੇ ਗਵਾਂਢੀਆਂ ਦੀ ਨਿੰਦਿਆ ਕਰਦਾ ਹੈ। ਪਰ ਸਿਆਣਾ ਆਦਮੀ ਜਾਣਦਾ ਹੈ ਕਿ ਕਦੋਂ ਚੁੱਪ ਰਹਿਣਾ ਹੈ।
13ਇੱਕ ਗੱਪੀ ਆਦਮੀ ਜਿੱਥੇ ਵੀ ਜਾਂਦਾ ਭੇਤ ਖੋਲ੍ਹ ਦਿੰਦਾ, ਪਰ ਜੋ ਚੁੱਪ ਰਹਿੰਦਾ ਹੈ ਉਸ ਤੇ ਭਰੋਸਾ ਕੀਤਾ ਜਾ ਸਕਦਾ ਹੈ।
14ਜਦੋਂ ਕੋਈ ਰਾਹਨੁਮਾਈ ਨਹੀਂ ਹੁੰਦੀ, ਕੌਮ ਦਾ ਪਤਨ ਹੋ ਜਾਂਦਾ। ਪਰ ਅਨੇਕ ਸਲਾਹਕਾਰ ਸਫ਼ਲਤਾ ਪਰਿਪੱਕ ਬਣਾਉਂਦੇ ਹਨ।
15ਜੇ ਤੂੰ ਕਿਸੇ ਅਜ਼ਨਬੀ ਦਾ ਕਰਜ਼ਾ ਅਦਾ ਕਰਨ ਦਾ ਇਕਰਾਰ ਕਰੇਂਗੇ ਤਾਂ ਤੈਨੂੰ ਅਫ਼ਸੋਸ ਹੋਵੇਗਾ। ਜੇ ਤੂੰ ਇਹੋ ਜਿਹੇ ਇਕਰਾਰ ਕਰਨ ਤੋਂ ਇਨਕਾਰ ਕਰ ਦੇਵੇਂਗਾ ਤਾਂ ਬਚਿਆ ਰਹੇਂਗਾ।
16ਇੱਕ ਦਯਾਵਾਨ ਔਰਤ ਇੱਜ਼ਤ ਹਾਸਲ ਕਰਦੀ ਹੈ। ਪਰ ਬੇਰਹਿਮ ਆਦਮੀ ਸਿਰਫ਼ ਦੌਲਤ ਹੀ ਹਾਸਲ ਕਰਦੇ ਹਨ।
17ਇੱਕ ਦਿਆਲੂ ਆਦਮੀ ਆਪਣੇ ਲਈ ਹਮੇਸ਼ਾ ਚੰਗਾ ਕਰਦਾ ਹੈ, ਪਰ ਇੱਕ ਜ਼ੁਲਮੀ ਵਿਅਕਤੀ ਆਪਣੇ-ਆਪ ਲਈ ਉਦਾਸੀ ਲਿਆਉਂਦਾ ਹੈ।
18ਇੱਕ ਦੁਸ਼ਟ ਵਿਅਕਤੀ ਝੂਠ ਬੋਲਣ ਲਈ ਇਨਾਮ ਹਾਸਲ ਕਰਦਾ ਹੈ, ਪਰ ਜਿਹੜਾ ਵਿਅਕਤੀ ਧਰਮ ਦਾ ਬੀਜ ਬੀਜਦਾ ਹੈ ਉਹ ਸੱਚਾਈ ਦਾ ਇਨਾਮ ਹਾਸਲ ਕਰਦਾ ਹੈ।
19ਸੱਚਮੁੱਚ, ਨੇਕੀ ਜੀਵਨ ਦਿੰਦੀ ਹੈ। ਪਰ ਬੁਰੇ ਬੰਦੇ ਬਦੀ ਦੇ ਪਿੱਛੇ ਦੌੜਦੇ ਹਨ ਤੇ ਉਨ੍ਹਾਂ ਨੂੰ ਮੌਤ ਮਿਲਦੀ ਹੈ।
20ਯਹੋਵਾਹ ਬੁਰਾਈ ਕਰਨ ਵਾਲੇ ਲੋਕਾਂ ਨੂੰ ਨਫ਼ਰਤ ਕਰਦਾ ਹੈ, ਪਰ ਉਨ੍ਹਾਂ ਨਾਲ ਖੁਸ਼ ਹੁੰਦਾ ਹੈ ਜੋ ਆਪਣੇ ਰਾਹਾਂ ਵਿੱਚ ਨਿਰਦੋਸ਼ ਹੁੰਦੇ ਹਨ।
21ਇਹ ਠੀਕ ਹੈ ਕਿ ਇੱਕ ਦੁਸ਼ਟ ਆਦਮੀ ਨੂੰ ਅਵੱਸ਼ ਸਜ਼ਾ ਮਿਲੇਗੀ, ਪਰ ਧਰਮੀ ਲੋਕ ਅਤੇ ਉਨ੍ਹਾਂ ਦੇ ਬੱਚੇ ਆਜ਼ਾਦ ਹੋ ਜਾਣਗੇ।
22ਸੂਰ ਦੇ ਨੱਕ ਵਿੱਚ ਸੋਨੇ ਦੀ ਨੱਥ ਇੱਕ ਖੂਬਸੂਰਤ ਔਰਤ ਜਿਸ ਨੂੰ ਸੂਝ ਦੀ ਕਮੀ ਹੋਵੇ ਇਹੋ ਜਿਹੀ ਹੈ।
23ਇੱਕ ਸੱਜਣ ਆਦਮੀ ਦੀਆਂ ਉਮੀਦਾਂ ਭਲਿਆਈ 'ਚ ਖਤਮ ਹੁੰਦੀਆਂ ਹਨ, ਪਰ ਇੱਕ ਬਦ ਆਦਮੀ ਦੀਆਂ ਉਮੀਦਾਂ ਉਸ ਨੂੰ ਮੁਸੀਬਤ ਵਿੱਚ ਪਾ ਦਿੰਦੀਆਂ ਹਨ।
24ਜੇ ਕੋਈ ਆਦਮੀ ਖੁੱਲ੍ਹ ਦਿਲੀ ਨਾਲ ਦਿੰਦਾ ਹੈ ਤਾਂ ਉਸ ਨੂੰ ਹੋਰ ਵੀ ਲਾਭ ਹੋਵੇਗਾ। ਪਰ ਜੋ ਕੋਈ ਆਦਮੀ ਆਪਣੇ ਕੋਲ ਰੱਖ ਲੈਂਦਾ ਜੋ ਕਿ ਉਸ ਨੂੰ ਨਹੀਂ ਕਰਨਾ ਚਾਹੀਦਾ, ਉਸ ਦਾ ਅੰਤ ਗਰੀਬੀ ਵਿੱਚ ਹੁੰਦਾ ਹੈ।
25ਇੱਕ ਮਿਹਰਬਾਨ ਆਦਮੀ ਤਰੱਕੀ ਕਰੇਗਾ, ਜਿਹੜਾ ਆਦਮੀ ਹੋਰਨਾਂ ਦੀ ਪਿਆਸ ਬੁਝਾਉਂਦਾ, ਉਸ ਦੀ ਖੁਦ ਦੀ ਪਿਆਸ ਵੀ ਬੁਝ ਜਾਂਦੀ ਹੈ।
26ਕੌਮ ਉਸ ਬੰਦੇ ਨੂੰ ਸਰਾਪਦੀ ਹੈ ਜੋ ਅਨਾਜ ਆਪਣੇ ਕੋਲ ਹੀ ਰੱਖ ਲੈਂਦਾ, ਪਰ ਧੰਨ ਹੈ ਉਹ ਜਿਹੜਾ ਉਸ ਨੂੰ ਵੇਚਦਾ।
27ਜਿਹੜਾ ਵਿਅਕਤੀ ਨੇਕੀ ਕਰਦਾ ਰਹਿੰਦਾ, ਜੋ ਚੰਗਾ ਹੈ ਹਾਸਲ ਕਰੇਗਾ, ਅਤੇ ਜੇ ਕੋਈ ਵਿਅਕਤੀ ਬਦੀ ਨੂੰ ਭਾਲਦਾ, ਉਹ ਉਸ ਉੱਤੇ ਆਵੇਗੀ।
28ਜਿਹੜਾ ਆਦਮੀ ਆਪਣੀ ਦੌਲਤ ਉੱਤੇ ਨਿਰਭਰ ਕਰਦਾ ਹੈ ਡਿੱਗ ਪਵੇਗਾ। ਪਰ ਧਰਮੀ ਲੋਕ ਨਵੀਂ ਕਰੂੰਬਲ ਵਾਂਗ ਹਰੇ ਰਹਿਣਗੇ।
29ਜਿਹੜਾ ਆਦਮੀ ਆਪਣੇ ਪਰਿਵਾਰ ਤੇ ਬੇਇੱਜ਼ਤੀ ਲਿਆਉਂਦਾ ਹੈ ਵਿਰਸੇ ਵਿੱਚ ਕੁਝ ਨਹੀਂ ਹਾਸਲ ਕਰਦਾ। ਅਤੇ ਅਖੀਰ ਵਿੱਚ, ਮੂਰਖ ਆਦਮੀ ਸਿਆਣੇ ਦਾ ਗੁਲਾਮ ਬਣ ਜਾਵੇਗਾ।
30ਧਰਮੀ ਬੰਦੇ ਦੇ ਕੰਮ ਦਾ ਨਤੀਜਾ ਜੀਵਨ ਦੇ ਰੁੱਖ ਵਾਂਗ ਹੈ। ਇੱਕ ਸਿਆਣਾ ਆਦਮੀ ਰੂਹਾਂ ਨੂੰ ਇਕੱਠਾ ਕਰਦਾ ਹੈ।
31ਜੇ ਨੇਕ ਬੰਦਿਆਂ ਨੂੰ ਜਿੰਦਗੀ ਵਿੱਚ ਉਨ੍ਹਾਂ ਦੇ ਚੰਗੇ ਕੰਮਾਂ ਲਈ ਇਨਾਮ ਮਿਲਦਾ ਹੈ, ਤਾਂ ਕਿੰਨਾ ਵਧੇਰੇ ਦੁਸ਼ਟਾਂ ਅਤੇ ਪਾਪੀਆਂ ਨੂੰ ਮਿਲੇਗਾ ਜਿਸ ਦੇ ਕਿ ਉਹ ਲਾਇਕ ਹਨ।

**12** 1ਜਿਹੜਾ ਆਦਮੀ ਸਿੱਖਣਾ ਚਾਹੁੰਦਾ ਹੈ ਉਹ ਸੁਧਰਨਾ ਵੀ ਚਾਹੁੰਦਾ ਹੈ, ਪਰ ਜੋ ਕੋਈ ਵੀ ਝਿੜਕੇ ਜਾਣ ਨੂੰ ਨਫ਼ਰਤ ਕਰੇ ਬੇਵਕੂਫ਼ ਹੈ।
2ਇੱਕ ਨੇਕ ਵਿਅਕਤੀ ਯਹੋਵਾਹ ਪਾਸੋਂ ਮਿਹਰ ਪ੍ਰਾਪਤ ਕਰਦਾ, ਪਰ ਉਹ (ਯਹੋਵਾਹ) ਇੱਕ ਸਕੀਮੀ ਬੰਦੇ ਨੂੰ ਨਿੰਦਦਾ ਹੈ।
3ਇੱਕ ਜਣਾ ਬਦੀ ਰਾਹੀਂ ਆਪਣੇ-ਆਪ ਨੂੰ ਸਥਾਪਿਤ ਨਹੀਂ ਕਰ ਸਕਦਾ, ਪਰ ਧਰਮੀ ਬੰਦੇ ਨੂੰ ਕਦੇ ਵੀ ਉਖਾੜਿਆ ਨਹੀਂ ਜਾ ਸਕਦਾ।
4ਨੇਕ ਪਤਨੀ ਆਪਣੇ ਪਤੀ ਦੇ ਸਿਰ ਤੇ ਸ਼ਾਹੀ ਤਾਜ਼ ਵਾਂਗ ਹੁੰਦੀ ਹੈ, ਪਰ ਜਿਹੜੀ ਔਰਤ ਆਪਣੇ ਪਤੀ ਨੂੰ ਸ਼ਰਮਿੰਦਾ ਕਰਦੀ ਹੈ ਉਹ ਉਸ ਦੇ ਸਰੀਰ ਵਿੱਚ ਇੱਕ ਬਿਮਾਰੀ ਵਾਂਗ ਹੈ।
5ਨੇਕ ਬੰਦੇ ਦੀਆਂ ਵਿਉਂਤਾਂ ਨਿਆਈ ਅਤੇ ਸਹੀ ਹੁੰਦੀਆ ਹਨ। ਪਰ ਦੁਸ਼ਟ ਦੀ ਸਲਾਹ ਘ੍ਰਿਣਾਯੋਗ ਹੁੰਦੀ ਹੈ।
6ਦੁਸ਼ਟ ਦੇ ਸ਼ਬਦ ਲੋਕਾਂ ਨੂੰ ਮਾਰਨ ਦੇ ਮੌਕੇ ਦਾ ਇੰਤਜ਼ਾਰ ਕਰਦੇ ਹਨ। ਪਰ ਇੱਕ ਇਮਾਨਦਾਰ ਵਿਅਕਤੀ ਦਾ ਉਪਦੇਸ਼ ਹਮੇਸ਼ਾ ਉਨ੍ਹਾਂ ਨੂੰ ਬਚਾਉਂਦਾ ਹੈ।
7ਬੁਰੇ ਲੋਕ ਉਖੜ ਜਾਂਦੇ ਹਨ ਅਤੇ ਨਹੀਂ ਬਚਦੇ ਪਰ ਧਰਮੀ ਦੇ ਪਰਿਵਾਰ ਕਾਇਮ ਰਹਿਣਗੇ।
8ਇੱਕ ਆਦਮੀ ਦੀ ਉਸ ਦੀ ਆਪਣੀ ਬੁੱਧ ਅਨੁਸਾਰ ਉਸਤਤ ਹੁੰਦੀ ਹੈ, ਪਰ ਜਿਨ੍ਹਾਂ ਲੋਕਾਂ ਦੇ ਮਨ ਪੁੱਠੇ ਹਨ ਤਿਰਸਕਾਰੇ ਜਾਂਦੇ ਹਨ।
9ਮਹੱਤਵਹੀਣ ਹੋ ਕੇ ਇੱਕ ਨੌਕਰ ਨੂੰ ਰੱਖਣਾ ਮਹੱਤਵਪੂਰਣ ਹੋਣ ਦਾ ਦਾਵ੍ਹਾ ਕਰਕੇ ਭੋਜਨ ਦੀ ਕਮੀ ਹੋਣ ਨਾਲੋਂ ਚੰਗਾ ਹੈ।
10ਇੱਕ ਨੇਕ ਆਦਮੀ ਆਪਣੇ ਜਾਨਵਰਾਂ ਦੀਆਂ ਜਰੂਰਤਾਂ ਦੀ ਵੀ ਦੇਖਭਾਲ ਕਰਦਾ ਹੈ। ਪਰ ਦੁਸ਼ਟ ਹਰ ਸਾਕੇ ਵਿੱਚ ਜਾਲਮ ਹੁੰਦੇ ਹਨ।
11ਉਹ ਕਿਸਾਨ ਜਿਹੜਾ ਖੇਤੀ ਕਰਦਾ ਹੈ ਕਦੇ ਭੁੱਖਾ ਨਹੀਂ ਮਰੇਗਾ। ਪਰ ਜਿਹੜਾ ਆਦਮੀ ਫ਼ਜ਼ੂਲ ਵਿਚਾਰਾਂ ਦੇ ਪਿੱਛੇ ਭੱਜਦਾ ਹੈ ਉਸ ਨੂੰ ਸੂਝ ਦੀ ਕਮੀ ਹੁੰਦੀ ਹੈ।
12ਦੁਸ਼ਟ, ਦੁਸ਼ਟ ਆਦਮੀਆਂ ਦੀਆਂ ਲੁੱਟਾਂ ਦੀ ਇੱਛਾ ਕਰਦੇ ਹਨ, ਪਰ ਧਰਮੀ ਉੱਨਤੀ ਕਰਦਾ ਹੈ।

13ਇੱਕ ਦੁਸ਼ਟ ਵਿਅਕਤੀ ਆਪਣੀਆਂ ਮੂਰਖ ਗੱਲਾਂ ਦੁਆਰਾ ਫ਼ਸ ਜਾਂਦਾ ਹੈ, ਪਰ ਇੱਕ ਧਰਮੀ ਵਿਅਕਤੀ ਮੁਸੀਬਤਾਂ ਵਿੱਚੋਂ ਨਿੱਕਲ ਜਾਂਦਾ ਹੈ।
14ਬਿਲਕੁਲ ਜਿਵੇਂ ਆਦਮੀ ਨੂੰ ਆਪਣੇ ਹੱਥੋਂ ਕੀਤੇ ਕੰਮ ਲਈ ਇਨਾਮ ਮਿਲਦਾ ਹੈ, ਇੰਝ ਹੀ ਕਿਸੇ ਦੇ ਚੰਗੇ ਬਚਨ, ਉਸ ਨੂੰ ਚੰਗੀਆਂ ਚੀਜ਼ਾਂ ਹਾਸਲ ਕਰਾਉਂਦੇ ਹਨ।
15ਮੂਰਖ ਆਦਮੀ ਅਪਣੇ ਰਸਤੇ ਨੂੰ ਹੀ ਸਭ ਤੋਂ ਉੱਤਮ ਸਮਝਦਾ ਹੈ। ਪਰ ਸਿਆਣਾ ਆਦਮੀ ਹੋਰਨਾਂ ਲੋਕਾਂ ਦੀਆਂ ਗੱਲਾਂ ਨੂੰ ਧਿਆਨ ਨਾਲ ਸੁਣਦਾ ਹੈ।
16ਮੂਰਖ ਆਦਮੀ ਛੇਤੀ ਹੀ ਗੁੱਸੇ ਹੋ ਜਾਂਦਾ ਹੈ। ਪਰ ਸਮਝਦਾਰ ਆਦਮੀ, ਬੇਇੱਜ਼ਤੀ ਤੇ ਵੀ ਸ਼ਾਂਤ ਹੀ ਰਹਿੰਦਾ ਹੈ।
17ਇੱਕ ਸੱਚਾ ਗਵਾਹ ਸਹੀ ਬਿਆਨ ਦਿੰਦਾ ਹੈ, ਪਰ ਇੱਕ ਝੂਠਾ ਗਵਾਹ ਝੂਠ ਆਖਦਾ ਹੈ।
18ਬਿਨਾ ਸੋਚੇ ਸਮਝੇ ਬੋਲੇ ਸ਼ਬਦ ਤਲਵਾਰ ਵਾਂਗ ਜ਼ਖਮੀ ਕਰ ਸਕਦੇ ਹਨ, ਪਰ ਸਿਆਣੇ ਬੰਦੇ ਦੇ ਉਪਦੇਸ਼ ਜ਼ਖਮਾਂ ਨੂੰ ਰਾਜੀ ਕਰ ਸਕਦੇ ਹਨ।
19ਜਿਹੜੇ ਬੁੱਲ੍ਹ ਸੱਚ ਬੋਲਦੇ ਹਨ ਸਦਾ ਰਹਿਣਗੇ, ਪਰ ਜਿਹੜੀ ਜ਼ੁਬਾਨ ਝੂਠ ਬੋਲਦੀ ਹੈ ਸਿਰਫ਼ ਥੋੜੇ ਹੀ ਪਲਾਂ ਲਈ ਰਹਿੰਦੀ ਹੈ।
20ਜਿਹੜੇ ਬੰਦੇ ਬਦ ਗੱਲਾਂ ਕਰਦੇ ਹਨ ਘ੍ਰਿਣਾਯੋਗ ਹਨ ਪਰ ਜਿਹੜੇ ਲੋਕ ਸ਼ਾਂਤੀ ਨੂੰ ਪ੍ਰੋਤਸਾਹਨ ਦਿੰਦੇ ਹਨ, ਖੁਸ਼ ਹਨ।
21ਇੱਕ ਧਰਮੀ ਵਿਅਕਤੀ ਕਿਸੇ ਵੀ ਮੁਸੀਬਤ ਦਾ ਸਾਹਮਣਾ ਨਹੀਂ ਕਰੇਗਾ, ਪਰ ਦੁਸ਼ਟ ਲੋਕ ਹਮੇਸ਼ਾਂ ਮੁਸੀਬਤਾਂ ਦਾ ਸਾਹਮਣਾ ਕਰਨਗੇ।
22ਯਹੋਵਾਹ ਉਨ੍ਹਾਂ ਲੋਕਾਂ ਨੂੰ ਨਫ਼ਰਤ ਕਰਦਾ ਹੈ ਜਿਹੜੇ ਝੂਠ ਬੋਲਦੇ ਹਨ, ਪਰ ਉਹ ਉਨ੍ਹਾਂ ਲੋਕਾਂ ਉੱਤੇ ਮਿਹਰ ਨਾਲ ਵੇਖਦਾ ਹੈ ਜਿਹੜੇ ਧਰਮੀ ਗੱਲਾਂ ਕਰਦੇ ਹਨ।
23ਸਿਆਣੇ ਲੋਕ ਆਪਣਾ ਗਿਆਨ ਆਪਣੇ ਤਾਂਈ ਰੱਖਦੇ ਹਨ ਪਰ ਇੱਕ ਮੂਰਖ ਆਪਣੀ ਮੂਰਖਤਾਈ ਦਰਸਾ ਦਿੰਦਾ ਹੈ।
24ਉਹ ਲੋਕ ਜਿਹੜੇ ਮਿਹਨਤੀ ਹਨ ਉਹ ਹੋਰਨਾਂ ਕਾਮਿਆਂ ਦੀ ਨਿਗਰਾਨੀ ਉੱਤੇ ਲਗਾਏ ਜਾਣਗੇ। ਪਰ ਸੁਸਤ ਬੰਦੇ ਨੂੰ ਗੁਲਾਮ ਦੀ ਤਰ੍ਹਾਂ ਕੰਮ ਕਰਨਾ ਪਵੇਗਾ।
25ਫ਼ਿਕਰ ਆਦਮੀ ਉੱਤੇ ਇੱਕ ਭਾਰੀ ਬੋਝ ਵਾਂਗ ਹੈ, ਪਰ ਚੰਗੇ ਸ਼ਬਦ ਉਸ ਨੂੰ ਖੁਸ਼ ਕਰ ਸਕਦੇ ਹਨ।
26ਧਰਮੀ ਵਿਅਕਤੀ ਆਪਣੇ ਮਿੱਤਰਾਂ ਦਾ ਅਗਵਾਈ ਕਰਦਾ ਹੈ, ਪਰ ਦੁਸ਼ਟ ਦਾ ਰਸਤਾ ਉਨ੍ਹਾਂ ਨੂੰ ਗੁਮਰਾਹ ਕਰ ਦਿੰਦਾ ਹੈ।
27ਇੱਕ ਆਲਸੀ ਵਿਅਕਤੀ ਉਹ ਹਾਸਲ ਨਹੀਂ ਕਰੇਗਾ ਜੋ ਉਸ ਨੂੰ ਚਾਹੀਦਾ ਹੈ, ਪਰ ਇੱਕ ਮਿਹਨਤੀ ਆਦਮੀ ਅੱਤ ਕੀਮਤੀ ਚੀਜ਼ਾਂ ਤੇ ਵੀ ਕਬਜ਼ਾ ਕਰ ਲਵੇਗਾ।
28ਨੇਕੀ ਦੇ ਰਾਹ ਵਿੱਚ ਜੀਵਨ ਹੈ ਪਰ ਇੱਕ ਅਜਿਹਾ ਰਸਤਾ ਵੀ ਹੈ ਜੋ ਮੌਤ ਵੱਲ ਅਗਵਾਈ ਕਰਦਾ ਹੈ।

13 1ਸਿਆਣਾ ਪੁੱਤਰ ਆਪਣੇ ਪਿਤਾ ਦੀਆਂ ਆਖੀਆਂ ਗੱਲਾਂ ਨੂੰ ਧਿਆਨ ਨਾਲ ਸੁਣਦਾ ਹੈ। ਪਰ ਇੱਕ ਮਗਰੂਰ ਵਿਅਕਤੀ ਝਿੜਕ ਨੂੰ ਨਹੀਂ ਸੁਣਦਾ।
2ਵਿਅਕਤੀ ਨੂੰ ਆਪਣੇ ਚੰਗੇ ਉਪਦੇਸ਼ ਲਈ ਚੰਗਾ ਇਨਾਮ ਮਿਲ ਸਕਦਾ ਹੈ ਪਰ ਇੱਕ ਕਪਟੀ ਵਿਅਕਤੀ ਹਮੇਸ਼ਾਂ ਹਿੰਸਾ ਹੀ ਪ੍ਰਾਪਤ ਕਰਦਾ ਹੈ।
3ਜਿਹੜਾ ਆਦਮੀ ਆਪਣੇ ਬੋਲਾਂ ਵਿੱਚ ਸਾਵਧਾਨ ਹੋਵੇ ਆਪਣੀ ਜਾਨ ਦਾ ਬਚਾਉ ਕਰ ਲੈਂਦਾ ਹੈ। ਪਰ ਉਹ ਆਦਮੀ ਜਿਹੜਾ ਬਿਨਾ ਸੋਚੇ ਬੋਲਦਾ ਹੈ, ਆਪਣੇ-ਆਪ ਨੂੰ ਤਬਾਹ ਕਰ ਲੈਂਦਾ ਹੈ।
4ਸੁਸਤ ਆਦਮੀ ਚੀਜ਼ਾਂ ਤਾਂ ਚਾਹੁੰਦਾ ਹੈ ਪਰ ਉਨ੍ਹਾਂ ਨੂੰ ਉਹ ਕਦੇ ਹਾਸਲ ਨਹੀਂ ਕਰ ਸਕਦਾ। ਪਰ ਉਹ ਲੋਕ ਜਿਹੜੇ ਮਿਹਨਤ ਕਰਦੇ ਹਨ ਆਪਣੀ ਮਨ-ਚਾਹੀਆਂ ਚੀਜ਼ਾਂ ਹਾਸਲ ਕਰ ਲੈਣਗੇ।
5ਇੱਕ ਧਰਮੀ ਵਿਅਕਤੀ ਝੂਠ ਨੂੰ ਨਫ਼ਰਤ ਕਰਦਾ ਹੈ ਪਰ ਇੱਕ ਦੁਸ਼ਟ-ਆਦਮੀ ਆਪਣੇ-ਆਪ ਉੱਤੇ ਸਿਰਫ਼ ਸ਼ਰਮਸਾਰੀ ਅਤੇ ਬੇਇੱਜ਼ਤੀ ਲਿਆਉਂਦਾ ਹੈ।
6ਜਿਹੜਾ ਵਿਅਕਤੀ ਨਿਰਦੋਸ਼ ਜੀਵਨ ਜੀਉਂਦਾ ਨੇਕੀ ਦੁਆਰਾ ਬਚਾਇਆ ਜਾਂਦਾ, ਜਦ ਕਿ ਬਦ-ਕਰਨੀਆਂ ਇੱਕ ਪਾਪੀ ਨੂੰ ਹਰਾ ਦਿੰਦੀਆਂ ਹਨ।
7ਕੁਝ ਲੋਕ ਇਸ ਤਰ੍ਹਾਂ ਵਿਹਾਰ ਕਰਦੇ ਹਨ ਜਿਵੇਂ ਉਹ ਅਮੀਰ ਹੋਣ ਪਰ ਹੁੰਦੇ ਉਹ ਗਰੀਬ ਹਨ। ਕੁਝ ਲੋਕ ਗਰੀਬਾਂ ਵਰਗਾ ਵਿਹਾਰ ਕਰਦੇ ਹਨ ਪਰ ਅਸਲ ਵਿੱਚ ਉਹ ਅਮੀਰ ਹੁੰਦੇ ਹਨ।
8ਇੱਕ ਅਮੀਰ ਆਦਮੀ ਦੀ ਜ਼ਿੰਦਗੀ ਉਸ ਦੀ ਦੌਲਤ ਦੁਆਰਾ ਉਜਾੜੀ ਜਾ ਸਕਦੀ ਹੈ। ਪਰ ਗਰੀਬ ਆਦਮੀ ਕਦੇ ਵੀ ਅਜੇਹੇ ਖ਼ਤਰੇ ਦਾ ਸਾਹਮਣਾ ਨਹੀਂ ਕਰਦਾ।
9ਧਰਮੀ ਲੋਕ ਚਮਕਦਾਰ ਰੌਸ਼ਨੀ ਵਾਂਗ ਹਨ, ਪਰ ਦੁਸ਼ਟ ਲੋਕਾਂ ਦਾ ਦੀਵਾ ਬੁਝਾਇਆ ਹੀ ਜਾਣ ਵਾਲਾ ਹੈ।
10ਘਮੰਡ ਸਿਰਫ਼ ਝਗੜਿਆਂ ਵੱਲ ਹੀ ਅਗਵਾਈ ਕਰਦਾ ਹੈ, ਪਰ ਜਿਹੜਾ ਵਿਅਕਤੀ ਚੰਗੀ ਸਲਾਹ ਨੂੰ ਸੁਣਦਾ ਹੈ, ਸਿਆਣਾ ਵਿਅਕਤੀ ਹੈ।
11ਧੋਖੇ ਨਾਲ ਕਮਾਈ ਹੋਈ ਦੌਲਤ ਛੋਟੀ ਤੋਂ ਛੋਟੀ ਹੁੰਦੀ ਜਾਂਦੀ ਹੈ। ਪਰ ਜਿਹੜਾ ਵਿਅਕਤੀ ਹੱਥ ਭਰਕੇ ਪੈਸੇ ਇਕੱਠੇ ਕਰਦਾ ਉਸ ਦੀ ਦੌਲਤ ਵੱਧਦੀ-ਫੁੱਲਦੀ ਹੈ।
12ਜਦੋਂ ਕਿਸੇ ਦੀ ਉਮੀਦ ਪੂਰੀ ਨਹੀਂ ਹੁੰਦੀ, ਇਹ ਉਸ ਦੇ ਦਿਲ ਨੂੰ ਰੋਗੀ ਬਣਾ ਦਿੰਦੀ ਹੈ ਪਰ ਇੱਕ ਭਰਪੂਰ ਉਮੀਦ ਜੀਵਨ ਦੇ ਰੁੱਖ ਵਾਂਗ ਹੈ।
13ਇੱਕ ਬੰਦੇ ਨੂੰ ਅਦਾਇਗੀ ਕਰਨੀ ਪਵੇਗੀ ਜੇਕਰ ਉਹ ਹਿਦਾਇਤ ਦੀ ਇੱਜ਼ਤ ਨਹੀਂ ਕਰਦਾ, ਪਰ ਜਿਹੜਾ ਵਿਅਕਤੀ ਹੁਕਮ ਦੀ ਇੱਜ਼ਤ ਕਰਦਾ, ਇਨਾਮ ਪ੍ਰਾਪਤ ਕਰਦਾ ਹੈ।
14ਇੱਕ ਸਿਆਣੇ ਵਿਅਕਤੀ ਦੀ ਹਿਦਾਇਤ ਇੱਕ ਜੀਵਨ ਦੇਣ ਵਾਲੇ ਝਰਨੇ ਵਾਂਗ ਹੈ ਇਹ ਲੋਕਾਂ ਨੂੰ ਮੌਤ ਦੇ ਸ਼ਿਕੰਜਿਆਂ ਤੋਂ ਬਚਾਉਂਦੀ ਹੈ।
15ਚੰਗੀ ਸੂਝ ਵਾਲੇ ਵਿਅਕਤੀ ਨੂੰ ਲੋਕ ਪਸੰਦ ਕਰਦੇ ਹਨ, ਪਰ ਉਨ੍ਹਾਂ ਲੋਕਾਂ ਲਈ ਜ਼ਿੰਦਗੀ ਦੁਭਰ ਹੋ ਜਾਂਦੀ ਹੈ ਜਿਹੜੇ ਕਪਟੀ ਹੁੰਦੇ ਹਨ।
16ਕੋਈ ਵੀ ਦੂਰ-ਦਰਸ਼ੀ ਵਿਅਕਤੀ ਸਮਝਦਾਰੀ ਦੇ ਆਧਾਰ ਤੇ ਕੰਮ ਕਰਦਾ ਹੈ, ਪਰ ਇੱਕ ਮੂਰਖ ਆਪਣੀ ਬੇਵਕੂਫ਼ੀ ਪ੍ਰਮਾਣਿਤ ਕਰ ਦਿੰਦਾ ਹੈ।
17ਇੱਕ ਦੁਸ਼ਟ ਸੰਦੇਸ਼ਵਾਹਕ ਦਾ ਅੰਤ ਮੁਸੀਬਤ ਵਿੱਚ ਹੁੰਦਾ ਹੈ, ਜਦ ਕਿ ਇੱਕ ਭਰੋਸੇਯੋਗ ਸੰਦੇਸ਼ਵਾਹਕ ਸ਼ਾਂਤੀ ਲਿਆਉਂਦਾ ਹੈ।
18ਜਿਹੜਾ ਵਿਅਕਤੀ ਹਿਦਾਇਤ ਨੂੰ ਨਾਮੰਜ਼ੂਰ ਕਰਦਾ ਹੈ ਸਿਰਫ਼ ਸ਼ਰਮਿੰਦਾ ਅਤੇ ਗਰੀਬੀ ਪਾਂਦਾ ਹੈ, ਪਰ ਜਿਹੜਾ ਵਿਅਕਤੀ ਝਿੜਕ ਨੂੰ ਪ੍ਰਵਾਨ ਕਰਦਾ ਹੈ ਇੱਜ਼ਤ ਪ੍ਰਾਪਤ ਕਰਦਾ ਹੈ।
19ਜੇ ਕੋਈ ਆਦਮੀ ਕੁਝ ਲੋਚਦਾ ਹੈ ਤੇ ਫ਼ੇਰ ਉਸ ਨੂੰ ਪ੍ਰਾਪਤ ਕਰ ਲੈਂਦਾ ਹੈ ਤਾਂ ਉਹ ਬਹੁਤ ਪ੍ਰਸੰਨ ਹੋਵੇਗਾ। ਪਰ ਮੂਰਖ ਬੰਦੇ ਸਿਰਫ ਬੁਰਾ ਲੋਚਦੇ ਹਨ ਉਹ ਬਦਲਣ ਤੋਂ ਇਨਕਾਰ ਕਰਦੇ ਹਨ।

20ਇੱਕ ਸਿਆਣੇ ਬੰਦੇ ਦਾ ਸੰਗ ਬੁੱਧ ਲਿਆਉਂਦਾ, ਜਦ ਕਿ ਇੱਕ
ਮੂਰਖ ਆਦਮੀ ਦਾ ਸੰਗ ਸਿਰਫ਼ ਮੁਸੀਬਤ ਲਿਆਉਂਦਾ ਹੈ।
21ਪਾਪੀਆਂ ਦੇ ਪਿੱਛੇ ਮੁਸੀਬਤਾਂ ਲੱਗੀਆਂ ਰਹਿੰਦੀਆਂ, ਪਰ
ਧਰਮੀ ਚੰਗੇ ਇਨਾਮ ਪ੍ਰਾਪਤ ਕਰਦੇ ਹਨ।
22ਇੱਕ ਨੇਕ ਆਦਮੀ ਆਪਣੇ ਪੋਤਿਆਂ ਲਈ ਵੀ ਵਿਰਸੇ ਛੱਡ
ਜਾਂਦਾ, ਪਰ ਇੱਕ ਪਾਪੀ ਦੌਲਤ ਨੂੰ ਜਮ੍ਹਾਂ ਕਰਦਾ ਰਹਿੰਦਾ ਜਿਹੜੀ
ਅਖੀਰ ਵਿੱਚ ਧਰਮੀ ਲੋਕਾਂ ਕੋਲ ਚੱਲੀ ਜਾਵੇਗੀ।
23ਹਾਲਾਂ ਕਿ ਹੋ ਸਕਦਾ ਕਿ ਗਰੀਬ ਆਦਮੀ ਖੇਤ ਵਿੱਚ ਕਾਫ਼ੀ
ਅਨਾਜ ਪੈਦਾ ਕਰੇ, ਪਰ ਇਹ ਖੋਹ ਲਿਆ ਜਾਵੇਗਾ ਜੇਕਰ ਓਥੇ
ਨਿਆਂ ਨਾ ਹੋਇਆ।
24ਜਿਹੜਾ ਆਦਮੀ ਆਪਣੇ ਪੁੱਤਰ ਨੂੰ ਸਜ਼ਾ ਨਹੀਂ ਦਿੰਦਾ, ਉਸ
ਨੂੰ ਪਿਆਰ ਨਹੀਂ ਕਰਦਾ, ਪਰ ਜਿਹੜਾ ਆਦਮੀ ਆਪਣੇ ਪੁੱਤਰ ਨੂੰ
ਪਿਆਰ ਕਰਦਾ ਉਹ ਉਸ ਨੂੰ ਯਕੀਨੀ ਅਨੁਸ਼ਾਸਿਤ ਕਰੇਗਾ।
25ਇੱਕ ਧਰਮੀ ਵਿਅਕਤੀ ਜਿੰਨਾ ਚਾਹੇ ਖਾ ਸਕਦਾ, ਪਰ ਦੁਸ਼ਟ
ਦਾ ਢਿੱਡ ਖਾਲੀ ਹੀ ਰਹਿੰਦਾ ਹੈ।

**14** 1ਇੱਕ ਬੁੱਧਵਾਨ ਔਰਤ ਆਪਣਾ ਘਰ ਬਣਾਉਂਦੀ ਹੈ,
ਪਰ ਮੂਰਖਣੀ ਇਸ ਨੂੰ ਆਪਣੇ ਹੀ ਹੱਥੀਂ ਢਾਹ ਲੈਂਦੀ
ਹੈ।
2ਜਿਹੜਾ ਵਿਅਕਤੀ ਇਮਾਨਦਾਰੀ ਨਾਲ ਜੀਉਂਦਾ ਹੈ ਯਹੋਵਾਹ
ਤੋਂ ਡਰਦਾ ਹੈ, ਪਰ ਜਿਹੜਾ ਚਲਾਕ ਹੁੰਦਾ ਉਸ ਨੂੰ ਤਿਰਸਕਾਰਦਾ ਹੈ।
3ਇੱਕ ਮੂਰਖ ਬੰਦੇ ਦਾ ਕਥਨ ਉਸ ਦੇ ਘਮੰਡ ਨੂੰ ਸਜ਼ਾ ਦੇਣ
ਲਈ ਛੜ ਲਿਆਉਂਦਾ ਹੈ ਪਰ ਸਿਆਣੇ ਲੋਕਾਂ ਦਾ ਉਪਦੇਸ਼ ਉਨ੍ਹਾਂ
ਦਾ ਬਚਾਉ ਕਰਦਾ ਹੈ।
4ਜਿੱਥੇ ਬਲਦ ਨਹੀਂ ਹੁੰਦੇ, ਬਾੜਾ ਖਾਲੀ ਰਹਿੰਦਾ ਹੈ। ਪਰ ਇੱਕ
ਬਲਦ ਦੀ ਤਾਕਤ, ਭਰਪੂਰ ਫ਼ਸਲ ਦੀ ਵਾਢੀ ਕਰਨ ’ਚ ਮਦਦ
ਕਰਦੀ ਹੈ।
5ਇੱਕ ਸੱਚਾ ਗਵਾਹ ਝੂਠ ਨਹੀਂ ਬੋਲਦਾ। ਜੋ ਕੋਈ ਵੀ ਝੂਠ
ਦੱਸਦਾ ਇੱਕ ਝੂਠਾ ਗਵਾਹ ਹੁੰਦਾ ਹੈ।
6ਇੱਕ ਮਗਰੂਰ ਵਿਅਕਤੀ ਬੁੱਧ ਭਾਲਦਾ ਅਤੇ ਇਸ ਨੂੰ ਲੱਭ ਨਹੀਂ
ਸਕਦੀ, ਪਰ ਬੁੱਧ ਆਸਾਨੀ ਨਾਲ ਉਸ ਬੰਦੇ ਕੋਲ ਆ ਜਾਂਦੀ ਹੈ ਜੋ
ਸਿਖਲਾਈ ਪ੍ਰਾਪਤ ਹੈ।
7ਮੂਰਖ ਬੰਦੇ ਨਾਲ ਦੋਸਤੀ ਕਦੇ ਨਾ ਕਰ। ਉਹ ਤੈਨੂੰ ਕੁਝ ਵੀ
ਨਹੀਂ ਸਿਖਾ ਸਕਦਾ।
8ਚੁਸਤ ਆਦਮੀ ਲਈ, ਬੁੱਧ, ਜੋ ਕੁਝ ਵੀ ਉਹ ਕਰੇ ਉਸ ਨੂੰ
ਸੋਚ-ਵਿਚਾਰ ਦਿੰਦੀ ਹੈ, ਪਰ ਮੂਰਖਾਂ ਦੀ ਬੇਵਕੂਫ਼ੀ, ਧੋਖਾ ਕਰਦੀ ਹੈ।
9ਮੂਰਖ ਆਪਣੇ ਦੋਸ਼ ਬਾਰੇ ਹੱਸਦੇ ਹਨ, ਪਰ ਇਮਾਨਦਾਰ ਲੋਕਾਂ
ਦਰਮਿਆਨ ਚੰਗੀ ਵਸੀਅਤ ਹੁੰਦੀ ਹੈ।
10ਹਰ ਵਿਅਕਤੀ ਆਪਣੇ ਦੁੱਖਾਂ ਬਾਰੇ ਜਾਣਦਾ ਹੈ, ਅਤੇ ਇਸੇ
ਤਰ੍ਹਾਂ ਹੀ ਕੋਈ ਅਜਨਬੀ ਕਿਸੇ ਹੋਰ ਦੇ ਅਨੰਦ ਨੂੰ ਸਾਂਝਾ ਨਹੀਂ ਕਰ
ਸਕਦਾ।
11ਦੁਸ਼ਟ ਲੋਕਾਂ ਦਾ ਘਰ ਤਬਾਹ ਹੋ ਜਾਵੇਗਾ, ਪਰ ਇਮਾਨਦਾਰ
ਲੋਕਾਂ ਦਾ ਤੰਬੂ ਵੱਧੇ-ਫੁੱਲੇਗਾ।
12ਇੱਕ ਉਹ ਰਸਤਾ ਹੈ ਜਿਸ ਨੂੰ ਲੋਕ ਸਹੀ ਸਮਝਦੇ ਹਨ। ਪਰ
ਉਹ ਰਸਤਾ ਸਿਰਫ਼ ਮੌਤ ਵੱਲ ਜਾਂਦਾ ਹੈ।
13ਕੋਈ ਜਣਾ ਹੱਸਦਿਆਂ ਹੋਇਆਂ ਵੀ ਉਦਾਸ ਹੋ ਸਕਦਾ ਹੈ ਅਤੇ
ਹੋ ਸਕਦਾ ਕਿ ਹਾਸੇ ਦਾ ਅੰਤ ਉਦਾਸੀ ਵਿੱਚ ਹੋਵੇ।
14ਜਿਸ ਬੰਦੇ ਵਿੱਚ ਵਫ਼ਾਦਾਰੀ ਦੀ ਕਮੀ ਹੁੰਦੀ ਹੈ, ਆਪਣੇ ਅਮਲਾਂ
ਦੇ ਫ਼ਲਾਂ ਨੂੰ ਭੋਗਣਗੇ, ਅਤੇ ਇਸੇ ਤਰ੍ਹਾਂ ਹੀ ਇੱਕ ਚੰਗਾ ਆਦਮੀ
ਆਪਣਾ ਕੰਮਾਂ ਦਾ ਫਲ ਭੋਗੇਗਾ।
15ਭੋਲਾ ਜੋ ਵੀ ਸੁਣਦਾ ਹੈ ਉਸ ਉੱਤੇ ਭਰੋਸਾ ਕਰ ਲੈਂਦਾ ਹੈ। ਪਰ
ਸਿਆਣਾ ਆਦਮੀ ਕਰਨ ਤੋਂ ਪਹਿਲਾਂ ਹਰ ਚੀਜ਼ ਬਾਰੇ ਧਿਆਨ ਨਾਲ
ਸੋਚ ਵਿਚਾਰ ਕਰਦਾ ਹੈ।
16ਸਿਆਣੇ ਲੋਕ ਸੁਚੇਤ ਰਹਿੰਦੇ ਅਤੇ ਮੁਸੀਬਤ ਤੋਂ ਦੂਰ ਰਹਿੰਦੇ
ਹਨ। ਪਰ ਮੂਰਖ ਆਦਮੀ ਢੀਠ ਹੋ ਕੇ ਲਾਪ੍ਰਵਾਹ ਰਹਿੰਦੇ ਹਨ।
17ਜਿਹੜਾ ਆਦਮੀ ਛੇਤੀ ਗੁੱਸੇ ਵਿੱਚ ਆ ਜਾਂਦਾ ਹੈ ਮੂਰਖਤਾ
ਭਰੀਆਂ ਗੱਲਾਂ ਕਰਦਾ ਹੈ। ਪਰ ਸਿਆਣਾ ਆਦਮੀ ਧੀਰਜਵਾਨ
ਹੁੰਦਾ ਹੈ।
18ਆਮ ਆਦਮੀ ਦਾ ਵਿਰਸਾ ਬੇਵਕੂਫ਼ੀ ਹੈ, ਪਰ ਇੱਕ ਸਿਆਣਾ
ਆਦਮੀ ਗਿਆਨ ਨੂੰ ਆਪਣੇ ਤਾਜ ਵਜੋਂ ਪ੍ਰਾਪਤ ਕਰੇਗਾ।
19ਬਦ ਆਦਮੀਆਂ ਨੂੰ ਚੰਗੇ ਆਦਮੀਆਂ ਦੇ ਅੱਗੇ ਝੁਕਣਾ
ਪਵੇਗਾ ਅਤੇ ਦੁਸ਼ਟ ਲੋਕਾਂ ਨੂੰ ਧਰਮੀਆਂ ਦੇ ਫਾਟਕਾਂ ਤੇ ਝੁਕਣਾ
ਪਵੇਗਾ, ਜੋ ਧਰਮੀ ਹਨ।
20ਇੱਕ ਗਰੀਬ ਆਦਮੀ ਨੂੰ ਆਪਣੇ ਗੁਆਂਢੀ ਦੁਆਰਾ ਵੀ
ਦੂਰੀ ਤੇ ਰੱਖਿਆ ਜਾਂਦਾ, ਪਰ ਅਮੀਰ ਆਦਮੀ ਦੇ ਅਨੇਕਾਂ ਦੋਸਤ
ਹੁੰਦੇ ਹਨ।
21ਜਿਹੜਾ ਵਿਅਕਤੀ ਆਪਣੇ ਗੁਆਂਢੀ ਨੂੰ ਤੁੱਛ ਜਾਣਦਾ ਹੈ ਉਹ
ਪਾਪ ਕਰਦਾ ਹੈ, ਪਰ ਜੋ ਕੋਈ ਵੀ ਗਰੀਬ ਲਈ ਦਯਾਲੂ ਹੋਵੇਗਾ
ਉਹ ਧੰਨ ਹੈ।
22ਕੀ ਉਹ ਜਿਹੜੇ ਬਦੀ ਕਰਦੇ ਰਹਿੰਦੇ ਹਨ ਗੁਆਚ ਨਹੀਂ ਜਾਂਦੇ?
ਪਰ ਉਹ ਜਿਹੜੇ ਹੋਰਨਾਂ ਦਾ ਚੰਗਾ ਮੰਗਦੇ ਹਨ, ਨਮਕਹਲਾਲੀ ਅਤੇ
ਭਰੋਸਾ ਕਮਾਉਂਦੇ ਹਨ।
23ਸਖਤ ਮਿਹਨਤ ਹਮੇਸ਼ਾ ਅਦਾਇਗੀ ਕਰਦੀ ਹੈ ਪਰ ਓਕੀਆਂ
ਗੱਲਾਂ ਗਰੀਬੀ ਵੱਲ ਅਗਵਾਈ ਕਰਦੀਆਂ ਹਨ।
24ਸਿਆਣੇ ਲੋਕਾਂ ਨੂੰ ਦੌਲਤ ਦੁਆਰਾ ਪੁਰਸਕਰਿਤ ਕੀਤਾ ਜਾਂਦਾ,
ਪਰ ਮੂਰਖ ਲੋਕਾਂ ਦੀ ਬੇਵਕੂਫ਼ੀ ਸਿਰਫ਼ ਹੋਰ ਵਧੇਰੇ ਬੇਵਕੂਫ਼ੀ ਪੈਦਾ
ਕਰਦੀ ਹੈ।
25ਇੱਕ ਸੱਚਾ ਗਵਾਹ ਜਿੰਦਗੀਆਂ ਬਚਾਉਂਦਾ, ਪਰ ਇੱਕ ਝੂਠਾ
ਗਵਾਹ ਘ੍ਰਿਣਾ ਨਾਲ ਭਰਪੂਰ ਹੁੰਦਾ ਹੈ।
26ਜਿਹੜਾ ਆਦਮੀ ਯਹੋਵਾਹ ਤੋਂ ਡਰਦਾ ਹੈ ਉਸ ਕੋਲ ਇੱਕ
ਤਕੜਾ ਗੜ੍ਹ ਹੈ ਅਤੇ ਉਸ ਦੇ ਬੱਚੇ ਇਸ ਵਿੱਚ ਸ਼ਰਣ ਪਾਉਂਦੇ ਹਨ।
27ਯਹੋਵਾਹ ਦਾ ਡਰ ਜੀਵਨ ਦਾ ਸਰੋਤ ਹੈ, ਇਹ ਵਿਅਕਤੀ ਨੂੰ
ਮੌਤ ਦੇ ਸ਼ਿਕੰਜੇ ਤੋਂ ਬਚਾਉਂਦਾ ਹੈ।
28ਜੇ ਕੋਈ ਰਾਜਾ ਬਹੁਤ ਸਾਰੇ ਲੋਕਾਂ ਤੇ ਰਾਜ ਕਰਦਾ ਹੈ ਤਾਂ ਉਹ
ਮਹਾਨ ਹੈ। ਜੇ ਉਸ ਦੀ ਪਰਜਾ ਹੀ ਨਹੀਂ ਤਾਂ ਰਾਜਾ ਕਿਸੇ ਕੰਮ ਦਾ
ਨਹੀਂ।
29ਇੱਕ ਧੀਰਜਵਾਨ ਆਦਮੀ ਵੱਡੀ ਸਮਝਦਾਰੀ ਪਰਗਟ ਕਰਦਾ
ਪਰ ਜਿਹੜਾ ਆਦਮੀ ਛੇਤੀ ਗੁੱਸੇ ਵਿੱਚ ਆ ਜਾਂਦਾ ਹੈ ਉਹ ਆਪਣੀ
ਹੀ ਬੇਵਕੂਫ਼ੀ ਦਰਸਾ ਦਿੰਦਾ ਹੈ।
30ਸ਼ਾਂਤ ਮਨ ਸਰੀਰ ਨੂੰ ਜੀਵਨ ਦਿੰਦਾ ਹੈ, ਪਰ ਈਰਖਾ ਹੱਡੀਆਂ
ਨੂੰ ਤਬਾਹ ਕਰ ਦਿੰਦੀ ਹੈ।
31ਜਿਹੜਾ ਵਿਅਕਤੀ ਗਰੀਬਾਂ ਨੂੰ ਸਤਾਉਂਦਾ, ਆਪਣੇ ਬਣਾਉਣ
ਵਾਲੇ ਨੂੰ ਤਿਰਸਕਾਰਦਾ, ਪਰ ਜਿਹੜਾ ਵਿਅਕਤੀ ਗਰੀਬ ਲਈ
ਦਯਾਲੂ ਹੈ, ਉਹ ਉਸ ਦਾ ਆਦਰ ਕਰਦਾ ਹੈ।
32ਇੱਕ ਦੁਸ਼ਟ ਆਦਮੀ ਭਟਕ ਜਾਂਦਾ ਹੈ ਜਦੋਂ ਮੁਸੀਬਤ ਉਸ

ਨਾਲ ਵਾਪਰਦੀ ਹੈ, ਪਰ ਇੱਕ ਧਰਮੀ ਆਦਮੀ ਉਦੋਂ ਵੀ ਹੌਂਸਲੇਮੰਦ ਹੁੰਦਾ ਹੈ, ਜਦੋਂ ਉਹ ਮਰਦਾ ਹੈ।

33ਸਿੱਖੇ ਹੋਏ ਵਿਅਕਤੀ ਦੇ ਮਨ ਵਿੱਚ ਬੁੱਧ ਰਹਿੰਦੀ ਹੈ ਅਤੇ ਉਹ ਆਪਣੇ-ਆਪ ਨੂੰ, ਮੂਰਖਾਂ ਦਰਮਿਆਨ ਪ੍ਰਗਟ ਹੋਣ ਦਿੰਦੀ ਹੈ।

34ਨੇਕੀ ਕਿਸੇ ਕੌਮ ਨੂੰ ਮਹਾਨ ਬਣਾ ਦਿੰਦੀ ਹੈ। ਪਰ ਪਾਪ ਹਰ ਕੌਮ ਦੇ ਚਰਿਤਰ ਤੇ ਇੱਕ ਕਲੰਕ ਹੈ।

35ਇੱਕ ਸਿਆਣਾ ਸੇਵਕ ਰਾਜੇ ਲਈ ਖੁਸ਼ੀ ਲਿਆਉਂਦਾ ਹੈ, ਪਰ ਜਿਹੜਾ ਸੇਵਕ ਸ਼ਰਮਸਾਰੀ ਲਿਆਉਂਦਾ ਰਾਜੇ ਨੂੰ ਕ੍ਰੋਧਵਾਨ ਕਰ ਦਿੰਦਾ ਹੈ।

**15** 1ਨਿਮਰਤਾ ਨਾਲ ਦਿੱਤਾ ਗਿਆ ਇੱਕ ਜਵਾਬ ਕ੍ਰੋਧ ਨੂੰ ਘਟਾਉਂਦਾ ਹੈ, ਪਰ ਰੁੱਖੇ ਸ਼ਬਦ ਗੁੱਸੇ ਨੂੰ ਵਧਾ ਦਿੰਦੇ ਹਨ।

2ਸਿਆਣੇ ਵਿਅਕਤੀ ਦਾ ਉਪਦੇਸ਼ ਸਮਝਦਾਰੀ ਨੂੰ ਵਧਾਉਂਦਾ ਹੈ, ਪਰ ਮੂਰਖਾਂ ਦਾ ਮੂੰਹ ਬੇਵਕੂਫ਼ੀ ਆਖਦਾ ਹੈ।

3ਯਹੋਵਾਹ ਦੀਆਂ ਅੱਖਾਂ ਹਰ ਪਾਸੇ ਹਨ, ਉਹ ਜਿਹੜੇ ਬਦ ਹਨ ਅਤੇ ਜਿਹੜੇ ਚੰਗੇ ਹਨ ਦੋਵਾਂ ਨੂੰ ਵੇਖਦੀਆਂ ਹਨ।

4ਸ਼ਬਦ ਜਿਹੜੇ ਜ਼ਖਮਾਂ ਨੂੰ ਰਾਜੀ ਕਰ ਸਕਦੇ ਹਨ ਜੀਵਨ ਦੇ ਰੁੱਖ ਵਾਂਗ ਹੁੰਦੇ ਹਨ, ਪਰ ਘ੍ਰਿਣਾਯੋਗ ਸ਼ਬਦ ਆਦਮੀ ਦੇ ਆਤਮਾ ਨੂੰ ਤਬਾਹ ਕਰ ਦਿੰਦੇ ਹਨ।

5ਇੱਕ ਮੂਰਖ ਵਿਅਕਤੀ ਆਪਣੇ ਪਿਉ ਦੀਆਂ ਝਿੜਕਾਂ ਨੂੰ ਪਸੰਦ ਨਹੀਂ ਕਰਦਾ, ਪਰ ਜਿਹੜਾ ਵਿਅਕਤੀ ਝਿੜਕ ਨੂੰ ਪ੍ਰਵਾਨ ਕਰੇ ਪਰਗਟ ਕਰਦਾ ਕਿ ਉਹ ਸਿਆਣਾ ਹੈ।

6ਇੱਕ ਧਰਮੀ ਵਿਅਕਤੀ ਸਭ ਕੁਝ ਵਿੱਚ ਅਮੀਰ ਹੁੰਦਾ ਹੈ, ਪਰ ਇੱਕ ਬਦ ਆਦਮੀ ਦਾ ਧੰਨ ਉਸ ਲਈ ਮੁਸੀਬਤਾਂ ਲਿਆਉਂਦਾ ਹੈ।

7ਸਿਆਣੇ ਲੋਕਾਂ ਦੇ ਬੁੱਲ੍ਹ ਗਿਆਨ ਬਿਖੇਰਦੇ ਹਨ, ਪਰ ਮੂਰਖਾਂ ਦਾ ਮਨ ਅਜਿਹਾ ਨਹੀਂ ਹੁੰਦਾ।

8ਦੁਸ਼ਟ ਲੋਕਾਂ ਦੀਆਂ ਭੇਟਾਂ ਨੂੰ ਯਹੋਵਾਹ ਨਫ਼ਰਤ ਕਰਦਾ ਹੈ ਪਰ ਉਹ ਇਮਾਨਦਾਰ ਲੋਕਾਂ ਦੀਆਂ ਪ੍ਰਾਰਥਨਾ ਵਿੱਚ ਪ੍ਰਸੰਸਾ ਮਹਿਸੂਸ ਕਰਦਾ।

9ਯਹੋਵਾਹ ਦੁਸ਼ਟ ਲੋਕਾਂ ਦੇ ਜੀਵਨ ਢੰਗ ਨੂੰ ਨਫ਼ਰਤ ਕਰਦਾ ਹੈ।

10ਜਿਹੜਾ ਵਿਅਕਤੀ ਸਹੀ ਰਾਹ ਨੂੰ ਛੱਡ ਦਿੰਦਾ ਹੈ, ਇੱਕ ਸਖਤ ਸਬਕ ਸਿੱਖੇਗਾ, ਅਤੇ ਕੋਈ ਵੀ ਜੋ ਸੁਧਾਰ ਨੂੰ ਨਫ਼ਰਤ ਕਰਦਾ ਹੈ, ਮਰੇਗਾ।

11ਕਿਉਂ ਜੋ ਪਰਮੇਸ਼ੁਰ ਜਾਣਦਾ ਕਿ ਮੌਤ ਦੀ ਜਗ੍ਹਾ ਕੀ ਵਾਪਰਦਾ ਹੈ, ਤਾਂ ਅਵੱਸ਼ ਹੀ ਉਹ ਜਾਣਦਾ ਕਿ ਲੋਕਾਂ ਦੇ ਮਨਾਂ ਵਿੱਚ ਕੀ ਵਾਪਰਦਾ ਹੈ।

12ਇੱਕ ਮਖੌਲੀ ਆਪਣੀ ਗ਼ਲਤੀ ਬਾਰੇ ਦੱਸੇ ਜਾਣ ਨੂੰ ਨਫ਼ਰਤ ਕਰਦਾ ਹੈ। ਅਤੇ ਉਹ ਆਦਮੀ ਸਿਆਣੇ ਲੋਕਾਂ ਦੀ ਸਲਾਹ ਲੈਣ ਤੋਂ ਇਨਕਾਰ ਕਰਦਾ ਹੈ।

13ਜੇ ਕੋਈ ਵਿਅਕਤੀ ਪ੍ਰਸੰਨ ਹੈ, ਤਾਂ ਉਸ ਦਾ ਚਿਹਰਾ ਪ੍ਰਸੰਨ ਨਜ਼ਰ ਆਵੇਗਾ। ਪਰ ਜੇ ਕੋਈ ਆਦਮੀ ਉਦਾਸ ਹੈ ਤਾਂ ਉਸ ਦਾ ਆਤਮਾ ਉਸ ਉਦਾਸੀ ਨੂੰ ਪ੍ਰਗਟ ਕਰ ਦੇਵੇਗਾ।

14ਇੱਕ ਸੂਝਵਾਨ ਆਦਮੀ ਹੋਰ ਵਧੇਰੇ ਗਿਆਨ ਹਾਸਲ ਕਰਨ ਦੀ ਚੇਸ਼ਟਾ ਕਰਦਾ, ਪਰ ਮੂਰਖ ਹੋਰ ਵਧੇਰੇ ਮੂਰਖਤਾ ਨਿਗਲਦੇ ਹਨ।

15ਗਰੀਬ ਆਦਮੀ ਲਈ ਹਰ ਦਿਨ ਸੰਘਰਸ਼ ਹੈ, ਪਰ ਇੱਕ ਖੁਸ਼ ਦਿਲ ਹਮੇਸ਼ਾ ਦਾਹਵਤ ਮਨਾਉਂਦਾ ਹੈ।

16ਅਮੀਰ ਹੋ ਕੇ ਮਸੀਬਤਾਂ ਵਿੱਚ ਪੈਣ ਨਾਲੋਂ ਗਰੀਬ ਹੋਣਾ ਅਤੇ ਯਹੋਵਾਹ ਦਾ ਆਦਰ ਕਰਨਾ ਚੰਗਾ ਹੈ।

17ਸਾਦਾ ਭੋਜਨ ਖਾ ਕੇ ਪਿਆਰ ਕੀਤੇ ਜਾਣਾ, ਦਾਹਵਤ ਕਰਕੇ ਨਫ਼ਰਤ ਕੀਤੇ ਜਾਣ ਨਾਲੋਂ ਚੰਗਾ ਹੈ।

18ਜਿਹੜੇ ਲੋਕ ਛੇਤੀ ਗੁੱਸੇ ਵਿੱਚ ਆ ਜਾਂਦੇ ਹਨ ਉਹ ਦਲੀਲਬਾਜ਼ੀ ਪੈਦਾ ਕਰਦੇ ਹਨ। ਪਰ ਧੀਰਜਵਾਨ ਆਦਮੀ ਸ਼ਾਂਤੀ ਪੈਦਾ ਕਰਦਾ ਹੈ।

19ਇੱਕ ਸੁਸਤ ਬੰਦੇ ਦਾ ਰਸਤਾ ਕੰਡਿਆਂ ਨਾਲ ਭਰਿਆ ਹੁੰਦਾ ਹੈ, ਪਰ ਇੱਕ ਇਮਾਨਦਾਰ ਬੰਦੇ ਦਾ ਰਾਹ ਬਣਿਆ ਬਣਾਇਆ ਹੁੰਦਾ ਹੈ।

20ਸਿਆਣਾ ਪੁੱਤਰ ਆਪਣੇ ਪਿਤਾ ਲਈ ਖੁਸ਼ੀ ਦਾ ਸਰੋਤ ਹੁੰਦਾ ਹੈ। ਪਰ ਮੂਰਖ ਆਦਮੀ ਆਪਣੀ ਮਾਂ ਦਾ ਤਿਰਸਕਾਰ ਕਰਦਾ ਹੈ।

21ਬੇਵਕੂਫ਼ੀ ਉਸ ਵਿਅਕਤੀ ਲਈ ਇੱਕ ਚੁਟਕਲਾ ਹੈ ਜਿਸ ਨੂੰ ਸੂਝ ਦੀ ਕਮੀ ਹੋਵੇ। ਪਰ ਸਿਆਣਾ ਆਦਮੀ ਉਹੋ ਗੱਲਾਂ ਕਰਨ ਦੀ ਸਾਵਧਾਨੀ ਵਰਤਦਾ ਹੈ ਜਿਹੜੀਆਂ ਸਹੀ ਹੁੰਦੀਆਂ ਹਨ।

22ਯੋਜਨਾਵਾਂ ਅਸਫ਼ਲ ਹੋ ਜਾਂਦੀਆਂ ਹਨ ਜਿੰਨਾ ਚਿਰ ਕਿ ਉਪਯੁਕਤ ਸਲਾਹ-ਮਸ਼ਵਰਾ ਨਾ ਹੋਵੇ। ਪਰ ਉਹ ਕਾਮਯਾਬ ਹੋ ਜਾਂਦੀਆਂ ਹਨ ਜੇਕਰ ਓੱਥੇ ਕਾਫ਼ੀ ਸਾਰੇ ਸਲਾਹਕਾਰ ਹੋਣ।

23ਆਦਮੀ ਉਦੋਂ ਪ੍ਰਸੰਨ ਹੁੰਦਾ ਹੈ ਜਦੋਂ ਉਹ ਚੰਗਾ ਉੱਤਰ ਦਿੰਦਾ ਹੈ ਅਤੇ ਸਹੀ ਸਮੇਂ ਬੋਲਿਆ ਸ਼ਬਦ ਬਹੁਤ ਚੰਗਾ ਹੁੰਦਾ ਹੈ।

24ਜਿਹੜੀਆਂ ਗੱਲਾਂ ਸਿਆਣਾ ਆਦਮੀ ਕਰਦਾ ਹੈ ਉਹ ਇੱਥੇ ਧਰਤੀ ਉੱਤੇ[a] ਜੀਵਨ ਵੱਲ ਲੈ ਜਾਂਦੀਆਂ ਹਨ ਅਤੇ ਉਸ ਨੂੰ ਮਿਰਤੂ ਲੋਕ ਵੱਲ ਜਾਣ ਤੋਂ ਰੋਕਦੀਆਂ ਹਨ।

25ਘਮੰਡੀ ਵਿਅਕਤੀ ਦੇ ਘਰ ਨੂੰ ਯਹੋਵਾਹ ਤਬਾਹ ਕਰ ਦਿੰਦਾ ਹੈ, ਪਰ ਇੱਕ ਬੇਸਹਾਰਾ ਵਿੱਧਵਾ ਦੀ ਜਾਇਦਾਦ ਦੀ ਰੱਖਿਆ ਕਰਦਾ ਹੈ।

26ਬਦ ਆਦਮੀ ਦੀਆਂ ਸੋਚਾਂ ਨੂੰ ਯਹੋਵਾਹ ਨਫ਼ਰਤ ਕਰਦਾ ਹੈ, ਪਰ ਪਾਕ ਲੋਕਾਂ ਦੀਆਂ ਸੋਚਾਂ ਵਿੱਚ ਪ੍ਰਸੰਸਾ ਮਹਿਸੂਸ ਕਰਦਾ ਹੈ।

27ਇੱਕ ਲੋਭੀ ਵਿਅਕਤੀ ਆਪਣੇ ਸਾਰੇ ਟੱਬਰ ਤੇ ਵਿਨਾਸ਼ ਲਿਆਉਂਦਾ, ਪਰ ਜਿਹੜਾ ਵਿਅਕਤੀ ਰਿਸ਼ਵਤ ਨੂੰ ਨਫ਼ਰਤ ਕਰਦਾ ਹੈ ਉਹ ਜੀਉਂਦਾ ਰਹੇਗਾ।

28ਇੱਕ ਸੂਝਵਾਨ ਆਦਮੀ ਬੋਲਣ ਤੋਂ ਪਹਿਲਾਂ ਸੋਚਦਾ ਹੈ। ਪਰ ਦੁਸ਼ਟ ਲੋਕਾਂ ਦੇ ਮੂੰਹਾਂ ਚੋ ਸਿਰਫ਼ ਬਦੀ ਹੀ ਡੁਲ੍ਹਦੀ ਹੈ।

29ਦੁਸ਼ਟ ਲੋਕਾਂ ਤੋਂ ਯਹੋਵਾਹ ਬਹੁਤ ਦੂਰ ਰਹਿੰਦਾ ਹੈ, ਪਰ ਉਹ ਧਰਮੀ ਲੋਕਾਂ ਦੀਆਂ ਪ੍ਰਾਰਥਨਾ ਨੂੰ ਸੁਣਦਾ ਹੈ।

30ਜਿਹੜਾ ਆਦਮੀ ਮੁਸਕਰਾਉਂਦਾ ਹੈ ਉਹ ਹੋਰਾਂ ਲੋਕਾਂ ਨੂੰ ਵੀ ਪ੍ਰਸੰਨ ਕਰਦਾ ਹੈ। ਸ਼ੁਭ ਸਮਾਚਾਰ ਹੱਡੀਆਂ ਨੂੰ ਤੰਦਰੁਸਤ ਬਣਾਉਂਦਾ ਹੈ।

31ਜਿਹੜਾ ਵਿਅਕਤੀ ਜੀਵਨ ਦੇਣ ਵਾਲੀਆਂ ਝਿੜਕਾਂ ਨੂੰ ਕਬੂਲਦਾ ਹੈ ਸਿਆਣਿਆਂ ਦਰਮਿਆਨ ਜੀਵੇਗਾ।

32ਜਿਹੜਾ ਝਿੜਕੇ ਜਾਣ ਨੂੰ ਪਸੰਦ ਨਹੀਂ ਕਰਦਾ, ਉਸ ਦੀ ਕੋਈ ਸਵੈ-ਇੱਜ਼ਤ ਨਹੀਂ ਪਰ ਜਿਹੜਾ ਵਿਅਕਤੀ, ਸੁਧਾਰ ਨੂੰ ਸੁਣਦਾ ਹੈ ਸਮਝਦਾਰੀ ਪ੍ਰਾਪਤ ਕਰਦਾ ਹੈ।

33ਯਹੋਵਾਹ ਦਾ ਭੈ, ਬੁੱਧ ਦੀ ਸਿੱਖਿਆ ਦਿੰਦਾ ਹੈ ਅਤੇ ਆਦਰ ਤੋਂ ਪਹਿਲਾਂ ਅਧੀਨਗੀ ਹੁੰਦੀ ਹੈ।

**16** 1ਆਦਮੀ ਦਾ ਮਨ ਯੋਜਨਾਵਾਂ ਬਣਾਉਂਦਾ ਹੈ, ਪਰ ਸਹੀ ਗੱਲ ਆਖਣਾ—ਇਹ ਯਹੋਵਾਹ ਵੱਲੋਂ ਇੱਕ ਸੁਗാਤ ਹੈ।

[a] *15:24* **ਇੱਥੇ ਧਰਤੀ ਉੱਤੇ** ਮੂਲ ਅਰਥ, "ਉੱਪਰ", ਭਾਵ, "ਜ਼ਮੀਨ ਦੇ ਉੱਪਰ।"

2ਆਦਮੀ ਸੋਚਦਾ ਹੈ ਕਿ ਉਸ ਦੇ ਰਸਤੇ ਸਹੀ ਹਨ, ਪਰ ਯਹੋਵਾਹ ਉਸ ਦੇ ਮਨੋਰਥਾਂ ਨੂੰ ਪਰਖਦਾ ਹੈ।
3ਆਪਣੇ ਹਰ ਕੰਮ ਵਿੱਚ ਮਦਦ ਲਈ ਯਹੋਵਾਹ ਵੱਲ ਮੁੜੋ, ਅਤੇ ਤੁਹਾਡੀਆਂ ਸਾਰੀਆਂ ਵਿਉਂਤਾਂ ਸਥਾਪਿਤ ਕੀਤੀਆਂ ਜਾਣਗੀਆਂ।
4ਯਹੋਵਾਹ ਹਰੇਕ ਤੋਂ ਉਸ ਦਾ ਹਿਸਾਬ ਲੈਂਦਾ ਹੈ, ਦੁਸ਼ਟ ਵਿਅਕਤੀ ਤੋਂ ਵੀ ਉਸ ਦੇ ਮੁਸੀਬਤ ਦੇ ਦਿਨ ਵਿੱਚ।
5ਯਹੋਵਾਹ ਹਰ ਉਸ ਬੰਦੇ ਨੂੰ ਨਫ਼ਰਤ ਕਰਦਾ ਹੈ ਜਿਹੜਾ ਇਹ ਸੋਚਦਾ ਹੈ ਕਿ ਉਹ ਹੋਰਨਾਂ ਨਾਲੋਂ ਬਿਹਤਰ ਹੈ। ਉਨ੍ਹਾਂ ਗੁਮਾਨੀ ਲੋਕਾਂ ਨੂੰ ਯਹੋਵਾਹ ਅਵੱਸ਼ ਸਜ਼ਾ ਦੇਵੇਗਾ।
6ਨਮਕ ਹਲਾਲੀ ਅਤੇ ਵਫ਼ਾਦਾਰੀ ਦੋਸ਼ ਹਟਾ ਸਕਦੇ ਹਨ। ਯਹੋਵਾਹ ਦਾ ਭੈ ਤੈਨੂੰ ਬਦ ਕਰਨੀਆਂ ਤੋਂ ਬਚਾਉ ਕਰਦਾ ਹੈ।
7ਜਦੋਂ ਕੋਈ ਆਦਮੀ ਯਹੋਵਾਹ ਨੂੰ ਪ੍ਰਸੰਨ ਕਰਨ ਵਾਲਾ ਜੀਵਨ ਜੀਉਂਦਾ ਹੈ, ਉਹ (ਪਰਮੇਸ਼ੁਰ) ਉਸ ਦੇ ਦੁਸ਼ਮਣਾਂ ਨੂੰ ਵੀ ਉਸ ਦੇ ਨਾਲ ਸ਼ਾਂਤੀ ਵਿੱਚ ਰਹਿਣ ਦਿੰਦਾ ਹੈ।
8ਸਹੀ ਹੱਕਾਂ ਨਾਲ ਕਮਾਇਆ ਹੋਇਆ ਥੋੜਾ ਵੀ ਧੋਖਾਧੜੀ ਨਾਲ ਹਾਸਲ ਕੀਤੀ ਵੱਧ ਦੌਲਤ ਨਾਲੋਂ ਚੰਗਾ ਹੈ।
9ਆਦਮੀ ਆਪਣੇ ਰਾਹ ਦੀ ਚੋਣ ਕਰ ਸਕਦਾ ਪਰ ਇਹ ਯਹੋਵਾਹ ਹੈ ਜੋ ਉਸ ਦੇ ਕਦਮਾਂ ਦੀ ਅਗਵਾਈ ਕਰਦਾ ਹੈ।
10ਰਾਜੇ ਦੇ ਬੁੱਲ੍ਹ ਪ੍ਰੇਰਿਤ ਹੁੰਦੇ ਹਨ ਜਦੋਂ ਉਹ ਨਿਆਂ ਕਰਦਾ। ਉਸ ਦਾ ਮੂੰਹ ਧੋਖਾ ਨਹੀਂ ਦਿੰਦਾ।
11ਸੱਚੀ ਤੱਕੜੀ ਤੇ ਪਲੜੇ ਤੋਲ ਯਹੋਵਾਹ ਵੱਲੋਂ ਹਨ, ਉਸ ਨੇ ਸਭ (ਇਮਾਨਦਾਰ) ਤੋਲਾਂ ਨੂੰ ਸਾਜਿਆ ਹੈ।
12ਜੇਕਰ ਰਾਜਾ ਦੁਸ਼ਟਤਾ ਦਾ ਵਿਹਾਰ ਕਰਦਾ ਹੈ ਤਾਂ ਇਹ ਤਿਰਸਕਾਰਪੂਰਨ ਹੈ, ਕਿਉਂ ਜੋ ਤਖਤ ਨੇਕੀ ਤੋਂ ਹੀ ਪ੍ਰਫੁਲਿਤ ਹੁੰਦਾ ਹੈ।
13ਰਾਜੇ ਨੂੰ ਉਹ ਸੁਣਨਾ ਪਸੰਦ ਕਰਨਾ ਚਾਹੀਦਾ ਜੋ ਸਹੀ ਹੋਵੇ। ਇਸ ਲਈ ਉਸ ਨੂੰ ਉਨ੍ਹਾਂ ਦੀ ਇੱਜ਼ਤ ਕਰਨੀ ਚਾਹੀਦੀ ਹੈ, ਜੋ ਇਮਾਨਦਾਰੀ ਨਾਲ ਬੋਲਦੇ ਹਨ।
14ਜਦੋਂ ਰਾਜਾ ਕਰੋਧਵਾਨ ਹੁੰਦਾ ਹੈ ਤਾਂ ਉਹ ਕਿਸੇ ਨੂੰ ਮਾਰ ਵੀ ਸਕਦਾ ਹੈ। ਸਿਆਣਾ ਆਦਮੀ ਰਾਜੇ ਨੂੰ ਪ੍ਰਸੰਨ ਰੱਖਣ ਦੀ ਕੋਸ਼ਿਸ਼ ਕਰੇਗਾ।
15ਜਦੋਂ ਰਾਜਾ ਪ੍ਰਸੰਨ ਹੁੰਦਾ ਹੈ ਹਰ ਕਿਸੇ ਲਈ ਜੀਵਨ ਬਿਹਤਰ ਹੁੰਦਾ ਹੈ। ਜੇ ਰਾਜਾ ਤੇਰੇ ਨਾਲ ਪ੍ਰਸੰਨ ਹੈ, ਤਾਂ ਇਹ ਬਸੰਤ ਦੀ ਵਰਖਾ ਦੇ ਬੱਦਲ ਵਾਂਗ ਹੋਵੇਗਾ।
16ਸੋਨੇ ਨਾਲੋਂ ਬੁੱਧ ਨੂੰ ਹਾਸਲ ਕਰਨਾ ਕਿੰਨਾ ਚੰਗਾ ਹੈ, ਅਤੇ ਸਮਝਦਾਰੀ ਨੂੰ ਹਾਸਲ ਕਰਨਾ ਚਾਂਦੀ ਦੇ ਮਾਲਕ ਹੋਣ ਨਾਲੋ ਵਧੇਰੇ ਚੰਗਾ ਹੈ।
17ਇਮਾਨਦਾਰ ਲੋਕਾਂ ਦਾ ਰਸਤਾ ਬਦੀ ਤੋਂ ਕਿਨਾਰਾ ਕਰਦਾ ਹੈ। ਜਿਹੜਾ ਆਦਮੀ ਆਪਣੇ ਜੀਵਨ ਬਾਰੇ ਸਾਵਧਾਨ ਹੈ ਉਹ ਆਪਣੀ ਰੂਹ ਦੀ ਰਾਖੀ ਕਰ ਰਿਹਾ ਹੈ।
18ਘਮੰਡ ਤਬਾਹੀ ਵੱਲ ਪਹਿਲ ਕਰਦਾ ਹੈ ਅਤੇ ਮਗਰੂਰ ਰਵੱਈਆਂ ਪਤਨ ਵੱਲ ਪਹਿਲ ਕਰਦਾ ਹੈ।
19ਗਰੀਬ ਲੋਕਾਂ ਨਾਲ ਹਲੀਮ ਹੋਣਾ, ਹੰਕਾਰੀਆਂ ਦਰਮਿਆਨ ਲੁੱਟ ਦੇ ਮਾਲ ਵਿੱਚ ਹਿੱਸਾ ਪਾਉਣ ਨਾਲੋਂ ਵਧੀਆ ਹੈ।
20ਜਿਹੜਾ ਆਦਮੀ ਉਸ ਨੂੰ ਆਖੀਆਂ ਹੋਈਆਂ ਗੱਲਾਂ ਵੱਲ ਧਿਆਨ ਦਿੰਦਾ ਹੈ, ਪਰਗਤੀਸ਼ੀਲ ਬਣ ਜਾਂਦਾ ਹੈ। ਜਿਹੜਾ ਆਦਮੀ ਯਹੋਵਾਹ ਤੇ ਭਰੋਸਾ ਕਰੇ ਧੰਨ ਹੋਵੇਗਾ।
21ਜਿਹੜਾ ਵਿਅਕਤੀ ਬੁੱਧਤਾ ਨਾਲ ਸੋਚੇ ਦੂਰਦਰਿਸ਼ਟੀ ਪ੍ਰਾਪਤ ਕਰਨ ਲਈ ਸੁਝਵਾਨ ਬਣਾਇਆ ਜਾਵੇਗਾ, ਅਤੇ ਮਨਭਾਉਂਦਾ ਉਪਦੇਸ਼ ਹੋਰ ਵੀ ਪ੍ਰੇਰਣਾਮਈ ਹੈ।
22ਚੰਗੀ ਸੂਝ ਜੀਵਨ ਦਾ ਝਰਨਾ ਹੈ, ਜਿਨ੍ਹਾਂ ਕੋਲ ਇਹ ਹੈ, ਜਦ ਕਿ ਮੂਰਖ ਆਦਮੀ ਦੀ ਬੇਵਕੂਫ਼ੀ ਉਸ ਲਈ ਸਜ਼ਾ ਲਿਆਉਂਦੀ ਹੈ।
23ਸਿਆਣੇ ਬੰਦੇ ਦਾ ਦਿਲ ਉਸ ਦੇ ਉਪਦੇਸ਼ ਤੇ ਕਾਬੂ ਰੱਖਦਾ ਹੈ ਅਤੇ ਉਹ ਉਸ ਦੇ ਸ਼ਬਦਾਂ ਨੂੰ ਬਹੁਤ ਹੀ ਪ੍ਰੇਰਣਾਮਈ ਬਣਾਉਂਦਾ ਹੈ।
24ਕ੍ਰਿਪਾਲੂ ਸ਼ਬਦ ਸ਼ਹਿਦ ਵਾਂਗ, ਤੇਰੇ ਮਨ ਲਈ ਮਿੱਠੇ ਅਤੇ ਤੇਰੇ ਸਰੀਰ ਲਈ ਤੰਦਰੁਸਤੀ ਹੁੰਦੇ ਹਨ।
25ਇੱਕ ਐਸਾ ਰਾਹ ਹੈ ਜਿਹੜਾ ਲੋਕਾਂ ਨੂੰ ਸਹੀ ਜਾਪਦਾ ਹੈ ਪਰ ਅਸਲ ਵਿੱਚ ਉਹ ਰਾਹ ਮੌਤ ਵੱਲ ਹੈ।
26ਕਾਮੇ ਦੀ ਭੁੱਖ ਉਸ ਨੂੰ ਕਾਰੇ ਲਾਈ ਰੱਖਦੀ ਹੈ। ਉਸ ਦੀ ਭੁੱਖ ਉਸ ਨੂੰ ਚਲਾਉਂਦੀ ਰਹਿੰਦੀ ਹੈ।
27ਇੱਕ ਸਮਾਜ ਧ੍ਰੋਹੀ ਆਦਮੀ ਹਮੇਸ਼ਾ ਬੁਰੀਆਂ ਗੱਲਾਂ ਵਿਉਂਤਦਾ, ਅਤੇ ਉਸ ਦਾ ਉਪਦੇਸ਼ ਉਸ ਅੱਗ ਵਾਂਗ ਹੈ ਜੋ ਚੀਜ਼ਾਂ ਨੂੰ ਤਬਾਹ ਕਰਦੀ ਹੈ।
28ਇੱਕ ਹਿੰਸੱਕ ਆਦਮੀ ਗ਼ਲਤ ਫ਼ਹਿਮੀਆਂ ਦਾ ਕਾਰਣ ਬਣਦਾ ਹੈ, ਅਤੇ ਜਿਹੜਾ ਵਿਅਕਤੀ ਗੱਪ ਫ਼ੈਲਾਉਂਦਾ ਹੈ ਦੋਸਤਾਂ ਨੂੰ ਅੱਡ ਕਰ ਦਿੰਦਾ ਹੈ।
29ਇੱਕ ਹਿੰਸਕ ਆਦਮੀ ਆਪਣੇ ਗੁਆਂਢੀ ਨੂੰ ਕੁਰਾਹੇ ਪਾਉਂਦਾ ਅਤੇ ਆਪਣੇ ਨਾਲ ਉਸ ਰਾਹ ਤੇ ਲੈ ਜਾਂਦਾ ਜੋ ਚੰਗਾ ਨਹੀ ਹੁੰਦਾ।
30ਉਹ ਜਿਹੜਾ ਆਪਣੀਆਂ ਅੱਖਾਂ ਝਪਕਦਾ, ਦੁਸ਼ਟ ਵਿਉਂਤਾਂ ਬਣਾ ਰਿਹਾ ਹੁੰਦਾ ਹੈ ਅਤੇ ਉਹ ਜਿਹੜਾ ਆਪਣੇ ਮੂੰਹ ਤੇ ਚੂੰਡੀਆਂ ਵੱਢਦਾ ਬਦੀ ਦੀ ਜੁਗਤ ਬਣਾਉਂਦਾ।
31ਧੌਲੇ ਵਾਲ ਇੱਕ ਪਰਤਾਪ ਦਾ ਤਾਜ ਹਨ, ਇਹ ਧਰਮੀ ਜੀਵਨ ਦੁਆਰਾ ਤੋਂ ਮਿਲਦਾ ਹੈ।
32ਤਾਕਤਵਰ ਸਿਪਾਹੀ ਹੋਣ ਨਾਲੋਂ ਧੀਰਜਵਾਨ ਹੋਣਾ ਬਿਹਤਰ ਹੈ। ਪੂਰੇ ਸ਼ਹਿਰ ਉੱਤੇ ਕਾਬੂ ਪਾਉਣ ਨਾਲੋਂ ਆਪਣੇ ਗੁੱਸੇ ਉੱਤੇ ਕਾਬੂ ਪਾਉਣਾ ਬਿਹਤਰ ਹੈ।
33ਫੈਸਲਾ ਕਰਨ ਲਈ ਲੋਕ ਗੁਣੇ ਪਾਉਂਦੇ ਹਨ, ਪਰ ਉਤਰ ਹਮੇਸ਼ਾ ਯਹੋਵਾਹ ਵਲੋਂ ਆਉਂਦਾ ਹੈ।

**17** 1ਸ਼ਾਂਤੀ ਨਾਲ ਰੁੱਖੀ ਮਿੱਸੀ ਰੋਟੀ ਖਾਣਾ ਦਲੀਲਬਾਜ਼ੀ ਨਾਲ ਭਰੇ ਹੋਏ ਘਰ ਵਿੱਚ ਸ਼ਾਹੀ ਭੋਜਨ ਖਾਣ ਨਾਲੋਂ ਬਿਹਤਰ ਹੈ।
2ਸੂਝਵਾਨ ਨੌਕਰ ਆਪਣੇ ਮਾਲਕ ਦੇ ਮੂਰਖ ਪੁੱਤਰ ਉੱਤੇ ਰਾਜ ਕਰੇਗਾ, ਜੋ ਸ਼ਰਮਸਾਰੀ ਲਿਆਉਂਦਾ ਹੈ। ਅਜਿਹਾ ਨੌਕਰ ਆਪਣੇ ਮਾਲਕ ਦੀ ਦੌਲਤ ਉਸ ਦੇ ਪੁੱਤਰ ਵਾਂਗ ਵਿਰਾਸਤ ਵਿੱਚ ਲੈ ਲਵੇਗਾ।
3ਸੋਨੇ ਅਤੇ ਚਾਂਦੀ ਨੂੰ ਸ਼ੁੱਧ ਕਰਨ ਲਈ ਅੱਗ ਵਿੱਚ ਪਾਇਆ ਜਾਂਦਾ ਹੈ ਪਰ ਇਹ ਯਹੋਵਾਹ ਹੀ ਹੈ ਜਿਹੜਾ ਲੋਕਾਂ ਦੇ ਦਿਲਾਂ ਨੂੰ ਸ਼ੁੱਧ ਕਰਦਾ ਹੈ।
4ਬੁਰਾ ਆਦਮੀ ਹੋਰਨਾਂ ਲੋਕਾਂ ਦੀਆਂ ਬੁਰੀਆਂ ਗੱਲਾਂ ਸੁਣਦਾ ਹੈ। ਜਿਹੜੇ ਬੰਦੇ ਝੂਠ ਬੋਲਦੇ ਹਨ ਉਹ ਝੂਠ ਸੁਣਦੇ ਵੀ ਹਨ।
5ਉਹ ਜਿਹੜਾ ਗਰੀਬ ਦਾ ਮਜ਼ਾਕ ਉਡਾਉਂਦਾ, ਆਪਣੇ ਕਰਤਾ ਦਾ ਅਨਾਦਰ ਕਰਦਾ ਹੈ, ਅਤੇ ਉਹ ਜਿਹੜੇ ਬਿਪਤਾ ਤੇ ਅਨੰਦ ਕਰਦੇ ਹਨ ਸਜ਼ਾ ਪਾਉਣਗੇ।
6ਪੋਤੇ ਆਪਣੇ ਬੁੱਢਿਆਂ ਦਾ ਮੁਕਟ ਹੁੰਦੇ ਹਨ, ਅਤੇ ਬੱਚੇ ਆਪਣੇ ਮਾਪਿਆਂ ਦੇ ਤਾਜ਼ ਹੁੰਦੇ ਹਨ।

**7**ਮੂਰਖ ਆਦਮੀ ਲਈ ਬਹੁਤਾ ਬੋਲਣਾ ਚੰਗਾ ਨਹੀਂ, ਬਿਲਕੁਲ ਜਿਵੇਂ ਕਿ ਕਿਸੇ ਸ਼ਾਸਕ ਨੂੰ ਝੂਠ ਬੋਲਣਾ ਨਹੀਂ ਸੋਭਦਾ।

**8**ਕਈ ਲੋਕ ਸੋਚਦੇ ਹਨ ਕਿ ਰਿਸ਼ਵਤ ਇੱਕ ਜਾਦੂ ਦੀ ਛੜੀ ਹੈ- ਜਿੱਥੇ ਵੀ ਉਹ ਜਾਂਦੇ ਹਨ ਇਹ ਕੰਮ ਕਰਦੀ ਦਿਖਾਈ ਦਿੰਦੀ ਹੈ।

**9**ਜੇਕਰ ਕੋਈ ਵਿਅਕਤੀ ਦੂਸਰੇ ਵਿਅਕਤੀ ਦੀਆਂ ਗ਼ਲਤ ਕਰਨੀਆਂ ਨੂੰ ਮਆਫ ਕਰ ਦਿੰਦਾ ਹੈ, ਉਹ ਪਿਆਰ ਕਮਾਵੇਗਾ, ਪਰ ਜਿਹੜਾ ਵਿਅਕਤੀ ਇਸ ਨੂੰ ਬਾਰ-ਬਾਰ ਉੱਠਾਉਂਦਾ ਆਪਣਾ ਸਭ ਤੋਂ ਨਜ਼ਦੀਕੀ ਦੋਸਤ ਵੀ ਗੁਆ ਲੈਂਦਾ ਹੈ।

**10**ਇੱਕ ਝਿੜਕ ਇੱਕ ਸੂਝਵਾਨ ਆਦਮੀ ਤੇ, ਕਿਸੇ ਮੂਰਖ ਤੇ ਸੌ ਮਾਰ ਮਾਰਨ ਨਾਲੋਂ ਵਧੇਰੇ ਪ੍ਰਭਾਵ ਪਾਉਂਦੀ ਹੈ।

**11**ਜੇ ਇੱਕ ਬਦ ਆਦਮੀ ਵਿਦ੍ਰੋਹ ਕਰਦਾ ਰਹੇ, ਤਾਂ ਇੱਕ ਬੇਰਹਿਮ ਅਧਿਕਾਰੀ ਉਸ ਨਾਲ ਸਲੂਕਣ ਲਈ ਭੇਜਿਆ ਜਾਵੇਗਾ।

**12**ਇੱਕ ਰਿੱਛਣੀ ਜਿਸ ਤੋਂ ਉਸ ਦੇ ਬੱਚੇ ਲੈ ਲਏ ਗਏ ਹੋਣ, ਮਨੁੱਖ ਨੂੰ ਟੱਕਰੇ, ਨਾ ਕਿ ਇੱਕ ਮੂਰਖ ਆਪਣੀ ਮੂਰਖਤਾਈ ਵਿੱਚ।

**13**ਜੇਕਰ ਕੋਈ ਵਿਅਕਤੀ ਬਦੀ ਨਾਲ ਭਲਿਆਈ ਦੀ ਅਦਾਇਗੀ ਕਰੇ, ਮੁਸੀਬਤ ਉਸ ਦੇ ਟੱਬਰ ਨੂੰ ਨਹੀਂ ਛੱਡੇਗੀ।

**14**ਦਲੀਲਬਾਜ਼ੀ ਦੀ ਸ਼ੁਰੂਆਤ ਬੰਨ੍ਹ ਵਿੱਚੋਂ ਫੁਟ ਨਿੱਕਲੇ ਪਾਣੀ ਵਾਂਗ ਹੈ, ਇਸ ਲਈ ਵਿਵਾਦ ਵਿੱਚ ਤੇਜ਼ੀ ਆਉਣ ਤੋਂ ਪਹਿਲਾਂ ਇਸ ਨੂੰ ਛੱਡ ਦੇ।

**15**ਯਹੋਵਾਹ ਉਨ੍ਹਾਂ ਦੋਨਾਂ ਵਿਅਕਤੀਆਂ ਨੂੰ ਨਫ਼ਰਤ ਕਰਦਾ ਹੈ ਜੋ ਦੋਸ਼ੀ ਆਦਮੀ ਨੂੰ ਬੇਗੁਨਾਹ ਘੋਸ਼ਿਤ ਕਰਦਾ ਅਤੇ ਜਿਹੜਾ ਵਿਅਕਤੀ ਬੇਗੁਨਾਹ ਆਦਮੀ ਨੂੰ ਦੋਸ਼ੀ ਘੋਸ਼ਿਤ ਕਰਦਾ ਹੈ।

**16**ਧੰਨ, ਮੂਰਖ ਬੰਦੇ ਲਈ, ਕੀ ਭਲਾ ਕਰੇਗਾ? ਕੀ ਉਹ ਬੁੱਧ ਖਰੀਦੇਗਾ? ਪਰ ਉਸ ਨੂੰ ਕੋਈ ਸੂਝ ਨਹੀਂ।

**17**ਦੋਸਤ ਹਰ ਸਮੇਂ ਤੈਨੂੰ ਪਿਆਰ ਕਰਦਾ ਹੈ ਅਤੇ ਭਰਾ ਮੁਸੀਬਤ ਦੇ ਸਮਿਆਂ ਲਈ ਹੀ ਜੰਮਿਆਂ ਹੈ।

**18**ਸਿਰਫ਼ ਉਹੀ ਆਦਮੀ ਜਿਸ ਨੂੰ ਕੋਈ ਸੂਝ ਨਹੀਂ ਆਪਣੇ ਗੁਆਂਢੀ ਦੇ ਕਰਜ਼ਿਆਂ ਦੀ ਜਿੰਮੇਵਾਰੀ ਲਵੇਗਾ।



**19**ਜਿਸ ਬੰਦੇ ਨੂੰ ਦਲੀਲਬਾਜ਼ੀ ਨਾਲ ਪਿਆਰ ਹੈ, ਉਹ ਪਾਪ ਨੂੰ ਪਿਆਰ ਕਰਦਾ ਹੈ, ਅਤੇ ਉਹ ਵਿਅਕਤੀ ਜੋ ਆਪਣੀਆਂ ਦਹਿਲੀਜਾਂ ਉੱਚੀਆਂ ਬਣਾਉਂਦੇ ਹਨ, ਟੁੱਟੀਆਂ ਹੋਈਆਂ ਹੱਡੀਆਂ ਨੂੰ ਸੱਦਾ ਦਿੰਦੇ ਹਨ।

**20**ਇੱਕ ਪੁੱਠੇ ਮਨ ਵਾਲਾ ਵਿਅਕਤੀ ਕਦੇ ਵੀ ਤਰੱਕੀ ਨਹੀਂ ਕਰੇਗਾ, ਘ੍ਰਿਣਾਯੋਗ ਜ਼ੁਬਾਨ ਵਾਲਾ ਵਿਅਕਤੀ ਮੁਸੀਬਤ ਵਿੱਚ ਪੈ ਜਾਵੇਗਾ।

**21**ਮੂਰਖ ਪੁੱਤਰ ਆਪਣੇ ਪਿਤਾ ਲਈ ਉਦਾਸੀ ਹੈ, ਅਤੇ ਮੂਰਖ ਆਦਮੀ ਦਾ ਪਿਤਾ ਕਦੇ ਖੁਸ਼ ਨਹੀਂ ਹੁੰਦਾ।

**22**ਖੁਸ਼ਦਿਲੀ ਦਵਾ ਵਾਂਙੁ ਚੰਗਾ ਕਰਦੀ ਹੈ, ਪਰ ਉਦਾਸ ਮਹਿਸੂਸ ਕਰਨਾ ਹੱਡੀਆਂ ਨੂੰ ਵੀ ਸੁਕਾ ਦਿੰਦਾ ਹੈ।

**23**ਇੱਕ ਦੁਸ਼ਟ ਆਦਮੀ ਨਿਆਂ ਰੋਕਣ ਲਈ ਗੁਪਤ ਤੌਰ ਤੇ ਰਿਸ਼ਵਤ ਲੈਂਦਾ ਹੈ।

**24**ਸਿਆਣਾ ਆਦਮੀ ਬੁੱਧ ਵਾਲੇ ਕੰਮ ਬਾਰੇ ਸੋਚਦਾ ਰਹਿੰਦਾ ਹੈ। ਪਰ ਮੂਰਖ ਦੂਰ-ਦੁਰਾਡੀਆਂ ਥਾਵੇਂ ਦੇ ਸੁਫ਼ਨੇ ਲੈਂਦਾ ਰਹਿੰਦਾ ਹੈ।

**25**ਮੂਰਖ ਪੁੱਤਰ ਆਪਣੇ ਪਿਤਾ ਲਈ ਅਫ਼ਸੋਸ ਦਾ ਕਾਰਣ ਬਣਦਾ ਹੈ। ਅਤੇ ਮੂਰਖ ਪੁੱਤਰ ਆਪਣੀ ਜਨਮ ਦੇਣ ਵਾਲੀ ਮਾਂ ਨੂੰ ਉਦਾਸੀ ਦਿੰਦਾ ਹੈ।

**26**ਜਿਸ ਬੰਦੇ ਨੇ ਕੋਈ ਗ਼ਲਤੀ ਨਹੀਂ ਕੀਤੀ ਉਸ ਨੂੰ ਸਜ਼ਾ ਦੇਣਾ ਗ਼ਲਤ ਹੈ। ਜਦੋਂ ਆਗੂ ਇਮਾਨਦਾਰ ਹੋਣ ਤਾਂ ਉਨ੍ਹਾਂ ਨੂੰ ਸਜ਼ਾ ਦੇਣੀ ਗ਼ਲਤ ਗੱਲ ਹੈ।

**27**ਇੱਕ ਸਮਝਦਾਰ ਆਦਮੀ ਆਪਣੀ ਕਥਨੀ ਤੇ ਕਾਬੂ ਰੱਖਦਾ, ਅਤੇ ਜਿਹੜਾ ਸੂਝਵਾਨ ਹੈ ਆਪਣੇ ਕ੍ਰੋਧ ਤੇ ਕਾਬੂ ਰੱਖਦਾ ਹੈ।

**28**ਮੂਰਖ ਵੀ ਜੋ ਕਿ ਚੁੱਪ ਰਹੇ ਸਿਆਣਾ ਮੰਨਿਆ ਜਾਂਦਾ ਹੈ ਜਿੰਨਾ ਚਿਰ ਤੀਕ ਉਹ ਆਪਣਾ ਮੂੰਹ ਬੰਦ ਰੱਖੇ ਸੂਝਵਾਨ ਨਜ਼ਰ ਆਉਂਦਾ ਹੈ।

# 18

**1**ਇੱਕ ਨਾ ਦੋਸਤਾਨਾ ਵਿਅਕਤੀ ਆਪਣੀਆਂ ਹੀ ਇੱਛਾਵਾਂ ਦਾ ਪਿੱਛਾ ਕਰਦਾ ਹੈ, ਉਹ ਹਰ ਸਲਾਹ ਨੂੰ ਘ੍ਰਿਣਾ ਕਰਦਾ ਹੈ।

**2**ਮੂਰਖ ਆਦਮੀ ਹੋਰਨਾਂ ਲੋਕਾਂ ਤੋਂ ਸਿੱਖਿਆ ਲੈਣਾ ਨਹੀਂ ਚਾਹੁੰਦਾ ਉਹ ਆਦਮੀ ਸਿਰਫ਼ ਆਪਣੇ ਵਿਚਾਰ ਹੀ ਦੱਸਣਾ ਚਾਹੁੰਦਾ ਹੈ।

**3**ਦੁਸ਼ਟਤਾ ਨਾਲ ਨਿੰਦਿਆ ਆਉਂਦੀ ਹੈ, ਨਿਰਾਦਰ ਬੇਇੱਜ਼ਤੀ ਲਿਆਉਂਦਾ ਹੈ।

**4**ਆਦਮੀ ਦੇ ਸ਼ਬਦ ਡੂੰਘੇ ਪਾਣੀਆਂ ਵਰਗੇ ਹਨ, ਬੁੱਧ ਦਾ ਸਰੋਤ ਬੁਲਬਲੇ ਉੱਠਦੀ ਨਹਿਰ ਹੈ।

**5**ਦੁਸ਼ਟ ਬੰਦੇ ਦਾ ਪੱਖ ਲੈ ਕੇ ਬੇਗੁਨਾਹ ਆਦਮੀ ਨੂੰ ਨਿਆਂ ਤੋਂ ਵਾਂਝਿਆਂ ਕਰਨਾ ਸਹੀ ਨਹੀਂ।

**6**ਇੱਕ ਮੂਰਖ ਬੰਦੇ ਦਾ ਮੂੰਹ ਜੇ ਦਲੀਲਬਾਜ਼ੀ ਵਿੱਚ ਪੈ ਜਾਂਦਾ, ਉਸ ਦਾ ਮੂੰਹ ਕੁੱਟ ਦੀ ਮੰਗ ਕਰ ਰਿਹਾ ਹੈ।

**7**ਇੱਕ ਮੂਰਖ ਆਦਮੀ ਦਾ ਮੂੰਹ ਉਸ ਦੀ ਬਰਬਾਦੀ ਹੈ, ਉਸ ਦੇ ਬੁੱਲ੍ਹ ਉਸ ਦੇ ਜੀਵਨ ਲਈ ਸ਼ਿਕੰਜ਼ਾ ਹਨ।

**8**ਚੁਗਲੀਆਂ ਕਰਨ ਵਾਲੇ ਦੀਆਂ ਗੱਲਾਂ ਇਕ ਸੁਆਦਲੇ ਭੋਜਨ ਵਾਂਗ ਹੈ ਜੋ ਢਿੱਡ ਦੀ ਗਹਿਰਾਈ ਤਾਂਈ ਪਹੁੰਚਦੀਆਂ ਹਨ।

**9**ਉਹ ਵਿਅਕਤੀ ਜਿਹੜਾ ਆਪਣੇ ਕੰਮ ਵਿੱਚ ਲਾਪਰਵਾਹ ਹੈ ਉਸ ਵਿਅਕਤੀ ਵਰਗਾ ਜਿਹੜਾ ਚੀਜ਼ਾਂ ਤਬਾਹ ਕਰਦਾ ਹੈ।

**10**ਯਹੋਵਾਹ ਦਾ ਨਾਮ ਇੱਕ ਮਜ਼ਬੂਤ ਕਿਲ੍ਹੇ ਵਾਂਗ ਹੈ। ਧਰਮੀ ਭੱਜ ਕੇ ਇਸ ਵਿੱਚ ਵੜ ਜਾਂਦਾ ਅਤੇ ਸੁਰੱਖਿਅਤ ਹੋ ਜਾਂਦਾ ਹੈ।

**11**ਅਮੀਰ ਆਦਮੀ ਸਮਝਦਾ ਹੈ ਕਿ ਉਸ ਦੀ ਦੌਲਤ ਇੱਕ ਵਗਲੇ ਹੋਏ ਸਹਿਰ ਵਾਂਗ ਹੈ। ਉਹ ਇਸ ਨੂੰ ਇੱਕ ਨਾ ਮਾਪੇ ਜਾਣ ਵਾਲੀ ਕੰਧ ਵਾਂਗ ਵੇਖਦਾ ਹੈ।

**12**ਨਾਸ ਹੋਣ ਤੋਂ ਪਹਿਲਾਂ ਮਨੁੱਖ ਦਾ ਮਨ ਹੰਕਾਰੀ ਹੁੰਦਾ ਹੈ, ਪਰ ਆਦਰ ਤੋਂ ਪਹਿਲਾਂ ਅਧੀਨਗੀ ਹੁੰਦੀ ਹੈ।

**13**ਜਿਹੜਾ ਵਿਅਕਤੀ ਬਿਨਾਂ ਸੁਣਿਆਂ ਜਵਾਬ ਦੇਵੇ, ਮੂਰਖ ਹੈ ਜਿਸ ਨੂੰ ਸ਼ਰਮਿੰਦਾ ਕੀਤਾ ਜਾਣਾ ਚਾਹੀਦਾ ਹੈ।

**14**ਆਦਮੀ ਦਾ ਦਿਲ ਬੀਮਾਰੀ ਦੌਰਾਨ ਉਸ ਦੀ ਦੇਖ-ਭਾਲ ਕਰਦਾ ਹੈ, ਪਰ ਕੌਣ ਆਦਮੀ ਟੁੱਟੇ ਹੋਏ ਆਤਮੇ ਨੂੰ ਉੱਠਾ ਸਕਦਾ ਹੈ।

**15**ਇੱਕ ਸੂਝਵਾਨ ਆਦਮੀ ਗਿਆਨ ਪ੍ਰਾਪਤ ਕਰਦਾ ਹੈ, ਸਿਆਣੇ ਲੋਕਾਂ ਦੇ ਕੰਨ ਗਿਆਨ ਨੂੰ ਲੋਚਦੇ ਹਨ।

**16**ਇੱਕ ਸੁਗਾਤ ਆਦਮੀ ਲਈ ਬੂਹੇ ਖੋਲ ਦਿੰਦੀ ਹੈ, ਉਹ ਮਹੱਤਵਪੂਰਣ ਲੋਕਾਂ ਨੂੰ ਮਿਲਣ ਦੇ ਕਾਬਿਲ ਹੋਵੇਗਾ।

**17**ਜਿਹੜਾ ਵਿਅਕਤੀ ਵਿਵਾਦ ਦੌਰਾਨ ਆਪਣਾ ਮਾਮਲਾ ਪਹਿਲਾਂ ਹਾਜ਼ਰ ਕਰੇ ਸਹੀ ਜਾਪਦਾ ਹੈ, ਪਰ ਫ਼ੇਰ ਉਸ ਦੇ ਵਿਰੋਧੀ ਆਉਂਦੇ ਹਨ ਅਤੇ ਉਸ ਤੋਂ ਪ੍ਰਸ਼ਨ ਕਰਦੇ ਹਨ।

**18**ਜਦੋਂ ਦੋ ਤਾਕਤਵਰ ਲੋਕ ਝਗੜ ਰਹੇ ਹੋਣ ਤਾਂ ਨਰਦਾਂ ਸੁੱਟ ਕੇ ਫ਼ੈਸਲਾ ਕਰਨਾ ਹੀ ਸਭ ਤੋਂ ਚੰਗਾ ਰਹਿੰਦਾ ਹੈ।

**19**ਆਪਣੇ ਭਰਾ ਨਾਲ ਸੰਧੀ ਕਰਨੀ, ਜਿਸ ਨੂੰ ਤੂੰ ਨਰਾਜ਼ ਕੀਤਾ ਸੀ, ਕਿਸੇ ਮਜ਼ਬੂਤ ਰਾਜ ਤੇ ਜਿੱਤ ਪ੍ਰਾਪਤ ਕਰਨ ਨਾਲੋਂ ਵੀ ਵਧੇਰੇ

ਔਖਾ ਹੈ। ਦਲੀਲਬਾਜ਼ੀ ਕਿਸੇ ਮਹਿਲ ਤੇ ਸਰੀਏ ਲੱਗੇ ਫ਼ਾਟਕਾਂ ਵਾਂਗ ਹੈ।

20ਆਦਮੀ ਦਾ ਢਿੱਡ ਆਪਣੇ ਮੂੰਹ ਦੇ ਫ਼ਲਾਂ ਨਾਲ ਭਰ ਜਾਂਦਾ ਹੈ, ਉਹ ਆਪਣੇ ਬੁੱਲ੍ਹਾਂ ਦੀ ਖੇਤੀ ਨਾਲ ਸੰਤੁਸ਼ਟ ਹੋ ਜਾਂਦਾ ਹੈ।

21ਜੀਵਨ ਅਤੇ ਮੌਤ ਦੋਵੇਂ ਜੀਭ ਦੇ ਵੱਸ ਵਿੱਚ ਹਨ। ਕੋਈ ਵੀ ਜੋ ਇਸ ਨੂੰ ਇਸਤੇਮਾਲ ਕਰਨਾ ਪਸੰਦ ਕਰਦਾ ਇਸ ਦੇ ਫ਼ਲ ਨੂੰ ਖਾਂਦਾ ਹੈ।

22ਜੇਕਰ ਤੇਰੀ ਇੱਕ ਪਤਨੀ ਹੈ, ਤੈਨੂੰ ਇੱਕ ਵਧੀਆ ਚੀਜ਼ ਮਿਲ ਗਈ ਹੈ ਅਤੇ ਤੈਨੂੰ ਯਹੋਵਾਹ ਤੋਂ ਅਸੀਸ ਪ੍ਰਾਪਤ ਹੈ।

23ਗਰੀਬ ਆਦਮੀ ਸਹਾਇਤਾ ਲਈ ਬੇਨਤੀ ਕਰਦਾ ਹੈ, ਪਰ ਅਮੀਰ ਆਦਮੀ ਜਦੋਂ ਉਸ ਦਾ ਜਵਾਬ ਦਿੰਦਾ ਤਾਂ ਕੁਰੱਖਤ ਹੁੰਦਾ ਹੈ।

24ਕੁਝ ਦੋਸਤ ਸਿਰਫ਼ ਸਮਾਜਿਕ ਸਾਥੀ ਹੀ ਹੁੰਦੇ ਹਨ। ਪਰ ਇੱਕ ਚੰਗਾ ਦੋਸਤ ਇੱਕ ਭਰਾ ਨਾਲੋਂ ਵੀ ਬਿਹਤਰ ਹੋ ਸਕਦਾ ਹੈ।

## 19

1ਜਿਹੜਾ ਗਰੀਬ ਨਿਰਦੋਸ਼ ਹੈ ਉਸ ਮੂਰਖ ਨਾਲੋਂ ਬਿਹਤਰ ਹੈ ਜੋ ਦੁਸ਼ਟ ਗੱਲਾਂ ਕਰਦਾ ਹੈ।

2ਗਿਆਨ ਤੋਂ ਬਿਨਾ ਇੱਛਾ ਕਾਫ਼ੀ ਨਹੀਂ ਅਤੇ ਜਿਹੜਾ ਵਿਅਕਤੀ ਤੇਜ਼ੀ ਵਿੱਚ ਰਹਿੰਦਾ ਗਲਤੀਆਂ ਕਰਦਾ ਹੈ।

3ਕਿਸੇ ਬੰਦੇ ਦੀ ਆਪਣੀ ਮੂਰਖਤਾ ਹੀ ਉਸ ਨੂੰ ਤਬਾਹ ਕਰ ਦਿੰਦੀ ਹੈ। ਪਰ ਉਹ ਯਹੋਵਾਹ ਨੂੰ ਦੋਸ਼ੀ ਠਹਿਰਾਉਂਦਾ ਹੈ।

4ਜੇ ਕੋਈ ਆਦਮੀ ਅਮੀਰ ਹੈ, ਤਾਂ ਉਸ ਦੀ ਦੌਲਤ ਉਸ ਦੇ ਕਈ ਦੋਸਤ ਬਣਾਉਂਦੀ ਹੈ। ਪਰ ਜੇ ਕੋਈ ਆਦਮੀ ਗਰੀਬ ਹੈ ਤਾਂ ਉਸ ਦੇ ਸਾਰੇ ਦੋਸਤ ਉਸ ਦਾ ਸਾਥ ਛੱਡ ਦੇਣਗੇ।

5ਜਿਹੜਾ ਆਦਮੀ ਕਿਸੇ ਹੋਰ ਦੇ ਖਿਲਾਫ਼ ਝੂਠ ਬੋਲਦਾ ਹੈ ਉਸ ਨੂੰ ਸਜ਼ਾ ਮਿਲੇਗੀ। ਜਿਹੜਾ ਆਦਮੀ ਝੂਠ ਬੋਲਦਾ ਹੈ ਉਹ ਸੁਰੱਖਿਅਤ ਨਹੀਂ ਰਹੇਗਾ।

6ਅਨੇਕਾਂ ਲੋਕ ਸ਼ਾਸਕ ਨੂੰ ਮਿਲਣਾ ਚਾਹੁੰਦੇ ਹਨ, ਅਤੇ ਹਰ ਕੋਈ ਉਸ ਦਾ ਦੋਸਤ ਬਣਨਾ ਚਾਹੁੰਦਾ ਜੋ ਸੁਗਾਤਾਂ ਦਿੰਦਾ ਹੈ।

7ਇੱਕ ਗਰੀਬ ਆਦਮੀ ਆਪਣੇ ਹੀ ਰਿਸ਼ਤੇਦਾਰਾਂ ਦੁਆਰਾ ਵੀ ਤਿਰਸਕਾਰਿਆ ਜਾਂਦਾ ਹੈ, ਤਾਂ ਉਸ ਦਾ ਉਸ ਦੇ ਦੋਸਤਾਂ ਦੁਆਰਾ ਕਿੰਨਾ ਪਰਹੇਜ ਹੁੰਦਾ ਹੋਵੇਗਾ। ਉਹ ਉਨ੍ਹਾਂ ਅੱਗੇ ਬੇਨਤੀ ਕਰਦਾ ਹੈ, ਪਰ ਉਹ ਪਰਵਾਹ ਨਹੀਂ ਕਰਦੇ ਹਨ।

8ਜਿਹੜਾ ਵਿਅਕਤੀ ਗਿਆਨ ਹਾਸਲ ਕਰ ਲੈਂਦਾ ਹੈ, ਆਪਣੇ-ਆਪ ਦਾ ਖਿਆਲ ਰੱਖਦਾ ਹੈ, ਜਿਹੜਾ ਵਿਅਕਤੀ ਸਿਖਦਾ ਰਹਿੰਦਾ ਹੈ, ਉੱਨਤੀ ਕਰਦਾ ਰਹਿੰਦਾ ਹੈ।

9ਝੂਠੇ ਗਵਾਹ ਨੂੰ ਸਜ਼ਾ ਜ਼ਰੂਰ ਮਿਲਣੀ ਚਾਹੀਦੀ ਹੈ! ਜਿਹੜਾ ਆਦਮੀ ਝੂਠ ਬੋਲਦਾ ਹੈ ਉਹ ਤਬਾਹ ਹੋ ਜਾਵੇਗਾ।

10ਕਿਸੇ ਮੂਰਖ ਲਈ ਐਸ਼ ਨਾਲ ਜਿਉਂਣਾ, ਉਪਯੁਕਤ ਨਹੀਂ, ਇਹ ਕਿੰਨਾ ਬੱਦਤਰ ਹੋਵੇਗਾ ਜੇਕਰ ਕੋਈ ਗੁਲਾਮ ਸ਼ਹਿਜਾਦਿਆਂ ਉੱਪਰ ਰਾਜ ਕਰੇ।

11ਜੇ ਕੋਈ ਆਦਮੀ ਸੂਝਵਾਨ ਹੈ ਉਹ ਧੀਰਜ ਨੂੰ ਸਿਖਦਾ ਹੈ, ਅਤੇ ਅਪਰਾਧ ਤੋਂ ਮੂੰਹ ਫੇਰ ਲੈਣ ਨਾਲ ਉਹ ਦੀ ਵਡਿਆਈ ਹੁੰਦੀ ਹੈ।

12ਰਾਜੇ ਦੇ ਗੁੱਸੇ ਭਰੇ ਬੋਲ ਬੱਬਰ ਸ਼ੇਰ ਦੀ ਗਰਜ ਵਰਗੇ ਹਨ। ਪਰ ਉਸ ਦੀਆਂ ਸ਼ੁਭਕਾਮਨਾਵਾਂ ਘਾਹ ਉੱਤੇ ਕੋਮਲਤਾ ਨਾਲ ਡਿੱਗਦੀ ਫ਼ੁਹਾਰ ਵਾਂਗ ਹੁੰਦੀਆਂ ਹਨ।

13ਇੱਕ ਮੂਰਖ ਪੁੱਤਰ ਆਪਣੇ ਪਿਤਾ ਦੀ ਬਿਪਤਾ ਹੁੰਦਾ ਹੈ, ਅਤੇ ਇੱਕ ਝਗੜਾਲੂ ਪਤਨੀ ਛੱਤ ਵਿੱਚਲੇ ਛੇਕ ਵਾਂਗ ਹੁੰਦੀ ਹੈ।

14ਵਿਅਕਤੀ ਨੂੰ ਆਪਣੇ ਹੀ ਮਾਪਿਆਂ ਤੋਂ ਪੈਸੇ ਅਤੇ ਘਰ ਪ੍ਰਾਪਤ ਹੁੰਦਾ ਹੈ, ਪਰ ਇੱਕ ਸੂਝਵਾਨ ਪਤਨੀ ਯਹੋਵਾਹ ਵੱਲੋਂ ਮਿਲਿਆ ਉਪਹਾਰ ਹੈ।

15ਆਲਸ ਘੂਕ ਨੀਂਦ ਲਿਆਉਂਦੀ ਹੈ, ਆਲਸੀ ਆਦਮੀ ਭੁੱਖਾ ਰਹੇਗਾ।

16ਜਿਹੜਾ ਵਿਅਕਤੀ ਹੁਕਮ ਨੂੰ ਮੰਨਦਾ ਹੈ ਉਹ ਆਪਣੇ ਜੀਵਨ ਦਾ ਬਚਾਉ ਕਰੇਗਾ, ਪਰ ਉਹ ਜਿਹੜਾ ਆਪਣਾ ਜੀਵਨ ਬਾਰੇ ਧਿਆਨ ਨਹੀਂ ਦਿੰਦਾ ਮਾਰਿਆ ਜਾਵੇਗਾ।

17ਗਰੀਬ ਲੋਕਾਂ ਦੀ ਮਦਦ ਕਰਨਾ ਯਹੋਵਾਹ ਨੂੰ ਪੈਸੇ ਉਧਾਰ ਦੇਣ ਵਰਗੀ ਗੱਲ ਹੈ, ਉਹ ਪਰਿਪੱਕ ਹੀ ਤੈਨੂੰ ਅਦਾਇਗੀ ਕਰੇਗਾ।

18ਜਦ ਤਾਈਂ ਆਸ ਹੈ ਆਪਣੇ ਪੁੱਤਰ ਨੂੰ ਤਾੜ। ਜੇ ਤੂੰ ਅਜਿਹਾ ਕਰਨ ਤੋਂ ਇਨਕਾਰ ਕਰੇਂਗਾ, ਤਾਂ ਤੂੰ ਉਸ ਦੀ, ਆਪਣੇ-ਆਪ ਨੂੰ ਤਬਾਹ ਕਰਨ ਲਈ, ਸਹਾਇਤਾ ਕਰ ਰਹਿ ਹੋਵੇਂਗਾ।

19ਛੇਤੀ ਗੁੱਸੇ ਵਿੱਚ ਆ ਜਾਣ ਵਾਲੇ ਵਿਅਕਤੀ ਨੂੰ ਕੀਮਤ ਜ਼ਰੂਰ ਦੇਣੀ ਪੈਂਦੀ ਹੈ। ਜੇਕਰ ਤੂੰ ਉਸ ਨੂੰ ਬਚਾਉਣ ਦੀ ਕੋਸ਼ਿਸ਼ ਕਰੇਂਗਾ ਤਾਂ ਤੈਨੂੰ ਇਹ ਬਾਰ-ਬਾਰ ਕਰਨਾ ਪਵੇਗਾ।

20ਮਸ਼ਵਰੇ ਨੂੰ ਸੁਣੋ ਅਤੇ ਸੁਧਾਰ ਨੂੰ ਪ੍ਰਵਾਨ ਕਰ ਤਾਂ ਜੋ ਅਖੀਰ ਵਿੱਚ ਤੂੰ ਬੁੱਧਵਾਨ ਬਣ ਜਾਵੇਂ।

21ਆਦਮੀ ਅਨੇਕਾਂ ਯੋਜਨਾਵਾਂ ਬਣਾਉਂਦਾ, ਪਰ ਯਹੋਵਾਹ ਦੀ ਰਜ਼ਾ ਨਿਸ਼ਚਾ ਕਰਦੀ ਹੈ ਕਿ ਕੀ ਵਾਪਰੇਗਾ।

22ਲੋਕ ਵਫ਼ਾਦਾਰ ਆਦਮੀ ਨੂੰ ਪਸੰਦ ਕਰਦੇ ਹਨ, ਇਸ ਲਈ ਗਰੀਬ ਅਤੇ ਭਰੋਸੇ ਯੋਗ ਹੋਣਾ ਝੂਠੇ ਨਾਲੋਂ ਬਿਹਤਰ ਹੈ।

23ਯਹੋਵਾਹ ਦਾ ਡਰ ਜਿੰਦਗੀ ਵੱਲ ਅਗਵਾਈ ਕਰਦਾ ਹੈ ਜੋ ਕੋਈ ਵੀ ਇਸ ਨਾਲ ਭਰਪੂਰ ਹੈ ਉਹ ਬਿਨਾਂ ਕਿਸੇ ਵੀ ਸਮੱਸਿਆ ਤੋਂ ਆਰਾਮ ਨਾਲ ਬੱਚ ਸਕਦਾ ਹੈ ਅਤੇ ਸਾਂਤੀ ਪ੍ਰਾਪਤ ਕਰਦਾ ਹੈ।

24ਇੱਕ ਆਲਸੀ ਆਦਮੀ ਭਾਂਡੇ ਵਿੱਚ ਆਪਣਾ ਹੱਥ ਪਾਉਂਦਾ ਹੈ, ਪਰ ਇਸ ਨੂੰ ਮੂੰਹ ਤਾਈਂ ਚੁੱਕਣ ਨੂੰ ਬਹੁਤ ਮੁਸ਼ਕਿਲ ਮਹਿਸੂਸ ਕਰਦਾ ਹੈ।

25ਬੇਅਦਬ ਵਿਅਕਤੀ ਨੂੰ ਕੁੱਟੋ ਅਤੇ ਇੱਕ ਆਮ ਆਦਮੀ ਇਸ ਤੋਂ ਸਿੱਖੇਗਾ। ਇੱਕ ਸੂਝਵਾਨ ਆਦਮੀ ਨੂੰ ਝਿੜਕੋ, ਅਤੇ ਉਹ ਇੱਕ ਸਬਕ ਸਿੱਖ ਜਾਵੇਗਾ।

26ਜਿਹੜਾ ਪੁੱਤਰ ਆਪਣੇ ਪਿਤਾ ਤੋਂ ਚੋਰੀ ਕਰੇ ਅਤੇ ਆਪਣੀ ਮਾਂ ਨੂੰ ਕੱਢ ਦੇਵੇ ਘ੍ਰਿਣਾਯੋਗ ਹੈ ਅਤੇ ਉਹ ਸ਼ਰਮਿੰਦਗੀ ਦਾ ਕਾਰਣ ਬਣਦਾ ਹੈ।

27ਜੇ ਤੂੰ ਨਿਰਦੇਸ਼ਾਂ ਨੂੰ ਸੁਣਨਾ ਛੱਡ ਦੇਵੇਂਗਾ ਤਾਂ ਤੂੰ ਮੂਰਖਤਾ ਭਰੀਆਂ ਗ਼ਲਤੀਆਂ ਕਰਦੇ ਰਹੇਂਗਾ।

28ਵਿਅਰਥ ਗਵਾਹ ਇਨਸਾਫ਼ ਤੇ ਹੱਸਦਾ, ਅਤੇ ਇੱਕ ਬਦ ਆਦਮੀ ਦਾ ਮੂੰਹ ਬਦੀ ਨੂੰ ਨਿਗਲ ਜਾਂਦਾ ਹੈ।

29ਮਖੌਲੀਆਂ ਨੂੰ ਸਜ਼ਾ ਮਿਲੇਗੀ। ਅਤੇ ਮੂਰਖ ਆਦਮੀ ਨੂੰ ਕੋੜੇ ਮਾਰੇ ਜਾਣਗੇ।

## 20

1ਮੈਅ ਲੋਕਾਂ ਨੂੰ ਬੇਇੱਜ਼ਤ ਕਰ ਦਿੰਦੀ ਹੈ, ਬੀਅਰ ਉਨ੍ਹਾਂ ਨੂੰ ਮਗਰੂਰ ਬਣਾ ਦਿੰਦੀ ਹੈ, ਉਨ੍ਹਾਂ ਦੁਆਰਾ ਭਟਕਾਇਆ ਹੋਇਆ ਕੋਈ ਵੀ ਸਿਆਣਾ ਨਹੀਂ।

2ਰਾਜੇ ਦਾ ਗੁੱਸਾ ਬਬਰ ਸ਼ੇਰ ਵਰਗਾ ਹੈ। ਜੇ ਤੂੰ ਰਾਜੇ ਨੂੰ ਗੁੱਸੇ ਕਰੇਂ ਤਾਂ ਤੈਨੂੰ ਆਪਣੀ ਜਾਨ ਵੀ ਗੁਆਉਣੀ ਪੈ ਸਕਦੀ ਹੈ।

3ਇਹ ਆਦਮੀ ਦੇ ਮਾਨ ਦੀ ਗੱਲ ਹੈ ਕਿ ਜੇਕਰ ਉਹ ਝਗੜਿਆਂ ਤੋਂ ਦੂਰ ਰਹੇ, ਪਰ ਇੱਕ ਮੂਰਖ ਆਦਮੀ ਹਮੇਸ਼ਾ ਲੜਨ ਲਈ ਤਿਆਰ ਰਹਿੰਦਾ ਹੈ।

4ਬੀਜਣ ਦੇ ਸਮੇਂ ਦੌਰਾਨ ਸੁਸਤ ਆਦਮੀ ਆਪਣੇ ਖੇਤ ਨਹੀਂ ਵਾਹੁੰਦਾ। ਇਸ ਲਈ ਵਾਢੀ ਵੇਲੇ ਉਹ ਫਸਲਾਂ ਦੀ ਤਲਾਸ਼ ਕਰਦਾ ਹੈ ਪਰ ਉਸ ਨੂੰ ਕੁਝ ਵੀ ਨਹੀਂ ਮਿਲਦਾ।

5ਮਨੁੱਖ ਦੇ ਖਿਆਲ ਡੂੰਘੇ ਪਾਣੀਆਂ ਵਾਂਗ ਹੁੰਦੇ ਹਨ, ਪਰ ਸਮਝਦਾਰ ਆਦਮੀ ਉਨ੍ਹਾਂ ਨੂੰ ਬਾਹਰ ਖਿੱਚ ਲੈਂਦਾ ਹੈ।

6ਕਈ ਲੋਕ ਸ਼ੇਖੀ ਮਾਰਦੇ ਹਨ ਕਿ ਉਹ “ਵਫ਼ਾਦਾਰ” ਹਨ। ਪਰ ਇੱਕ ਭਰੋਸੇ ਯੋਗ ਵਿਅਕਤੀ ਲੱਭਣਾ ਬਹੁਤ ਮੁਸ਼ਕਿਲ ਹੈ।

7ਇੱਕ ਧਰਮੀ ਆਦਮੀ ਚੰਗਾ ਜੀਵਨ ਜੀਉਂਦਾ ਹੈ, ਅਤੇ ਇਹ ਉਸ ਦੇ ਬੱਚਿਆਂ ਤੇ ਵੀ ਅਸੀਸ ਲਿਆਉਂਦਾ ਹੈ।

8ਜਦੋਂ ਕੋਈ ਰਾਜਾ ਲੋਕਾਂ ਦਾ ਨਿਆਂ ਕਰਨ ਲਈ ਬੈਠਦਾ ਹੈ ਤਾਂ ਉਹ ਬਦੀ ਨੂੰ ਆਪਣੀਆਂ ਅੱਖਾਂ ਨਾਲ ਦੇਖ ਸਕਦਾ ਹੈ।

9ਕੀ ਕੋਈ ਕਹਿ ਸਕਦਾ ਹੈ ਕਿ ਮੇਰਾ ਦਿਲ ਸ਼ੁੱਧ ਹੈ? ਕੌਣ ਕਹਿ ਸਕਦਾ ਹੈ ਕਿ ਮੈਂ ਪਾਪ ਤੋਂ ਅਜ਼ਾਦ ਹਾਂ?

10ਝੂਠੇ ਤੋਲ ਅਤੇ ਗ਼ਲਤ ਨਾਪ ਦੋਹਾਂ ਨੂੰ ਯਹੋਵਾਹ ਨਫ਼ਰਤ ਕਰਦਾ ਹੈ।

11ਇੱਕ ਬੱਚਾ ਵੀ ਆਪਣੀਆਂ ਹਰਕਤਾਂ ਤੋਂ ਇਹ ਦਰਸਾ ਦਿੰਦਾ ਹੈ ਕਿ ਉਹ ਚੰਗਾ ਹੈ ਜਾਂ ਮਾੜਾ ਹੈ। ਤੂੰ ਉਸ ਬੱਚੇ ਦੀ ਨਿਗਰਾਨੀ ਕਰ ਸਕਦਾ ਹੈਂ ਅਤੇ ਜਾਣ ਸਕਦਾ ਹੈਂ ਕਿ ਕੀ ਉਹ ਇਮਾਨਦਾਰ ਤੇ ਨੇਕ ਹੈ ਜਾਂ ਨਹੀਂ।

12ਯਹੋਵਾਹ ਨੇ ਸੁਣਨ ਲਈ ਸਾਡੀ ਖਾਤਰ ਦੋਵਾਂ ਕੰਨਾਂ ਨੂੰ, ਅਤੇ ਅੱਖਾਂ ਨੂੰ ਵੇਖਣ ਲਈ ਬਣਾਇਆ!

13ਨੀਂਦ ਨੂੰ ਪਿਆਰ ਨਾ ਕਰ, ਨਹੀਂ ਤਾਂ ਤੂੰ ਗਰੀਬ ਹੋ ਜਾਵੇਂਗਾ। ਪਰ ਕੰਮ ਵਿੱਚ ਆਪਣਾ ਸਮਾਂ ਬਿਤਾ ਅਤੇ ਤੇਰੇ ਪਾਸ ਖਾਣ ਲਈ ਬਹੁਤ ਹੋਵੇਗਾ।

14ਜਿਹੜਾ ਆਦਮੀ ਤੇਰੇ ਪਾਸੋਂ ਕੋਈ ਚੀਜ਼ ਖਰੀਦਦਾ ਹੈ, ਹਮੇਸ਼ਾ ਆਖਦਾ ਹੈ, “ਇਹ ਚੰਗੀ ਨਹੀਂ! ਇਹ ਮਹਿੰਗੀ ਬਹੁਤ ਹੈ!” ਫ਼ੇਰ ਉਹ ਆਦਮੀ ਚੱਲਾ ਜਾਂਦਾ ਹੈ ਅਤੇ ਹੋਰਾਂ ਲੋਕਾਂ ਨੂੰ ਦੱਸਦਾ ਹੈ ਕਿ ਉਸ ਨੇ ਚੰਗਾ ਸੌਦਾ ਕੀਤਾ ਹੈ।

15ਸੋਨਾ ਤੇ ਹੀਰੇ ਕਿਸੇ ਬੰਦੇ ਨੂੰ ਅਮੀਰ ਬਣਾ ਸਕਦੇ ਹਨ। ਪਰ ਜਿਹੜਾ ਆਦਮੀ ਇਹ ਜਾਣਦਾ ਹੈ ਕਿ ਉਹ ਕਿਸ ਬਾਰੇ ਗੱਲ ਕਰ ਰਿਹਾ ਹੈ, ਉਹ ਉਨਾਂ ਨਾਲੋਂ ਵੀ ਕਿਤੇ ਵੱਧ ਮੁੱਲਵਾਨ ਹੈ।

16ਜੇਕਰ ਕੋਈ ਆਦਮੀ ਕਿਸੇ ਪਰਦੇਸੀ ਦੇ ਕਰਜ਼ ਦੀ ਜਿੰਮੇਵਾਰੀ ਲੈਂਦਾ ਹੈ ਤਾਂ ਉਸ ਦਾ ਲੀੜਾ ਜਾਂ ਕੋਈ ਹੋਰ ਚੀਜ਼ ਗਿਰਵੀ ਰੱਖ ਲੈ ਜਦ ਤਕ ਉਹ ਕਰਜ਼ ਨਾ ਭਰ ਦੇਵੇ।

17ਜੇ ਤੂੰ ਧੋਖੇ ਨਾਲ ਕੋਈ ਚੀਜ਼ ਹਾਸਲ ਕਰ ਲਵੇਂਗਾ, ਇਹ ਚੰਗੀ ਚੀਜ਼ ਵਾਂਗ ਤਾਂ ਜਾਪੇਗੀ। ਪਰ ਅੰਤ ਵਿੱਚ ਉਸ ਦਾ ਮੂੰਹ ਪੱਥਰਾਂ ਨਾਲ ਭਰ ਜਾਂਦਾ ਹੈ।

18ਯੋਜਨਾਵਾਂ ਬਣਾਉਣ ਤੋਂ ਪਹਿਲਾਂ ਚੰਗਾ ਮਸ਼ਵਰਾ ਗਾਸਲ ਕਰ। ਜੇ ਤੂੰ ਯੁੱਧ ਲਈ ਜਾ ਰਿਹਾ ਹੈਂ, ਯਕੀਨੀ ਕਰ ਕਿ ਤੇਰੇ ਕੋਲ ਚੰਗੀ ਸਲਾਹ ਹੈ।

19ਜਿਹੜਾ ਆਦਮੀ ਹੋਰਨਾਂ ਦੀਆਂ ਚੁਗਲੀਆਂ ਕਰਦਾ ਹੈ ਉਸ ਉੱਤੇ ਭਰੋਸਾ ਨਹੀਂ ਕੀਤਾ ਜਾ ਸਕਦਾ। ਇਸ ਲਈ ਕਿਸੇ ਵੀ ਬੜਬੋਲੇ ਬੰਦੇ ਨੂੰ ਦੋਸਤ ਨਾ ਬਣਾ।

20ਜਿਹੜਾ ਵਿਅਕਤੀ ਆਪਣੇ ਹੀ ਮਾਪਿਆਂ ਨੂੰ ਗਾਲ੍ਹਾਂ ਕੱਢੇ, ਉਸ ਦਾ ਦੀਵਾ ਘੁੱਪ ਹਨੇਰੇ ਦੇ ਵਿੱਚਾਲੇ ਬੁਝਾ ਦਿੱਤਾ ਜਾਵੇਗਾ।

21ਆਸਾਨੀ ਨਾਲ ਪ੍ਰਾਪਤ ਕੀਤਾ ਵਿਰਸਾ ਅਖੀਰ ਵਿੱਚ ਅਸੀਸਾਂ ਨਹੀਂ ਲਿਆਵੇਗਾ।

22ਜੇ ਕੋਈ ਤੇਰੇ ਖਿਲਾਫ਼ ਕੁਝ ਕਰਦਾ ਹੈ ਤਾਂ ਉਸ ਨੂੰ ਖੁਦ ਸਜ਼ਾ ਦੇਣ ਦੀ ਕੋਸ਼ਿਸ਼ ਨਾ ਕਰ। ਇਸ ਨੂੰ ਯਹੋਵਾਹ ਤੇ ਛੱਡ ਦੇਹ, ਉਹ ਨਿਆਂ ਕਰੇਗਾ।

23ਯਹੋਵਾਹ ਝੂਠੇ ਤੋਲ ਨੂੰ ਨਫ਼ਰਤ ਕਰਦਾ ਹੈ ਅਤੇ ਝੂਠੀ ਤੱਕੜੀ ਚੰਗੀ ਨਹੀਂ।

24ਯਹੋਵਾਹ ਆਦਮੀ ਦੇ ਕਦਮਾਂ ਦਾ ਨਿਸ਼ਚੈ ਕਰਦਾ ਹੈ, ਤਾਂ ਫ਼ਿਰ ਇੱਕ ਆਦਮੀ ਆਪਣੇ ਜੀਵਨ ਨੂੰ ਕਿਵੇਂ ਸਮਝ ਸਕਦਾ ਹੈ?

25ਜੇਕਰ ਤੂੰ ਜਲਦੀ ਵਿੱਚ ਪਰਮੇਸ਼ੁਰ ਨਾਲ ਕਿਸੇ ਗੱਲ ਦਾ ਇਕਰਾਰ ਕਰ ਲਵੇਂ ਅਤੇ ਮਗਰੋਂ ਆਪਣਾ ਮਨ ਬਦਲ ਲਵੇਂ ਤਾਂ ਤੂੰ ਆਪਣੇ-ਆਪ ਨੂੰ ਫ਼ਸਾ ਲਵੇਂਗਾ।

26ਇੱਕ ਸਿਆਣਾ ਰਾਜਾ ਦੁਸ਼ਟਾਂ ਨੂੰ ਪਰ੍ਹਾਂ ਫ਼ਟਕਾਰ ਦਿੰਦਾ ਹੈ, ਉਹ ਉਨ੍ਹਾਂ ਉੱਪਰ ਆਪਣਾ ਗਾਹੁਣ ਵਾਲਾ ਪਹੀਆ ਚੜ੍ਹਾ ਦਿੰਦਾ ਹੈ।

27ਕਿਸੇ ਬੰਦੇ ਦਾ ਆਤਮਾ ਯਹੋਵਾਹ ਲਈ ਇੱਕ ਦੀਵੇ ਵਰਗਾ ਹੁੰਦਾ ਹੈ। ਯਹੋਵਾਹ ਬੰਦੇ ਦੀਆਂ ਅੰਦਰਲੀਆਂ ਗੱਲਾਂ ਜਾਣਨ ਦੇ ਯੋਗ ਹੁੰਦਾ ਹੈ।

28ਵਫ਼ਾਦਾਰੀ ਅਤੇ ਸੱਚਾਈ ਇੱਕ ਰਾਜੇ ਦੀ ਰੱਖਿਆ ਕਰਦੇ ਹਨ, ਅਤੇ ਉਹ ਆਪਣੀ ਵਫ਼ਾਦਾਰੀ ਕਾਰਣ ਆਪਣਾ ਤਖਤ ਨੂੰ ਸੰਭਾਲੀ ਰੱਖਦਾ ਹੈ।

29ਇੱਕ ਨੌਜਵਾਨ ਨੂੰ ਉਸ ਦੀ ਤਾਕਤ ਕਾਰਣ ਕੀਰਤੀ ਮਿਲਦੀ ਹੈ, ਅਤੇ ਇੱਕ ਬਜ਼ੁਰਗ ਆਦਮੀ ਦੀ ਇੱਜ਼ਤ ਉਸ ਦੇ ਧੌਲਿਆਂ ਦੇ ਕਾਰਣ ਹੁੰਦੀ ਹੈ।

30ਜੇ ਸਾਨੂੰ ਸਜ਼ਾ ਮਿਲਦੀ ਹੈ ਤਾਂ ਅਸੀਂ ਗ਼ਲਤ ਕੰਮ ਕਰਨ ਤੋਂ ਹਟ ਜਾਵਾਂਗੇ। ਦੁੱਖ ਬੰਦੇ ਨੂੰ ਤਬਦੀਲ ਕਰ ਸਕਦਾ ਹੈ।

**21** 1ਪਾਤਸ਼ਾਹ ਦਾ ਮਨ ਯਹੋਵਾਹ ਦੇ ਹੱਥ ਵਿੱਚ ਪਾਣੀ ਦੀਆਂ ਖਾਲਾਂ ਵਾਂਙ ਹੁੰਦਾ ਹੈ ਉਹ ਉਸ ਨੂੰ ਜਿਧਰ ਚਾਹੁੰਦਾ ਹੈ ਮੋੜ ਦਿੰਦਾ ਹੈ ਜਿਵੇਂ ਕਿਸਾਨ ਖੇਤ ਦੇ ਪਾਣੀ ਨੂੰ ਮੋੜ ਦਿੰਦਾ ਹੈ।

2ਆਦਮੀ ਸੋਚਦਾ ਹੈ ਕਿ ਜੋ ਕੁਝ ਵੀ ਉਹ ਕਰਦਾ ਹੈ ਸਹੀ ਹੈ। ਪਰ ਯਹੋਵਾਹ ਬੰਦਿਆਂ ਦੇ ਕੰਮਾਂ ਦੇ ਅਸਲੀ ਕਾਰਣਾਂ ਦਾ ਨਿਆਂ ਕਰਦਾ ਹੈ।

3ਧਰਮ ਅਤੇ ਨਿਆਂ ਕਰਨਾ, ਪਰਮੇਸ਼ੁਰ ਨੂੰ ਬਲੀਆਂ ਚੜ੍ਹਾਉਣ ਨਾਲੋਂ ਚੰਗਾ ਲੱਗਦਾ ਹੈ।

4ਘਮੰਡੀ ਅੱਖਾਂ ਅਤੇ ਹੰਕਾਰੀ ਦਿਲ ਅਤੇ ਦੁਸ਼ਟ ਲੋਕਾਂ ਦੇ ਦੀਵੇ ਪਾਪ ਹੁੰਦੇ ਹਨ।

5ਮਿਹਨਤੀ ਆਦਮੀ ਦੀਆਂ ਯੋਜਨਾਵਾਂ ਲਾਭ ਲਿਆਉਂਦੀਆਂ ਹਨ, ਪਰ ਜੋ ਕੋਈ ਵੀ ਕਾਹਲੀ ਵਿੱਚ ਹੋਵੇਗਾ ਉਹ ਗਰੀਬ ਹੋ ਜਾਵੇਗਾ।

6ਜੇ ਤੂੰ ਅਮੀਰ ਹੋਣ ਲਈ ਧੋਖਾ ਕਰਦਾ ਹੈਂ, ਤਾਂ ਤੇਰੀ ਦੌਲਤ ਛੇਤੀ ਹੀ ਚੱਲੀ ਜਾਵੇਗੀ। ਅਤੇ ਤੇਰੀ ਅਮੀਰੀ ਤੈਨੂੰ ਮੌਤ ਵੱਲ ਲੈ ਜਾਵੇਗੀ।

7ਦੁਸ਼ਟਾਂ ਦੀ ਹਿੰਸਾ ਉਸ ਨੂੰ ਤਬਾਹ ਕਰ ਦੇਵੇਗੀ। ਕਿਉਂਕਿ ਉਹ ਨਿਆਂ ਕਰਨ ਤੋਂ ਇਨਕਾਰ ਕਰਦੇ ਹਨ।

8ਇੱਕ ਅਪਰਾਧੀ ਦਾ ਰਾਹ ਪੇਚਦਾਰ ਹੁੰਦਾ ਹੈ, ਪਰ ਇੱਕ ਸਚਿਆਰ ਆਦਮੀ ਦਾ ਰਾਹ ਸਿੱਧਾ ਹੁੰਦਾ ਹੈ।

9ਝਗੜਾਲੂ ਪਤਨੀ ਨਾਲ ਘਰ ਦੇ ਅੰਦਰ ਰਹਿਣ ਨਾਲੋਂ ਛੱਤ ਉੱਤੇ ਨੁੱਕਰ ਤੇ ਸੌਣਾ ਬਿਹਤਰ ਹੈ।

10ਬੁਰੇ ਬੰਦੇ ਹਮੇਸ਼ਾ ਹੋਰ ਬਦੀ ਕਰਨਾ ਲੋਚਦੇ ਹਨ। ਅਤੇ ਉਹ ਲੋਕ ਆਪਣੇ ਆਸ-ਪਾਸ ਦੇ ਲੋਕਾਂ ਲਈ ਰਹਿਮ ਨਹੀਂ ਪ੍ਰਗਟਾਉਂਦੇ।

11ਜਦੋਂ ਇੱਕ ਮਖੌਲੀਏ ਨੂੰ ਸਜ਼ਾ ਮਿਲਦੀ ਹੈ ਤਾਂ ਇੱਕ ਸਾਧਾਰਨ

ਵਿਅਕਤੀ ਸਿਆਣਾ ਬਣ ਜਾਂਦਾ, ਅਤੇ ਜਦੋਂ ਤੂੰ ਕਿਸੇ ਸਿਆਣੇ ਬੰਦੇ
ਨੂੰ ਹਿਦਾਇਤ ਦਿੰਦਾ ਹੈਂ ਤਾਂ ਉਹ ਨੂੰ ਗਿਆਨ ਪ੍ਰਾਪਤ ਹੁੰਦਾ ਹੈ।
12ਪਰਮੇਸ਼ੁਰ ਜੋ ਕਿ ਨਿਆਂਈ ਹੈ ਦੁਸ਼ਟ ਆਦਮੀ ਦੇ ਟੱਬਰ ਤੇ
ਅੱਖ ਰੱਖਦਾ ਅਤੇ ਦੁਸ਼ਟ ਆਦਮੀ ਨੂੰ ਬਰਬਾਦ ਕਰ ਦਿੰਦਾ ਹੈ।
13ਜੇ ਕੋਈ ਆਦਮੀ ਗਰੀਬ ਲੋਕਾਂ ਦੀ ਸਹਾਇਤਾ ਕਰਨ ਤੋਂ
ਇਨਕਾਰ ਕਰਦਾ ਹੈ ਤਾਂ ਲੋੜ ਪੈਣ ਤੇ ਉਸ ਦੀ ਵੀ ਕੋਈ ਸਹਾਇਤਾ
ਨਹੀਂ ਕਰੇਗਾ।
14ਗੁਪਤ ਤੌਰ ਤੇ ਦਿੱਤੀ ਭੇਟ ਗੁੱਸੇ ਨੂੰ ਸ਼ਾਂਤ ਕਰ ਦਿੰਦੀ ਹੈ, ਅਤੇ
ਲੋਕਾਂ ਦੀ ਦਿੱਤੀ ਹੋਈ ਰਿਸ਼ਵਤ ਖਤਰੇ ਨੂੰ ਰੋਕਣ 'ਚ ਸਹਾਈ ਹੋ
ਸਕਦੀ ਹੈ।
15ਇੱਕ ਧਰਮੀ ਵਿਅਕਤੀ ਜੋ ਸਹੀ ਹੈ ਕਰਨ ਵਿੱਚ ਅਨੰਦ
ਮਾਣਦਾ ਹੈ, ਪਰ ਇਹ ਉਨ੍ਹਾਂ ਨੂੰ ਡਰਾਉਂਦਾ ਹੈ, ਜੋ ਉਹੀ ਕਰਦੇ ਹਨ
ਜੋ ਗ਼ਲਤ ਹੈ।
16ਜੇ ਕੋਈ ਆਦਮੀ ਬੁੱਧ ਦਾ ਰਸਤਾ ਛੱਡ ਦਿੰਦਾ ਹੈ ਤਾਂ ਉਹ
ਤਬਾਹੀ ਵੱਲ ਜਾ ਰਿਹਾ ਹੈ।
17ਜੋ ਰਾਗ ਰੰਗ ਨੂੰ ਪਿਆਰ ਕਰਦਾ ਹੈ ਉਹ ਆਦਮੀ ਗਰੀਬ ਹੋ
ਜਾਵੇਗਾ। ਜੇ ਉਹ ਆਦਮੀ ਮੈਅ ਅਤੇ ਭੋਜਨ ਨੂੰ ਹੀ ਪਿਆਰ ਕਰਦਾ
ਹੈ ਤਾਂ ਉਹ ਕਦੇ ਅਮੀਰ ਨਹੀਂ ਹੋ ਸਕੇਗਾ।
18ਇੱਕ ਦੁਸ਼ਟ ਵਿਅਕਤੀ ਨੇਕ ਆਦਮੀ ਲਈ ਫਿਰੌਤੀ ਹੁੰਦਾ ਹੈ।
ਅਤੇ ਇੰਝ ਹੀ ਕਪਟੀ ਇਮਾਨਦਾਰ ਆਦਮੀ ਲਈ ਹੁੰਦਾ ਹੈ।
19ਝਗੜਾਲੂ ਅਤੇ ਝੱਲੀ ਪਤਨੀ ਨਾਲ ਰਹਿਣ ਨਾਲੋਂ, ਮਾਰੂਥਲ
ਵਿੱਚ ਰਹਿਣਾ ਬਿਹਤਰ ਹੈ।
20ਸਿਆਣੇ ਬੰਦੇ ਦਾ ਘਰ ਅਨਾਜ ਅਤੇ ਤੇਲ ਨਾਲ ਭਰਪੂਰ ਹੁੰਦਾ,
ਪਰ ਮੂਰਖ ਬੰਦੇ ਕੋਲ ਜੋ ਵੀ ਹੈ ਉਹ ਉਸ ਨੂੰ ਖਤਮ ਕਰ ਲੈਂਦਾ ਹੈ।
21ਜਿਹੜਾ ਵਿਅਕਤੀ ਦਯਾ ਅਤੇ ਵਫ਼ਾਦਾਰੀ ਤੇ ਚੱਲਦਾ ਹੈ, ਉਹ
ਜੀਵਨ, ਨੇਕੀ ਅਤੇ ਆਦਰ ਪ੍ਰਾਪਤ ਕਰਦਾ ਹੈ।
22ਇੱਕ ਸਿਆਣਾ ਵਿਅਕਤੀ ਬਹਾਦੁਰ ਆਦਮੀਆਂ ਦੁਆਰਾ
ਰੱਖਵਾਲੀ ਕੀਤੇ ਜਾ ਰਹੇ ਸ਼ਹਿਰ ਤੇ ਵੀ ਕਬਜ਼ਾ ਕਰ ਸਕਦਾ ਹੈ ਅਤੇ
ਉਨ੍ਹਾਂ ਕੰਧਾਂ ਨੂੰ ਢਾਹ ਸਕਦਾ ਜਿਨ੍ਹਾਂ ਤੇ ਉਨ੍ਹਾਂ ਨੂੰ ਭਰੋਸਾ ਹੁੰਦਾ ਹੈ।
23ਜਿਸ ਬੰਦੇ ਦਾ ਆਪਣੀ ਕਥਨੀ ਅਤੇ ਜੁਬਾਨ ਤੇ ਕਾਬੂ ਹੁੰਦਾ,
ਉਹ ਆਪਣੇ ਆਪ ਨੂੰ ਕਿਸੇ ਵੀ ਖਤਰੇ ਤੋਂ ਬਚਾ ਲੈਂਦਾ ਹੈ।
24ਇੱਕ ਵਿਅਕਤੀ ਜਿਹੜਾ ਹੰਕਾਰੀ ਅਤੇ ਮਗਰੂਰ ਹੈ, ਅਜਿਹਾ
ਆਦਮੀ ਮਖੌਲੀਆ ਕਹਿਲਾਉਂਦਾ ਹੈ, ਉਹ ਡਾਢੀ ਮਗਰੂਰਤਾ ਦਾ
ਵਿਖਾਵਾ ਕਰਦਾ ਹੈ।
25ਆਲਸੀ ਬੰਦੇ ਦੇ ਸਪਨੇ ਉਸ ਦੀ ਮੌਤ ਹੋਣਗੇ, ਕਿਉਂ ਜੋ ਉਸ
ਦੇ ਹੱਥ ਕੰਮ ਕਰਨੋ ਇਨਕਾਰੀ ਹੁੰਦੇ ਹਨ।
26ਅਜਿਹੇ ਲੋਕ ਹੁੰਦੇ ਹਨ ਜੋ ਹਰ ਵਕਤ, ਹੋਰ ਪਾਉਣ ਦੀ ਇੱਛਾ
ਰੱਖਦੇ ਹਨ, ਪਰ ਇੱਕ ਧਰਮੀ ਵਿਅਕਤੀ ਖੁਲੇ ਦਿਲ ਨਾਲ ਦਿੰਦਾ ਹੈ।
27ਇੱਕ ਦੁਸ਼ਟ ਵਿਅਕਤੀ ਦੀਆਂ ਬਲੀਆਂ ਆਪਣੇ-ਆਪ 'ਚ ਹੀ
ਬੁਰੀਆਂ ਹਨ, ਇਹ ਹੋਰ ਵੀ ਭਿਆਨਕ ਹੋਵੇਗਾ ਜਦੋਂ ਉਹ ਇਨ੍ਹਾਂ ਨੂੰ
ਬੁਰੇ ਖਿਆਲ ਨਾਲ ਚੜ੍ਹਾਉਂਦਾ ਹੈ।
28ਜਿਹੜਾ ਆਦਮੀ ਝੂਠ ਬੋਲਦਾ ਹੈ ਉਹ ਤਬਾਹ ਹੋ ਜਾਵੇਗਾ।
ਜਿਹੜਾ ਵੀ ਉਸ ਝੂਠ ਨੂੰ ਧਿਆਨ ਨਾਲ ਸੁਣਦਾ ਹੈ ਉਹ ਵੀ ਉਸ ਦੇ
ਨਾਲ ਹੀ ਤਬਾਹ ਹੋ ਜਾਵੇਗਾ।
29ਇੱਕ ਦੁਸ਼ਟ ਵਿਅਕਤੀ ਆਪਣਾ ਮੂੰਹ ਫੁਲਾ ਲੈਂਦਾ ਹੈ, ਪਰ ਇੱਕ
ਇਮਾਨਦਾਰ ਆਦਮੀ ਯਕੀਨੀ ਬਣਾਉਂਦਾ ਕਿ ਉਹ ਉਹੀ ਕਰਦਾ
ਜੋ ਸਹੀ ਹੈ।
30ਕੋਈ ਅਜਿਹੀ ਬੁੱਧ, ਅੰਤਰ-ਦ੍ਰਿਸ਼ਟੀ, ਜਾਂ ਸਲਾਹ ਨਹੀਂ ਹੈ ਜੋ
ਯਹੋਵਾਹ ਦੇ ਵਿਰੁੱਧ ਕਾਮਯਾਬ ਹੋ ਸਕੇ।
31ਲੋਕ ਲੜਾਈ ਲਈ ਘੋੜਿਆਂ ਸਮੇਤ ਹਰ ਚੀਜ਼ ਤਿਆਰ ਕਰ
ਸਕਦੇ ਹਨ। ਪਰ ਜਿੰਨਾ ਚਿਰ ਤੱਕ ਯਹੋਵਾਹ ਉਨ੍ਹਾਂ ਨੂੰ ਜਿੱਤ ਨਹੀਂ
ਦਿੰਦਾ ਉਹ ਜਿੱਤ ਨਹੀਂ ਸਕਦੇ।

**22** 1ਚੰਗਾ ਨਾਮ ਵੱਡੀ ਦੌਲਤ ਨਾਲੋਂ ਬਿਹਤਰ ਹੈ। ਅਤੇ
ਚੰਗੀ ਪ੍ਰਤਿਸ਼ਠਾ ਚਾਂਦੀ ਜਾਂ ਸੋਨੇ ਨਾਲੋਂ ਬਿਹਤਰ ਹੈ।
2ਅਮੀਰ ਤੇ ਗਰੀਬ ਵਿੱਚ ਇੱਕੋ ਜਿਹੀ ਸਮਾਨਤਾ ਹੈ। ਯਹੋਵਾਹ
ਨੇ ਦੋਹਾਂ ਨੂੰ ਸਾਜਿਆ ਹੈ।
3ਦੁਸ਼ਟ ਵਿਅਕਤੀ ਖਤਰੇ ਨੂੰ ਵੇਖ ਕੇ ਇਸ ਤੋਂ ਬਚ ਨਿੱਕਲਦਾ ਹੈ
ਇੱਕ ਆਮ ਵਿਅਕਤੀ ਚੱਲਦਾ ਰਹਿੰਦਾ ਹੈ ਅਤੇ ਸੱਟ ਖਾ ਲੈਂਦਾ ਹੈ।
4ਇੱਕ ਹਲੀਮ ਜੋ ਯਹੋਵਾਹ ਤੋਂ ਡਰਦਾ ਹੈ ਉਸ ਕੋਲ ਦੌਲਤ
ਆਦਰ, ਅਤੇ ਲੰਮਾ ਜੀਵਨ ਹੋਵੇਗਾ।
5ਇੱਕ ਟੇਢੇ ਆਦਮੀ ਦਾ ਰਸਤਾ ਕੰਡਿਆਂ ਨਾਲ ਭਰਿਆ ਹੁੰਦਾ ਹੈ,
ਅਤੇ ਉਹ ਆਪਣੇ-ਆਪ ਨੂੰ ਉਨ੍ਹਾਂ ਵਿੱਚ ਫ਼ਸਿਆ ਪਾਉਂਦਾ ਹੈ। ਪਰ
ਜਿਹੜਾ ਆਦਮੀ ਆਪਣੀ ਜ਼ਿੰਦਗੀ ਦਾ ਧਿਆਨ ਰੱਖਦਾ ਹੈ ਉਹ
ਮੁਸੀਬਤ ਤੋਂ ਦੂਰ ਰਹਿੰਦਾ ਹੈ।
6ਬਾਲਕ ਨੂੰ ਉਹ ਦਾ ਠੀਕ ਰਾਹ ਸਿਖਲਾ ਜਿਸ ਉੱਤੇ ਉਸ ਨੂੰ ਜਾਣਾ
ਚਾਹੀਦਾ ਹੈ, ਅਤੇ ਉਹ ਇਸ ਤੋਂ ਉਦੋਂ ਵੀ ਨਹੀਂ ਭਟਕੇਗਾ ਜਦੋਂ ਉਹ
ਬੁੱਢਾ ਹੋ ਜਾਵੇਗਾ।
7ਗਰੀਬ ਲੋਕ ਅਮੀਰਾਂ ਦੇ ਗੁਲਾਮ ਹੁੰਦੇ ਹਨ। ਜਿਹੜਾ ਆਦਮੀ
ਉਧਾਰ ਲੈਂਦਾ ਹੈ ਉਹ ਉਧਾਰ ਦੇਣ ਵਾਲੇ ਦਾ ਗੁਲਾਮ ਹੁੰਦਾ ਹੈ।
8ਜਿਹੜਾ ਆਦਮੀ ਮੁਸੀਬਤ ਫ਼ੈਲਾਵੇਗਾ ਉਹ ਮੁਸੀਬਤ ਦੀ
ਫ਼ਸਲ ਹੀ ਵੱਢੇਗਾ। ਅਤੇ ਅਖੀਰ ਵਿੱਚ ਉਹ ਆਦਮੀ ਉਸੇ ਮੁਸੀਬਤ
ਹੱਥੋਂ ਤਬਾਹ ਹੋ ਜਾਵੇਗਾ ਜਿਹੜੀ ਉਸ ਨੇ ਹੋਰਨਾਂ ਨੂੰ ਦਿੱਤੀ ਸੀ।
9ਇੱਕ ਮਿਹਰਬਾਨ ਆਦਮੀ ਅਸੀਸਮਈ ਹੁੰਦਾ ਹੈ, ਕਿਉਂਕਿ ਉਹ
ਆਪਣਾ ਭੋਜਨ ਗਰੀਬਾਂ ਨਾਲ ਸਾਂਝਾ ਕਰਦਾ ਹੈ।
10ਇੱਕ ਮਖੌਲੀਏ ਨੂੰ ਕੱਢ ਦੇਹ, ਅਤੇ ਦੁਸ਼ਮਣੀ ਉਸ ਦੇ ਨਾਲ
ਚੱਲੀ ਜਾਂਦੀ ਹੈ। ਇਹ ਤੈਨੂੰ ਦਲੀਲਬਾਜ਼ੀ ਅਤੇ ਬੇਇੱਜ਼ਤ ਹੋਣ ਤੋਂ
ਬਚਾਉਂਦੀ ਹੈ।
11ਇੱਕ ਸ਼ੁੱਧ ਹਿਰਦੇ ਅਤੇ ਕ੍ਰਿਪਾਲੂ ਸ਼ਬਦ ਰਾਜੇ ਨੂੰ ਵੀ ਦੋਸਤ
ਬਣਾ ਲਵੇਗਾ।
12ਯਹੋਵਾਹ ਗਿਆਨ ਦੀ ਰੱਖਿਆ ਕਰਦਾ, ਅਤੇ ਉਹ ਵਿਸ਼ਵਾਸ
ਘਾਤੀ ਲੋਕਾਂ ਦੇ ਮਾਮਲਿਆਂ ਨੂੰ ਵੀ ਨਿਸਫ਼ਲ ਕਰ ਦੇਵੇਗਾ।
13ਸੁਸਤ ਆਦਮੀ ਆਖਦਾ ਹੈ, "ਮੈਂ (ਕੰਮ ਤੇ) ਹੁਣੇ ਨਹੀਂ ਜਾ ਸਕਦਾ
ਬਾਹਰ ਬੱਬਰ-ਸ਼ੇਰ ਬੈਠਾ ਹੈ। ਕਿਧਰੇ ਉਹ ਮੈਨੂੰ ਮਾਰ ਨਾ ਦੇਵੇ।"
14ਇੱਕ ਪਰਾਈ ਔਰਤ ਦਾ ਮੂੰਹ ਡੂੰਘੇ ਟੋਏ ਵਰਗਾ ਹੈ। ਜਿਸ
ਨਾਲ ਵੀ ਯਹੋਵਾਹ ਗੁੱਸੇ ਹੁੰਦਾ ਉਹ ਇਸ ਵਿੱਚ ਡਿੱਗ ਪੈਂਦਾ ਹੈ।
15ਬਾਲਕ ਦੇ ਮਨ ਵਿੱਚ ਮੂਰਖਤਾਈ ਵੱਸਦੀ ਹੈ, ਪਰ ਇੱਕ
ਅਨੁਸ਼ਾਸਿਤ ਛੜ ਉਹ ਨੂੰ ਉਸ ਤੋਂ ਦੂਰ ਕਰ ਦਿੰਦੀ ਹੈ।
16ਜਿਹੜਾ ਵਿਅਕਤੀ ਆਪਣੇ-ਆਪ ਨੂੰ ਅਮੀਰ ਬਣਾਉਣ ਲਈ
ਗਰੀਬ ਨੂੰ ਦਬਾਉਂਦਾ ਅਤੇ ਜਿਹੜਾ ਵਿਅਕਤੀ ਅਮੀਰ ਨੂੰ ਤੋਹਫ਼ੇ
ਦਿੰਦਾ, ਇਹ ਦੋਨੋ ਹੀ ਗਰੀਬ ਹੋ ਜਾਣਗੇ।

### ਤੀਹ ਬੁੱਧੀਮਾਨ ਕਹਾਉਤਾਂ

17ਜਿਹੜੀਆਂ ਗੱਲਾਂ ਮੈਂ ਆਖਦਾ ਹਾਂ ਉਨ੍ਹਾਂ ਨੂੰ ਧਿਆਨ ਨਾਲ ਸੁਣੋ।
ਮੈਂ ਤੈਨੂੰ ਉਹ ਗੱਲਾਂ ਸਿਖਾਵਾਂਗਾ ਜਿਹੜੀਆਂ ਸਿਆਣੇ ਲੋਕਾਂ ਨੇ

ਆਖੀਆਂ ਹਨ। ਇਨ੍ਹਾਂ ਸਿੱਖਿਆਵਾਂ ਤੋਂ ਸਿੱਖਿਆ ਲਵੋ। 18ਜੇ
ਤੂੰ ਇਨ੍ਹਾਂ ਸਿੱਖਿਆਵਾਂ ਦੀ ਆਪਣੇ ਵਿੱਚ ਰੱਖਿਆ ਕਰੇਂਗਾ, ਉਹ
ਅਨੰਦਮਈ ਹੋਣਗੀਆਂ। ਹਮੇਸ਼ਾ ਇਨ੍ਹਾਂ ਨੂੰ ਆਪਣੇ ਬੁੱਲ੍ਹਾਂ ਤੇ ਰੱਖ।
19ਮੈਂ ਤੈਨੂੰ ਇਸ ਲਈ ਸਿੱਖਿਆ ਦੇ ਰਿਹਾ ਹਾਂ ਤਾਂ ਜੋ ਤੂੰ ਯਹੋਵਾਹ
ਵਿੱਚ ਭਰੋਸਾ ਕਰ ਸਕੇਂ। 20ਕੀ ਮੈਂ ਤੇਰੇ ਲਈ ਤੀਹ ਗੱਲਾਂ ਪਹਿਲਾਂ
ਹੀ ਮਸ਼ਵਰੇ ਅਤੇ ਗਿਆਨ ਲਈ ਨਹੀਂ ਲਿਖੀਆਂ। 21ਭਈ ਮੈਂ ਤੈਨੂੰ
ਉਹੀ ਸਿਖਾਉਂਦਾ ਹਾਂ ਜੋ ਸੱਚਾ ਅਤੇ ਭਰੋਸੇਯੋਗ ਹੈ, ਤਾਂ ਜੋ ਤੂੰ ਉਨ੍ਹਾਂ ਨੂੰ
ਸਹੀ ਜਵਾਬ ਦੇ ਸਕੇਂ ਜਿਸ ਨੇ ਤੈਨੂੰ ਭੇਜਿਆ ਹੈ।

*–1–*

22ਗਰੀਬਾਂ ਨੂੰ ਸਿਰਫ਼ ਇਸ ਲਈ ਨਾ ਸਤਾ ਕਿਉਂਕਿ ਉਹ ਗਰੀਬ
ਹਨ ਅਤੇ ਅਦਾਲਤ ਵਿੱਚ ਗਰੀਬਾਂ ਨੂੰ ਨਿਆਂ ਤੋਂ ਵਾਂਝਾ ਨਾ ਰੱਖ।
23ਕਿਉਂਕਿ ਯਹੋਵਾਹ ਉਨ੍ਹਾਂ ਦਾ ਮੁਕੱਦਮਾ ਲੜੇਗਾ ਅਤੇ ਉਨ੍ਹਾਂ ਨੂੰ ਲੁੱਟ
ਲਵੇਗਾ ਜਿਨ੍ਹਾਂ ਨੇ ਗਰੀਬਾਂ ਨੂੰ ਲੁੱਟਿਆ।

*–2–*

24ਉਸ ਬੰਦੇ ਨਾਲ ਮਿੱਤਰਤਾ ਨਾ ਕਰ ਜਿਹੜਾ ਛੇਤੀ ਗੁੱਸੇ ਵਿੱਚ
ਆ ਜਾਂਦਾ ਹੈ। ਉਸ ਬੰਦੇ ਦੇ ਨੇੜੇ ਨਾ ਜਾਹ ਜਿਹੜਾ ਛੇਤੀ ਗੁੱਸੇ ਵਿੱਚ
ਪਾਗਲ ਹੋ ਜਾਂਦਾ ਹੈ। 25ਨਹੀਂ ਤਾਂ, ਤੂੰ ਵੀ ਉਸੇ ਰਾਹ ਜਾਵੇਂਗਾ ਜਿਵੇਂ
ਉਹ ਜਾਂਦਾ ਅਤੇ ਤੇਰੀ ਇੱਕੋ ਇੱਕ ਜ਼ਿੰਦਗੀ ਫ਼ਸ ਜਾਵੇਗੀ।

*–3–*

26ਕਿਸੇ ਹੋਰ ਬੰਦੇ ਦੇ ਕਰਜ਼ਿਆਂ ਲਈ ਜਿੰਮੇਵਾਰ ਹੋਣ ਦਾ
ਇਕਰਾਰ ਨਾ ਕਰ। 27ਜੇ ਤੇਰੇ ਕੋਲੋ ਉਸ ਦਾ ਕਰਜ਼ ਅਦਾ ਕਰਨ
ਲਈ ਪੈਸਾ ਨਹੀਂ ਤਾਂ ਤੈਨੂੰ ਆਪਣਾ ਸਭ ਕੁਝ ਗੁਆਉਣਾ ਪਵੇਗਾ,
ਤੇਰਾ ਬਿਸਤਰਾ ਵੀ ਤੇਰੇ ਹੇਠੋਂ ਲਿਆ ਜਾ ਸਕਦਾ ਹੈ।

*–4–*

28ਆਪਣੀ ਜ਼ਮੀਨ ਦੀਆਂ ਹੱਦਾਂ ਨੂੰ ਨਾ ਸਰਕਾ ਜਿਨ੍ਹਾਂ ਲਈ ਤੇਰੇ
ਪੁਰਖੇ ਬਹੁਤ ਸਮਾਂ ਪਹਿਲਾਂ ਰਾਜ਼ੀ ਹੋਏ ਸਨ।

*–5–*

29ਜੇ ਕੋਈ ਆਦਮੀ ਆਪਣੇ ਕੰਮ ਵਿੱਚ ਮਾਹਰ ਹੈ ਤਾਂ ਉਹ
ਰਾਜਿਆਂ ਦੀ ਸੇਵਾ ਕਰਨ ਦੇ ਯੋਗ ਹੈ। ਉਸ ਨੂੰ ਉਨ੍ਹਾਂ ਬੰਦਿਆਂ
ਲਈ ਕੰਮ ਕਰਨਾ ਨਹੀਂ ਪਵੇਗਾ ਜਿਹੜੇ ਮਹੱਤਵਪੂਰਣ ਨਹੀਂ
ਹਨ।

*–6–*

**23** 1ਜਾਂ ਤੂੰ ਕਿਸੇ ਹਾਕਮ ਨਾਲ ਭੋਜਨ ਕਰਨ ਲਈ ਬੈਠੇਂ
ਤਾਂ ਚੇਤੇ ਰੱਖ ਕਿ ਤੂੰ ਕਿਸ ਦੇ ਨਾਲ ਬੈਠਾ ਹੈਂ। 2ਜੇਕਰ ਤੂੰ
ਬਹੁਤ ਭੁੱਖਾ ਹੈਂ ਤਾਂ ਤੈਨੂੰ ਆਪਣੀ ਭੁੱਖ ਨੂੰ ਆਪਣੇ ਕਾਬੂ ਵਿੱਚ ਰੱਖਣਾ
ਚਾਹੀਦਾ ਹੈ। 3ਉਸ ਦੇ ਸਵਾਦਿਸ਼ਟ ਭੋਜਨ ਲਈ ਤੀਬਰ ਇੱਛਾ ਨਾ
ਕਰ, ਜਿਵੇਂ ਕਿ ਇਹ ਭਰਮ ਪੂਰਣ ਭੋਜਨ ਹਨ।

*–7–*

4ਅਮੀਰ ਬਣਨ ਦੀ ਖੇਚਲ ਵਿੱਚ ਆਪਣੇ-ਆਪ ਨੂੰ ਸੱਖਣਾ ਨਾ
ਕਰ। ਕੁਝ ਸੂਝ ਰੱਖ ਕਿ ਕਦੋਂ ਰੁਕਣਾ ਹੈ। 5ਪੈਸਾ ਇਸ ਤਰ੍ਹਾਂ ਤੇਜ਼ੀ
ਨਾਲ ਖਰਚ ਹੋ ਜਾਂਦਾ ਹੈ ਜਿਵੇਂ ਇਸ ਦੇ ਖੰਭ ਲੱਗੇ ਹੋਣ ਅਤੇ ਇਹ
ਪੰਛੀਆਂ ਵਾਂਗ ਉੱਡ ਰਿਹਾ ਹੋਵੇ।

*–8–*

6ਕਿਸੇ ਖੁਦਗਰਜ਼ ਬੰਦੇ ਨਾਲ ਭੋਜਨ ਨਾ ਕਰ, ਉਸ ਦੇ ਸਵਾਦਾਂ
ਦੀ ਤੀਵ੍ਰ ਇੱਛਾ ਨਾ ਕਰ। 7ਉਹ ਉਸ ਬੰਦੇ ਵਰਗਾ ਹੁੰਦਾ ਹੈ ਜਿਹੜਾ
ਹਮੇਸ਼ਾ ਕੀਮਤ ਬਾਰੇ ਸੋਚਦਾ ਰਹਿੰਦਾ ਹੈ। ਭਾਵੇਂ ਉਹ ਤੈਨੂੰ ਆਖੇ,
“ਖਾਹ, ਪੀ।” ਪਰ ਅਸਲ ਵਿੱਚ ਇਹ ਨਹੀਂ ਜੋ ਉਹ ਚਾਹੁੰਦਾ ਹੈ।
8ਤੂੰ ਉਲਟੀ ਕਰ ਦੇਵੇਂਗਾ, ਜੋ ਵੀ ਥੋੜ੍ਹਾ ਜਿਹਾ ਉਸ ਦਾ ਭੋਜਨ ਤੂੰ
ਖਾਧਾ ਸੀ, ਅਤੇ ਉਸ ਲਈ ਤੇਰੀ ਇੱਜ਼ਤ ਦੇ ਸ਼ਬਦ, ਬੇਕਾਰ ਹੋ
ਜਾਣਗੇ।

*–9–*

9ਕਿਸੇ ਮੂਰਖ ਨਾਲ ਗੱਲ ਨਾ ਕਰ। ਉਹ ਤੇਰੀ ਸਿਆਣੀ ਗੱਲ ਨੂੰ
ਵੀ ਨਫ਼ਰਤ ਕਰੇਗਾ।

*–10–*

10ਕਦੇ ਵੀ ਵਿਰਸੇ ਦੀ ਜਾਇਦਾਦ ਨੂੰ ਨਾ ਛੇੜੋ। ਅਤੇ ਕਦੇ ਵੀ
ਉਸ ਭੂਮੀ ਨੂੰ ਨਾ ਲਵੋ ਜਿਹੜੀ ਯਤੀਮਾਂ ਦੀ ਹੈ। 11ਕਿਉਂਕਿ ਉਸ
ਦਾ ਪਹਿਰੇਦਾਰ ਸ਼ਕਤੀਸ਼ਾਲੀ ਹੈ, ਉਨ੍ਹਾਂ ਦਾ ਮੁੱਕਦਮਾ ਉਹ ਤੇਰੇ ਨਾਲ
ਲੜੇਗਾ।

*–11–*

12ਆਪਣੇ ਗੁਰੂ ਦੀ ਗੱਲ ਸੁਣ ਅਤੇ ਜੋ ਵੀ ਸੰਭਵ ਹੋ ਸਕੇ,
ਸਿੱਖ ਲੈ।

*–12–*

13ਜੇ ਲੋੜ ਹੋਵੇ ਤਾਂ ਬਾਲਕ ਨੂੰ ਤਾੜ। ਉਸ ਨੂੰ ਕੁੱਟਣ ਨਾਲ ਉਸ
ਦਾ ਨੁਕਸ਼ਾਨ ਨਹੀਂ ਹੋਵੇਗਾ। 14ਜੇ ਤੂੰ ਉਸ ਨੂੰ ਕੁੱਟੇਂਗਾ ਤਾਂ ਉਸ ਨੂੰ
ਮੌਤ ਤੋਂ ਬਚਾ ਲਵੇਂਗਾ।

*–13–*

15ਮੇਰੇ ਪੁੱਤਰ, ਜੇ ਤੂੰ ਬੁੱਧਮਾਨ ਹੋਵੇਂ ਤਾਂ ਮੈਂ ਖੁਸ਼ ਹੋਵਾਂਗਾ। 16ਜਦੋਂ
ਮੈਂ ਤੇਰੇ ਬੁੱਲਾਂ ਤੋਂ ਸਿੱਧੀਆਂ ਗੱਲਾਂ ਸੁਣਾਗਾ ਤਾਂ ਮੈਂ ਬਹੁਤ ਪ੍ਰਸੰਨ
ਹੋਵਾਂਗਾ।

*–14–*

17ਪਾਪੀਆਂ ਨਾਲ ਈਰਖਾ ਨਾ ਕਰ, ਪਰ ਇਸ ਦੀ ਜਗ੍ਹਾ ਹਮੇਸ਼ਾ
ਯਹੋਵਾਹ ਤੋਂ ਡਰ। 18ਕਿਉਂ ਜੋ ਫ਼ੇਰ ਤੇਰੇ ਕੋਲ ਭਵਿੱਖ ਹੋਵੇਗਾ ਅਤੇ
ਤੇਰੀ ਆਸ ਨਾ ਟੁੱਟੇਗੀ।

*–15–*

19ਮੇਰੇ ਪੁੱਤਰ, ਮੈਨੂੰ ਸੁਣ ਅਤੇ ਸਿਆਣਾ ਬਣ ਸਹੀ ਰਸਤੇ
ਤੇ ਟਿਕਿਆ ਰਹਿ। 20ਉਨ੍ਹਾਂ ਲੋਕਾਂ ਨਾਲ ਦੋਸਤੀ ਨਾ ਕਰ ਜਿਹੜੇ
ਬਹੁਤ ਜਿਆਦਾ ਪੀਂਦੇ ਹਨ ਜਾਂ ਜਿਹੜੇ ਬਹੁਤਾ ਭੋਜਨ ਖਾਂਦੇ ਹਨ।
21ਕਿਉਂਕਿ ਸ਼ਰਾਬੀ ਅਤੇ ਖਾਊ ਗਰੀਬ ਹੋ ਜਾਂਦੇ ਹਨ, ਉਨ੍ਹਾਂ ਦੀ
ਸੁਸਤੀ ਉਨ੍ਹਾਂ ਨੂੰ ਲੀਰਾਂ ਪਹਿਨਾ ਦੇਵੇਗੀ।

*–16–*

22ਉਨ੍ਹਾਂ ਗੱਲਾਂ ਨੂੰ ਸੁਣ ਜਿਹੜੀਆਂ ਤੇਰਾ ਪਿਤਾ ਤੈਨੂੰ ਦੱਸਦਾ ਹੈ। ਆਪਣੇ ਪਿਤਾ ਤੋਂ ਬਿਨਾਂ ਤੇਰਾ ਜਨਮ ਹੀ ਨਹੀਂ ਸੀ ਹੋਣਾ। ਅਤੇ ਆਪਣੀ ਮਾਂ ਦਾ ਆਦਰ ਕਰ, ਉਦੋਂ ਵੀ ਜਦੋਂ ਉਹ ਬਿਰਧ ਹੋ ਜਾਵੇ। 23ਸੱਚਾਈ ਨੂੰ ਖਰੀਦ ਅਤੇ ਇਸ ਨੂੰ ਵੇਚੀਂ ਨਾ, ਨਾਲੇ ਬੁੱਧ, ਅਨੁਸ਼ਾਸ਼ਨ ਅਤੇ ਸਮਝਦਾਰੀ ਨੂੰ ਵੀ ਹਾਸ਼ਿਲ ਕਰ। 24ਧਰਮੀ ਵਿਅਕਤੀ ਦਾ ਪਿਤਾ ਸੱਚਮੁੱਚ ਖੁਸ਼ ਹੁੰਦਾ ਹੈ, ਜਿਸ ਨੇ ਇੱਕ ਸਿਆਣੇ ਵਿਅਕਤੀ ਨੂੰ ਦੁਨੀਆ ’ਚ ਲਿਆਂਦਾ ਅਨੰਦ ਮਾਣਦਾ ਹੈ। 25ਤੇਰੇ ਮਾਪੇ, ਜਿਨ੍ਹਾਂ ਨੇ ਤੈਨੂੰ ਜਨਮ ਦਿੱਤਾ, ਖੁਸ਼ ਹੋਣ।

*–17–*

26ਮੇਰੇ ਪੁੱਤਰ, ਜੋ ਮੈਂ ਆਖ ਰਿਹਾ ਹਾਂ ਉਸ ਨੂੰ ਧਿਆਨ ਨਾਲ ਸੁਣ। ਮੇਰੇ ਜੀਵਨ ਨੂੰ ਆਪਣੇ ਲਈ ਇੱਕ ਮਿਸਾਲ ਬਣਾਵੋ। 27ਵੇਸਵਾ ਇੱਕ ਡੂੰਘਾ ਟੋਆ ਹੈ, ਅਤੇ ਇੱਕ ਪਰਾਈ ਔਰਤ ਇੱਕ ਭੀੜਾ ਖੂਹ ਹੈ। 28ਉਹ ਇੱਕ ਡਕੈਤ ਵਾਂਗ ਇੰਤਜ਼ਾਰ ਕਰਦੀ ਹੈ, ਉਹ ਲੋਕਾਂ ਨੂੰ ਗੱਦਾਰ ਬਣਾਉਂਦੀ ਹੈ।

*–18–*

29-30ਕੌਣ ਲੋਕ ਹਨ, ਜੋ ਮੁਸੀਬਤ ਵਿੱਚ ਹਨ? ਜੋ ਉਦਾਸ ਮਹਿਸੂਸ ਕਰ ਰਹੇ ਹਨ? ਜਿਹੜੇ ਝਗੜਿਆਂ ’ਚ ਪੈਂਦੇ ਹਨ? ਜਿਨ੍ਹਾਂ ਕੋਲ ਚਿੰਤਾਵਾਂ ਹਨ? ਜਿਨ੍ਹਾਂ ਦੇ ਝਰੀਟਾਂ ਵੱਜੀਆਂ ਹੋਈਆਂ ਹਨ? ਜਿਨ੍ਹਾਂ ਦੀਆਂ ਅੱਖਾਂ ਲਾਲ ਹਨ? ਉਹ ਜਿਹੜੇ ਬਹੁਤਾ ਸਮਾਂ ਮੈਅ ਦੀ ਬੋਤਲ ਤੇ ਬਰਬਾਦ ਕਰਦੇ ਹਨ, ਉਹ ਜਿਹੜੇ ਮਿਲੇ-ਜੁਲੇ ਜਾਮ ਪੀਂਦੇ ਹਨ।

31ਜਦੋਂ ਸ਼ਰਾਬ ਲਾਲ ਹੁੰਦੀ ਹੈ, ਤਾਂ ਪਿਆਲਿਆਂ ਵਿੱਚ ਝਿਲਮਾਲਾਉਂਦੀ ਹੈ ਅਤੇ ਹੌਲੀ-ਹੌਲੀ ਡੋਲ੍ਹੀ ਜਾਂਦੀ ਹੈ, ਇਸ ਦੀ ਤੀਬਰ ਇੱਛਾ ਨਾ ਕਰ। 32ਅਖੀਰ ਵਿੱਚ ਉਹ ਤੈਨੂੰ ਸੱਪ ਵਾਂਗ ਡੰਗ ਮਾਰੇਗੀ, ਇੱਕ ਅਜ਼ਗਰ ਵਾਂਗ ਤੈਨੂੰ ਜ਼ਹਿਰ ਚੜ੍ਹਾਵੇਗਾ।

33ਤੂੰ ਅਜੀਬ ਗੱਲਾਂ ਵੇਖੇਂਗਾ ਅਤੇ ਤੇਰਾ ਮਨ ਉਲਟੀਆਂ ਗੱਲਾਂ ਉੱਚਰੇਗਾ। 34ਜਦੋਂ ਤੂੰ ਲੇਟ ਜਾਵੇਂਗਾ ਤਾਂ ਤੈਨੂੰ ਜਾਪੇਗਾ ਜਿਵੇਂ ਤੂੰ ਕਿਸੇ ਤੂਫ਼ਾਨੀ ਸਮੁੰਦਰ ਵਿੱਚ ਫ਼ਸ ਗਿਆ ਹੋਵੇਂ। ਤੈਨੂੰ ਮਹਿਸੂਸ ਹੋਵੇਗਾ ਕਿ ਜਿਵੇਂ ਤੂੰ ਸਮੁੰਦਰੀ ਜਹਾਜ਼ ਉੱਤੇ ਲੇਟਿਆ ਹੋਵੇਂ। 35ਤੂੰ ਆਖੇਂਗਾ, “ਕਿਸੇ ਨੇ ਮੈਨੂੰ ਮਾਰਿਆ, ਪਰ ਮੈਨੂੰ ਸੱਟ ਨਹੀਂ ਲੱਗੀ। ਮੈਂ ਕੁੱਟਿਆ ਤਾਂ ਗਿਆ ਪਰ ਮੈਨੂੰ ਕੁਝ ਸੁੱਧ ਨਹੀਂ ਸੀ। ਮੈਂ ਕਦੋਂ ਜਾਗਾਂਗਾ, ਤਾਂ ਜੋ ਮੈਂ ਇੱਕ ਹੋਰ ਜਾਮ ਪੀ ਸਕਾਂ।”

*–19–*

**24** 1ਬਦ ਲੋਕਾਂ ਨਾਲ ਹੋੜ ਨਾ ਕਰ, ਉਨ੍ਹਾਂ ਦੀ ਸੰਗਤ ਵਿੱਚ ਰਹਿਣ ਦੀ ਲੋਚ ਨਾ ਕਰ। 2ਉਹ ਆਪਣੇ ਦਿਲਾਂ ਅੰਦਰ ਬਦੀ ਦੀਆਂ ਯੋਜਨਾਵਾਂ ਬਣਾਉਂਦੇ ਹਨ। ਉਹ ਸਿਰਫ਼ ਮੁਸੀਬਤਾਂ ਖੜੀਆਂ ਕਰਨ ਬਾਰੇ ਹੀ ਗੱਲਾਂ ਕਰਦੇ ਹਨ।

*–20–*

3ਬੁੱਧ ਨਾਲ ਘਰ ਬਣਾਈਦਾ ਹੈ, ਅਤੇ ਇੱਕ ਚੰਗੀ ਸੂਝ ਨਾਲ ਉਹ ਸਥਿਰ ਰਹਿੰਦਾ ਹੈ। 4ਅਤੇ ਗਿਆਨ ਕਮਰਿਆਂ ਨੂੰ ਅਣਮੁੱਲ ਅਤੇ ਸੁੰਦਰ ਖਜ਼ਾਨਿਆਂ ਨਾਲ ਭਰ ਦਿੰਦਾ ਹੈ।

*–21–*

5ਇੱਕ ਸਿਆਣੇ ਆਦਮੀ ਕੋਲ ਮਹਾਨ ਤਾਕਤ ਹੁੰਦੀ ਹੈ ਅਤੇ ਗਿਆਨੀ ਆਦਮੀ ਸ਼ਕਤੀ ਵਧਾਉਂਦਾ ਹੈ। 6ਯੁੱਧ ਲੜਨ ਲਈ, ਤੈਨੂੰ ਮਾਰਗ ਦਰਸ਼ਣ ਦੀ ਜਰੂਰਤ ਹੁੰਦੀ ਹੈ ਅਤੇ ਜਿੱਤਣ ਲਈ, ਤੈਨੂੰ ਬਹੁਤੇ ਸਲਾਹਕਾਰ ਚਾਹੀਦੇ ਹਨ।

*–22–*

7ਮੂਰਖ ਲਈ ਬੁੱਧ ਬਹੁਤ ਪੇਚੀਦਾ ਹੁੰਦੀ ਹੈ। ਜਦੋਂ ਲੋਕ ਮਹੱਤਵਪੂਰਣ ਮਸਲਿਆਂ ਬਾਰੇ ਗੱਲ ਕਰ ਰਹੇ ਹੁੰਦੇ ਹਨ, ਉਸ ਕੋਲ ਆਖਣ ਲਈ ਕੁਝ ਨਹੀਂ ਹੁੰਦਾ।

*–23–*

8ਜਿਹੜਾ ਵਿਅਕਤੀ ਨੁਕਸਾਨਦੇਹ ਵਿਉਂਤਾਂ ਵਿਉਂਤੇ, ਇੱਕ ਸਾਜਸ਼ੀ ਹੀ ਮੰਨਿਆ ਜਾਵੇਗਾ। 9ਇੱਕ ਮੂਰਖ ਆਦਮੀ ਦੀਆਂ ਵਿਉਂਤਾਂ ਪਾਪ ਹੁੰਦੀਆਂ ਹਨ ਅਤੇ ਲੋਕੀਂ ਮਖੌਲੀਏ ਨੂੰ ਨਫ਼ਰਤ ਕਰਦੇ ਹਨ।

*–24–*

10ਜੇ ਤੂੰ ਮੁਸੀਬਤ ਵੇਲੇ ਕਮਜ਼ੋਰ ਹੋ ਜਾਵੇਂ ਤਾਂ ਤੂੰ ਸੱਚਮੁੱਚ ਕਮਜ਼ੋਰ ਹੈਂ।

*–25–*

11ਜੇਕਰ ਕੋਈ ਕਿਸੇ ਵਿਅਕਤੀ ਨੂੰ ਮਾਰ ਦੇਣ ਦੀ ਯੋਜਨਾ ਬਣਾ ਰਿਹਾ ਹੋਵੇ, ਤਾਂ ਤੈਨੂੰ ਉਸ ਵਿਅਕਤੀ ਨੂੰ ਬਚਾਉਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। 12ਤੂੰ ਇਹ ਨਹੀਂ ਆਖ ਸਕਦਾ, “ਇਹ ਮੇਰਾ ਕੰਮ ਨਹੀਂ।” ਯਹੋਵਾਹ ਸਭ ਕੁਝ ਜਾਣਦਾ ਹੈ। ਉਹ ਇਹ ਵੀ ਜਾਣਦਾ ਹੈ ਕਿ ਤੂੰ ਸਭ ਕੁਝ ਕਿਉਂ ਕਰਦਾ ਹੈਂ। ਯਹੋਵਾਹ ਤੇਰੀ ਨਿਗਰਾਨੀ ਕਰਦਾ ਹੈ। ਉਹ ਜਾਣਦਾ ਹੈ ਉਹ ਇੱਕ ਵਿਅਕਤੀ ਨੂੰ ਉਸ ਦੀਆਂ ਕਰਨੀਆਂ ਅਨੁਸਾਰ ਫਲ ਦਿੰਦਾ ਹੈ।



*–26–*

13ਮੇਰੇ ਪੁੱਤਰ, ਸ਼ਹਿਦ ਖਾਹ, ਕਿਉਂਕਿ ਇਹ ਚੰਗਾ ਹੁੰਦਾ ਹੈ। ਤਾਜ਼ਾ ਸ਼ਹਿਦ ਤੇਰੇ ਮੂੰਹ ਨੂੰ ਮਿੱਠਾ ਲੱਗੇਗਾ। 14ਇਸੇ ਤਰ੍ਹਾਂ ਹੀ ਗਿਆਨ ਅਤੇ ਬੁੱਧ ਤੇਰੀ ਜਾਨ ਲਈ ਮਿੱਠੇ ਹਨ। ਜੇਕਰ ਤੂੰ ਸਿਆਣਾ ਹੈਂ, ਤੇਰੇ ਕੋਲ ਭਵਿੱਖ ਹੋਵੇਗਾ, ਅਤੇ ਤੇਰੇ ਕੋਲ ਹਮੇਸ਼ਾ ਉਮੀਦ ਹੋਵੇਗੀ।

*–27–*

15ਕਿਸੇ ਅਪਰਾਧੀ ਵਾਂਗ, ਧਰਮੀ ਵਿਅਕਤੀ ਦੇ ਘਰ ਦੀ ਘਾਤ ਵਿੱਚ ਨਾ ਰਹਿ, ਉਸ ਦੇ ਘਰ ਵਿੱਚ ਸੰਨ੍ਹ ਨਾ ਮਾਰ। 16ਕਿਉਂਕਿ ਇੱਕ ਧਰਮੀ ਵਿਅਕਤੀ, ਭਾਵੇਂ ਉਹ ਸੱਤ ਵਾਰੀ ਡਿੱਗ ਪਵੇ, ਆਖਰਕਾਰ ਉੱਠ ਪੈਂਦਾ ਹੈ, ਪਰ ਦੁਸ਼ਟ ਲੋਕ ਮੁਸੀਬਤਾਂ ਵਿੱਚ ਲੜਖੜ੍ਹਾ ਕੇ ਡਿੱਗ ਪੈਂਦੇ ਹਨ।

*–28–*

17ਆਪਣੇ ਦੁਸ਼ਮਣ ਨੂੰ ਮੁਸੀਬਤ ਵਿੱਚ ਦੇਖ ਕੇ ਖੁਸ਼ ਨਾ ਹੋ। ਜਦੋਂ ਉਹ ਡਿੱਗੇ ਤਾਂ ਖੁਸ਼ ਨਾ ਹੋਵੀਂ। 18ਕਿਉਂ ਜੋ ਹੋ ਸਕਦਾ ਯਹੋਵਾਹ ਇਸ ਨੂੰ ਵੇਖ ਲਵੇ ਅਤੇ ਉਹ ਇਸ ਨੂੰ ਪਸੰਦ ਨਾ ਕਰੇ ਅਤੇ ਹੋ ਸਕਦਾ ਉਹ ਆਪਣਾ ਗੁੱਸਾ ਤੇਰੇ ਦੁਸ਼ਮਣ ਤੋਂ ਹਟਾ ਲਵੇ।

*–29–*

[19]ਬਦ ਲੋਕਾਂ ਕਾਰਣ ਪਰੇਸ਼ਾਨ ਨਾ ਹੋ, ਦੁਸ਼ਟ ਨਾਲ ਈਰਖਾ ਨਾ
ਕਰ। ਆਸ ਰੱਖ ਕਿ ਤੈਨੂੰ ਉਨ੍ਹਾਂ ਨਾਲ ਦਲੀਲਬਾਜ਼ੀ ਨਾ ਕਰਨੀ ਪਵੇ।
[20]ਕਿਉਂਕਿ ਇੱਕ ਬਦ ਇਨਸਾਨ ਦਾ ਕੋਈ ਭਵਿੱਖ ਨਹੀਂ ਹੁੰਦਾ, ਅਤੇ
ਦੁਸ਼ਟਾਂ ਦਾ ਦੀਵਾ ਬੁਝਾ ਦਿੱਤਾ ਜਾਵੇਗਾ।

*–30–*

[21]ਮੇਰੇ ਪੁੱਤਰ, ਯਹੋਵਾਹ ਅਤੇ ਰਾਜੇ ਤੋਂ ਡਰ। ਅਤੇ ਵਿਦਰੋਹੀਆਂ
ਦਾ ਸੰਗ ਨਾ ਕਰ। [22]ਕਿਉਂਕਿ ਉਨ੍ਹਾਂ ਦੀ ਤਬਾਹੀ ਬਿਨਾ ਚੇਤਾਵਨੀ
ਦਿਤਿਆਂ ਆਵੇਗੀ ਅਤੇ ਕੌਣ ਜਾਣਦਾ ਉਹ ਕਿਸ ਬਿਪਤਾ ਨੂੰ
ਝੱਲਣਗੇ।

## ਹੋਰ ਬੁੱਧੀਮਾਨ ਕਹਾਉਤਾਂ

[23]ਇਹ ਵੀ ਬੁੱਧੀਵਾਨਾਂ ਦੇ ਵਾਕ ਹਨ:
ਨਿਆਂ ਕਰਨ ਵਾਲੇ ਨੂੰ ਹਮੇਸ਼ਾ ਬੇਲਾਗ ਹੋਣਾ ਚਾਹੀਦਾ ਹੈ। ਉਸ
ਨੂੰ ਕਿਸੇ ਬੰਦੇ ਦਾ ਸਿਰਫ਼ ਇਸ ਕਰਕੇ ਪੱਖ ਨਹੀਂ ਲੈਣਾ ਚਾਹੀਦਾ
ਕਿਉਂਕਿ ਉਹ ਉਸ ਨੂੰ ਜਾਣਦਾ ਹੈ। [24]ਜਿਹੜਾ ਵਿਅਕਤੀ ਅਪਰਾਧੀ
ਨੂੰ ਆਖਦਾ, "ਤੂੰ ਬੇਗੁਨਾਹ ਹੈ।" ਅਜਿਹਾ ਵਿਅਕਤੀ ਲੋਕਾਂ ਦੁਆਰਾ
ਸਰਾਪਿਆ ਜਾਵੇਗਾ ਅਤੇ ਕੌਮਾਂ ਉਸ ਨੂੰ ਨਫ਼ਰਤ ਕਰਨਗੀਆਂ।
[25]ਪਰ ਜੇ ਕੋਈ ਨਿਆਂਕਾਰ ਕਿਸੇ ਦੋਸ਼ੀ ਨੂੰ ਦੰਡ ਦਿੰਦਾ ਹੈ ਉਹ ਪਸੰਦ
ਕੀਤਾ ਜਾਵੇਗਾ, ਅਤੇ ਵਧੇਰੇ ਅਸੀਸਾਂ ਪ੍ਰਾਪਤ ਕਰੇਗਾ।
[26]ਸਿੱਧਾ ਉੱਤਰ ਦੇਣਾ ਕਿਸੇ ਵਿਅਕਤੀ ਨੂੰ ਚੁੰਮਣ ਵਾਂਗ ਹੈ।
[27]ਪਹਿਲਾਂ ਆਪਣਾ ਬਾਹਰਲਾ ਕੰਮ ਅਤੇ ਖੇਤ ਵਿੱਚ ਕੰਮ ਕਰ ਫੇਰ
ਆਪਣੇ ਘਰ ਦਾ ਨਿਰਮਾਣ ਕਰ।
[28]ਬਿਨਾਂ ਕਿਸੇ ਕਾਰਣ ਆਪਣੇ ਗੁਆਂਢੀ ਦੇ ਖਿਲਾਫ਼ ਗਵਾਹੀ ਨਾ
ਦੇਹ, ਆਪਣੇ ਹੀ ਬੁੱਲ੍ਹਾਂ ਨਾਲ ਛਲ ਨਾ ਕਰ।
[29]ਇਹ ਨਾ ਆਖ, "ਉਸ ਨੇ ਮੈਨੂੰ ਦੁੱਖ ਦਿੱਤਾ ਹੈ, ਇਸ ਲਈ ਮੈਂ
ਵੀ ਉਸ ਨਾਲ ਅਜਿਹਾ ਹੀ ਕਰਾਂਗਾ। ਉਸ ਨੇ ਜੋ ਕੁਝ ਮੇਰੇ ਨਾਲ
ਕੀਤਾ ਹੈ ਮੈਂ ਉਸ ਨੂੰ ਇਸ ਦੀ ਸਜ਼ਾ ਦੇਵਾਂਗਾ।"
[30]ਮੈਂ ਇੱਕ ਆਲਸੀ ਬੰਦੇ ਦੇ ਖੇਤ ਦੇ ਅਤੇ ਨਿਰਬੁੱਧ ਆਦਮੀ ਦੇ
ਅੰਗੂਰਾਂ ਦੇ ਬਾਗ਼ ਲਾਗਿਉਂ ਲੰਘਿਆ। [31]ਉਹ ਖੇਤ ਕੰਡਿਆਂ ਨਾਲ
ਭਰਿਆ ਹੋਇਆ ਸੀ, ਘਾਹ ਫੂਸ ਹੱਦੋ ਵੱਧ ਉਗਿਆ ਹੋਇਆ ਸੀ।
ਅਤੇ ਚਾਰ ਦੀਵਾਰੀ ਢੱਠੀ ਹੋਈ ਸੀ। [32]ਅਤੇ ਮੈਂ ਜੋ ਵੇਖਿਆ ਉਸ
ਬਾਰੇ ਸੋਚਿਆ ਅਤੇ ਇੱਕ ਸਬਕ ਸਿੱਖਿਆ: [33]ਥੋੜੀ ਜਿਹੀ ਨੀਂਦ,
ਥੋੜੀ ਜਿਹੀ ਝਪਕੀ, ਕੰਮ ਤੋਂ ਥੋੜਾ ਜਿਹਾ ਆਰਾਮ, [34]ਅਤੇ ਇੱਥੇ ਤੂੰ
ਗਰੀਬ ਹੋ ਜਾਵੇਂਗਾ, ਅਤੇ ਤੂੰ ਜਰੂਰਤ ਮੰਦ ਹੋ ਜਾਵੇਂਗਾ ਜਿਵੇਂ ਕਿਸੇ
ਡਕੈਤ ਦੁਆਰਾ ਲੁੱਟ ਗਿਆ ਹੋਵੇਂ।

## ਸੁਲੇਮਾਨ ਦੇ ਕੁਝ ਹੋਰ ਬੁੱਧੀਮਾਨ ਕਹਾਉਤਾਂ

**25** [1]ਇਹ ਸੁਲੇਮਾਨ ਦੀਆਂ ਕੁਝ ਹੋਰ ਕਹਾਉਤਾਂ ਹਨ,
ਹਿਜ਼ਕੀਯਾਹ, ਯਹੂਦਾਹ ਦੇ ਰਾਜੇ ਦੇ ਸੇਵਕਾਂ ਦੁਆਰਾ
ਇਕੱਠੀਆਂ ਕੀਤੀਆਂ ਹੋਈਆਂ।
[2]ਪਰਮੇਸ਼ੁਰ ਦੀ ਮਹਿਮਾ ਕੁਝ ਖਾਸ ਗੱਲਾਂ ਨੂੰ ਗੁਪਤ ਰੱਖਣ ਵਿੱਚ ਹੈ,
ਪਰ ਰਾਜੇ ਦੀ ਮਹਿਮਾ ਇਨਾਂ ਗੱਲਾਂ ਦੀ ਛਾਣ-ਬੀਣ ਕਰਨ ਵਿੱਚ ਹੈ।
[3]ਕੋਈ ਨਹੀਂ ਪਤਾ ਲਗਾ ਸਕਦਾ ਕਿ ਅਕਾਸ਼ ਕਿੰਨਾ ਉੱਚਾ ਹੈ,
ਜਾਂ ਧਰਤੀ ਕਿੰਨੀ ਡੂੰਘੀ ਹੈ, ਅਤੇ ਇਸੇ ਤਰ੍ਹਾਂ ਹੀ ਰਾਜੇ ਦੇ ਮਨ
ਵਿੱਚ ਕੀ ਹੈ।
[4]ਚਾਂਦੀ ਚੋ ਅਸ਼ੁੱਧਤਾ ਕੱਢਣ ਤੋਂ ਬਾਦ, ਇੱਕ ਚਾਂਦੀ ਦੇ ਗਹਿਣੇ
ਬਣਾਉਣ ਵਾਲਾ ਇਸ ਤੋਂ ਭਾਂਡੇ ਬਣਾ ਸਕਦਾ ਹੈ। [5]ਇਸੇ ਤਰ੍ਹਾਂ ਹੀ
ਜਦੋਂ ਤੂੰ ਰਾਜੇ ਦੀ ਕਚਿਹਰੀ ਵਿੱਚੋਂ ਦੁਸ਼ਟ ਲੋਕਾਂ ਨੂੰ ਕੱਢ ਦੇਵੇਂਗਾ, ਨੇਕੀ
ਰਾਹੀਂ ਉਸ ਦਾ ਤਖਤ ਮਜ਼ਬੂਤ ਹੋ ਜਾਵੇਗਾ।
[6]ਰਾਜੇ ਦੇ ਸਾਹਮਣੇ ਆਪਣੇ ਬਾਰੇ ਫ਼ੜ੍ਹਾਂ ਨਾ ਮਾਰ। ਇਹ ਨਾ ਆਖ
ਕਿ ਤੂੰ ਪ੍ਰਸਿੱਧ ਵਿਅਕਤੀ ਹੈਂ। [7]ਇਹ ਗੱਲ ਬਿਹਤਰ ਹੈ ਕਿ ਰਾਜਾ
ਤੈਨੂੰ ਆਪਣੀ ਹਜ਼ੂਰੀ ਵਿੱਚ ਬੁਲਾਵੇ, ਬਜਾਏ ਇਸ ਦੇ ਕਿ ਉਹ ਤੈਨੂੰ
ਕਚਿਹਰੀ ਦੇ ਸਾਹਮਣੇ ਅਪਮਾਨਿਤ ਕਰੇ।
[8]ਕਿਸੇ ਨਿਆਂਕਾਰ ਨੂੰ ਇਹ ਦੱਸਣ ਦੀ ਕਾਹਲ ਨਾ ਕਰ ਕਿ ਤੂੰ
ਕੀ ਦੇਖਿਆ ਹੈ। ਜੇ ਕੋਈ ਹੋਰ ਆਦਮੀ ਤੈਨੂੰ ਗ਼ਲਤ ਸਾਬਤ ਕਰ
ਦੇਵੇਗਾ ਤਾਂ ਤੈਨੂੰ ਸ਼ਰਮਿੰਦਗੀ ਹੋਵੇਗੀ।
[9]ਜੇਕਰ ਤੂੰ ਆਪਣੀਆਂ ਸਮਸਿਆਂ ਨੂੰ ਆਪਣੇ ਦੋਸਤਾਂ ਨੂੰ ਦੱਸਣਾ
ਚਾਹੁੰਦਾ ਹੈਂ ਤਾਂ ਦੱਸ ਦੇ। ਪ੍ਰੰਤੂ ਜੇਕਰ ਕਿਸੇ ਨੇ ਤੈਨੂੰ ਆਪਣੀ ਨਿੱਜੀ
ਗੱਲ ਦੱਸੀ ਹੈ ਤਾਂ ਉਸ ਦੀ ਚਰਚਾ ਨਾ ਕਰ। [10]ਨਹੀਂ ਤਾਂ ਕੋਈ ਇਸ
ਨੂੰ ਸੁਣ ਕੇ ਤੈਨੂੰ ਸ਼ਰਮਸਾਰ ਕਰੇਗਾ ਅਤੇ ਤੁਹਾਡੀ ਬਦਨਾਮੀ ਕਦੇ
ਵੀ ਦੂਰ ਨਹੀਂ ਹੋਵੇਗੀ।
[11]ਸਹੀ ਸਮੇਂ ਸਹੀ ਗੱਲ ਆਖਣਾ ਚਾਂਦੀ ਵਿੱਚ ਮੜ੍ਹੇ ਹੋਏ ਸੁਨਿਹਰੀ
ਸੇਬ ਵਾਂਗ ਹੈ। [12]ਜੇਕਰ ਤੂੰ ਕਿਸੇ ਸਿਆਣੇ ਆਦਮੀ ਦੀ ਤਾੜ ਨੂੰ
ਸੁਣੇਂਗਾ, ਤਾਂ ਇਹ ਤੇਰੇ ਕੰਨਾਂ ਵਿੱਚ ਸੋਨੇ ਦੀਆਂ ਵਾਲੀਆਂ ਵਾਂਗ
ਹੋਵੇਗੀ।
[13]ਇੱਕ ਵਫ਼ਾਦਾਰ ਸੰਦੇਸ਼ਵਾਹਕ ਉਨ੍ਹਾਂ ਲਈ ਜਿਨ੍ਹਾਂ ਨੇ ਉਸ ਨੂੰ
ਭੇਜਿਆ, ਵਾਢੀ ਦੀ ਰੁੱਤ ਵਿੱਚ ਠੰਡੀ ਵਾਛੜ ਵਰਗਾ ਹੈ ਜਿਹੜਾ
ਆਪਣੇ ਮਾਲਕਾਂ ਦੇ ਜੀ ਨੂੰ ਠੰਢਾ ਕਰਦਾ।
[14]ਜਿਹੜੇ ਬੰਦੇ ਸੌਗਾਤਾਂ ਦੇਣ ਦਾ ਇਕਰਾਰ ਕਰਦੇ ਹਨ ਪਰ ਦਿੰਦੇ
ਕਦੇ ਨਹੀਂ ਉਹ ਉਨ੍ਹਾਂ ਬਦਲਾਂ ਅਤੇ ਹਵਾਵਾਂ ਵਰਗੇ ਹਨ ਜਿਹੜੇ
ਵਰਖਾ ਲੈ ਕੇ ਨਹੀਂ ਆਉਂਦੇ।
[15]ਧੀਰਜ ਭਰੀ ਗੱਲਬਾਤ ਕਿਸੇ ਵੀ ਬੰਦੇ ਦੀ ਸੋਚ ਨੂੰ ਬਦਲ
ਸਕਦੀ ਹੈ, ਕਿਸੇ ਹਾਕਮ ਦੀ ਸੋਚ ਨੂੰ ਵੀ। ਕੋਮਲ ਗੱਲਬਾਤ ਬਹੁਤ
ਸ਼ਕਤੀਸ਼ਾਲੀ ਹੁੰਦੀ ਹੈ।
[16]ਸ਼ਹਿਦ ਚੰਗਾ ਹੁੰਦਾ ਹੈ ਪਰ ਇਸ ਦਾ ਲੋੜ ਤੋਂ ਵੱਧ ਸੇਵਨ ਨਾ
ਕਰ। ਜੇ ਤੂੰ ਅਜਿਹਾ ਕਰੇਂਗਾ ਤਾਂ ਬਿਮਾਰ ਹੋ ਜਾਵੇਂਗਾ। [17]ਇਸੇ
ਤਰ੍ਹਾਂ ਹੀ ਆਪਣੇ ਗੁਆਂਢੀ ਦੇ ਘਰ ਬਹੁਤਾ ਆਉਣ ਜਾਣ ਨਾ
ਕਰ, ਨਹੀਂ ਤਾਂ ਉਹ ਅੱਕ ਜਾਵੇਗਾ ਅਤੇ ਤੈਨੂੰ ਨਫ਼ਰਤ ਕਰਨ ਲੱਗ
ਪਵੇਗਾ।
[18]ਜਿਹੜਾ ਆਦਮੀ ਆਪਣੇ ਗੁਆਂਢੀ ਦੇ ਖਿਲਾਫ਼ ਝੂਠਾ ਬਿਆਨ
ਦਿੰਦਾ, ਉਹ ਹਥੌੜੇ, ਇੱਕ ਤੇਜ਼ ਤਲਵਾਰ ਜਾਂ ਤਿੱਖੇ ਤੀਰ ਵਾਂਗ ਹੁੰਦਾ
ਹੈ। [19]ਮੁਸੀਬਤ ਦੇ ਦਿਨਾਂ ਵਿੱਚ ਕਿਸੇ ਝੂਠੇ ਬੰਦੇ ਉੱਤੇ ਕਦੇ ਨਿਰਭਰ
ਨਾ ਕਰ। ਉਹ ਆਦਮੀ ਦੁਖਦੇ ਹੋਏ ਦੰਦ ਜਾਂ ਜ਼ਖਮੀ ਹੋਏ ਪੈਰ
ਵਰਗਾ ਹੈ ਜਦੋਂ ਤੈਨੂੰ ਉਸ ਦੀ ਸਭ ਤੋਂ ਵੱਧ ਲੋੜ ਹੁੰਦੀ ਹੈ ਤਾਂ ਉਹ
ਤੈਨੂੰ ਦੁੱਖ ਦਿੰਦਾ ਹੈ।
[20]ਕਿਸੇ ਉਦਾਸ ਬੰਦੇ ਦੇ ਅੱਗੇ ਖੁਸ਼ੀ ਦੇ ਗੀਤ ਗਾ ਕੇ ਸੁਣਾਉਣਾ
ਠੰਢ ਵਿੱਚ ਉਸ ਦੇ ਕੱਪੜੇ ਲਾਹੁਣ ਬਰਾਬਰ ਹੀ ਹੈ। ਇਹ ਸੱਟ ਉੱਤੇ
ਸਿਰਕਾ ਪਾਉਣ ਵਾਂਗ ਹੈ।
[21]ਜੇ ਤੇਰਾ ਦੁਸ਼ਮਣ ਭੁੱਖਾ ਹੈ, ਉਸ ਨੂੰ ਰੋਟੀ ਖੁਆ। ਜੇਕਰ ਉਹ
ਪਿਆਸਾ ਹੈ, ਉਸ ਨੂੰ ਪਾਣੀ ਪਿਲਾ। [22]ਕਿਉਂ ਜੋ ਇਹ ਉਸ ਦੇ ਸਿਰ
ਤੇ ਮਚਦੇ ਕੋਲਿਆਂ ਦਾ ਢੇਰ ਲਾਉਣ ਵਾਂਗ ਹੋਵੇਗਾ ਅਤੇ ਇਸ ਵਾਸਤੇ
ਯਹੋਵਾਹ ਤੈਨੂੰ ਫਲ ਦੇਵੇਗਾ।

23ਉੱਤਰ ਵੱਲੋਂ ਆਉਂਦੀ ਹਵਾ ਮੀਂਹ ਲੈ ਕੇ ਆਉਂਦੀ ਹੈ। ਇਸੇ
ਤਰ੍ਹਾਂ ਨਿੰਦਿਆ ਚੁਗਲੀ ਗੁੱਸਾ ਲੈ ਕੇ ਆਉਂਦੀ ਹੈ।
24ਝਗੜਾਲੂ ਪਤਨੀ ਨਾਲ ਘਰ ਸਾਂਝਾ ਕਰਨ ਨਾਲੋਂ ਛੱਤ ਤੇ ਖੂੰਜੇ
’ਚ ਸੌਣਾ ਬਿਹਤਰ ਹੈ।
25ਦੂਰ ਦੁਰਾਡਿਓ ਆਉਂਦੀ ਚੰਗੀ ਖਬਰ ਓਸੇ ਤਰ੍ਹਾਂ ਹੈ ਜਿਵੇਂ
ਸਖਤ ਗਰਮੀ ਵਿੱਚ ਠੰਡਾ ਪਾਣੀ।
26ਇੱਕ ਧਰਮੀ ਵਿਅਕਤੀ ਦਾ ਦੁਸ਼ਟ ਆਦਮੀ ਦੇ ਅੱਗੇ ਡਿੱਗਣਾ
ਮੈਲੇ ਝਰਨੇ ਜਾਂ ਦੂਸ਼ਿਤ ਖੂਹ ਵਾਂਗ ਹੋਵੇਗਾ।
27ਜਿਵੇਂ ਕਿ ਬਹੁਤਾ ਜ਼ਿਆਦਾ ਸ਼ਹਿਦ ਖਾਣਾ ਚੰਗਾ ਨਹੀਂ, ਇਸੇ
ਤਰ੍ਹਾਂ ਹੀ ਆਪਣੇ-ਆਪ ਲਈ ਆਦਰ ਕਰਵਾਉਣਾ ਚੰਗਾ ਨਹੀਂ।
28ਜਿਸ ਬੰਦੇ ਦਾ ਖੁਦ ਤੇ ਕਾਬੂ ਨਹੀਂ ਉਹ ਬਿਨਾਂ ਸੁਰੱਖਿਆ ਕੰਧ
ਵਾਲੇ ਖੁਲ੍ਹੇ ਸ਼ਹਿਰ ਵਾਂਗ ਹੈ।

### ਮੂਰਖਾਂ ਬਾਰੇ ਬੁੱਧੀਮਾਨ ਕਹਾਉਤਾਂ

**26** 1ਜਿਵੇਂ ਕਿ ਗਰਮੀਆਂ ਵਿੱਚ ਬਰਫ਼ ਪੈਣੀ ਜਾਂ ਵਾਢੀਆਂ
ਵਿੱਚ ਮੀਂਹ ਪੈਣਾ, ਇੰਝ ਹੀ ਮੂਰਖ ਲਈ ਆਦਰ
ਅਨਉਚਿਤ ਹੈ।
2ਜਦ ਤੈਨੂੰ ਕੋਈ ਬਿਨਾਂ ਕਾਰਣ ਸਰਾਪ ਦੇਵੇ ਤਾਂ ਚਿੰਤਾ ਨਾ ਕਰ।
ਕੁਛ ਵੀ ਬੁਰਾ ਨਹੀਂ ਹੋਵੇਗਾ। ਇਸ ਤਰ੍ਹਾਂ ਦੇ ਸ਼ਬਦ ਭੌਂਦੀ ਹੋਈ ਚਿੱੜੀ
ਵਰਗੇ ਹਨ ਜੋ ਠਹਿਰਦੀ ਨਹੀਂ।
3ਘੋੜੇ ਲਈ ਚਾਬਕ, ਗਧੇ ਲਈ ਲਗਾਮ ਅਤੇ ਮੂਰਖਾਂ ਦੀ ਪਿੱਠ
ਲਈ ਬੈਂਤ ਹੈ।
4-5ਇਹ ਬੜੀ ਮੁਸ਼ਕਿਲ ਸਥਿਤੀ ਹੈ: ਜੇ ਕੋਈ ਮੂਰਖ ਤੈਨੂੰ ਕੋਈ
ਮੂਰਖਤਾ ਭਰਿਆ ਪ੍ਰਸ਼ਨ ਪੁੱਛੇ ਤਾਂ ਤੂੰ ਉਸ ਨੂੰ ਮੂਰਖਤਾ ਭਰਿਆ
ਉੱਤਰ ਨਹੀਂ ਦਿੰਦਾ ਨਹੀਂ ਤਾਂ ਤੂੰ ਵੀ ਮੂਰਖ ਹੀ ਲੱਗੇਂਗਾ; ਮੂਰਖ ਬੰਦੇ
ਨੂੰ ਮੂਰਖਤਾ ਭਰਿਆ ਜਵਾਬ ਦੇਹ, ਨਹੀਂ ਤਾਂ ਉਹ ਆਪਣੇ-ਆਪ ਨੂੰ
ਸਿਆਣਾ ਸਮਝੇਗਾ।
6ਕਦੇ ਵੀ ਮੂਰਖ ਦੇ ਹੱਥ ਸੁਨੇਹਾ ਨਾ ਘੱਲ। ਜੇ ਤੂੰ ਅਜਿਹਾ ਕਰੇਂਗਾ
ਤਾਂ ਇਹ ਤੇਰੇ ਆਪਣੇ ਪੈਰ ਵੱਢਣ ਵਰਗਾ ਹੋਵੇਗਾ। ਤੂੰ ਮੁਸੀਬਤ ਨੂੰ
ਸੱਦਾ ਦੇ ਰਿਹਾ ਹੋਵੇਂਗਾ।
7ਮੂਰਖ ਬੰਦੇ ਦੇ ਮੂੰਹ ’ਚ ਕਹਾਉਤ ਲੰਗੇ ਆਦਮੀ ਦੀ ਲੰਗੀ ਲੱਤ
ਜਿੰਨੀ ਹੀ, ਬੇਕਾਰ ਹੈ।
8ਇੱਕ ਮੂਰਖ ਬੰਦੇ ਨੂੰ ਇੱਜ਼ਤ ਦੇਣੀ ਗੁਲੇਲ ਵਿੱਚ ਪੱਥਰ ਬੰਨ੍ਹਣ
ਵਾਂਗ ਹੀ ਹੈ।
9ਜਦੋਂ ਕੋਈ ਮੂਰਖ ਕੋਈ ਸਿਆਣੀ ਗੱਲ ਆਖਣ ਦੀ ਕੋਸ਼ਿਸ਼
ਕਰਦਾ ਹੈ ਤਾਂ ਇਹ ਉਵੇਂ ਹੀ ਹੈ ਜਿਵੇਂ ਕੋਈ ਸ਼ਰਾਬੀ ਆਦਮੀ ਆਪਣੀ
ਹਥੇਲੀ ਵਿੱਚੋਂ ਛਿਲਤਰ ਕੱਢਣ ਦੀ ਕੋਸ਼ਿਸ਼ ਕਰੇ।
10ਕਿਸੇ ਮੂਰਖ ਜਾਂ ਕਿਸੇ ਅਜਨਬੀ ਨੂੰ ਕੰਮ ਤੇ ਰੱਖਣਾ ਖਤਰਨਾਕ
ਹੈ। ਤੈਨੂੰ ਨਹੀਂ ਪਤਾ ਕਿਸ ਦਾ ਨੁਕਸਾਨ ਹੋ ਜਾਵੇ।
11ਬਿਲਕੁਲ ਜਿਵੇਂ ਕੁੱਤਾ ਆਪਣੀ ਉਲਟੀ ਨੂੰ ਚੱਟ ਲੈਂਦਾਹੈ, ਇੰਝ
ਹੀ ਮੂਰਖ ਆਪਣੀ ਮੂਰਖਤਾਈ ਦੁਹਰਾਉਂਦਾ ਹੈ।
12ਕੀ ਤੂੰ ਕੋਈ ਅਜਿਹਾ ਵਿਅਕਤੀ ਵੇਖਿਆ ਜੋ ਖੁਦ ਨੂੰ ਸਿਆਣਾ
ਘੋਸ਼ਿਤ ਕਰੇ? ਉਸ ਨਾਲੋਂ ਇੱਕ ਮੂਰਖ ਲਈ ਵਧੇਰੇ ਉਮੀਦ ਹੁੰਦੀ ਹੈ।
13ਆਲਸੀ ਆਦਮੀ ਆਖਦਾ ਹੈ “ਸੜਕ ਬਬਰ ਸ਼ੇਰ ਹੈ, ਰਾਹ
ਵਿੱਚ ਸ਼ੀਂਹ ਹੈ।”
14ਆਲਸੀ ਆਦਮੀ ਇੱਕ ਦਰਵਾਜ਼ੇ ਵਰਗਾ ਹੈ। ਉਹ ਆਪਣੇ
ਬਿਸਤਰੇ ਵਿੱਚ ਓਸੇ ਤਰ੍ਹਾਂ ਪਾਸੇ ਪਰਤਦਾ ਰਹਿੰਦਾ ਹੈ ਜਿਵੇਂ ਦਰਵਾਜ਼ਾ
ਆਪਣੀ ਚੂਲ ਦੁਆਲੇ ਘੁੰਮਦਾ ਰਹਿੰਦਾ ਹੈ। ਉਹ ਕਦੇ ਵੀ ਕਿਤੇ
ਨਹੀਂ ਜਾਂਦਾ।
15ਆਲਸੀ ਆਦਮੀ ਆਪਣਾ ਹੱਥ ਭੋਜਨ ਦੀ ਥਾਲੀ ਤਾਂਈ
ਲਿਜਾਂਦਾ, ਪਰ ਉਸ ਦਾ ਆਲਸੀਪਣ ਉਸ ਨੂੰ ਆਪਣਾ ਹੱਥ ਵਾਪਸ
ਮੂੰਹ ਤਾਈਂ ਨਹੀਂ ਲਿਜਾਣ ਦਿੰਦਾ।
16ਆਲਸੀ ਆਦਮੀ ਸੋਚਦਾ ਹੈ ਕਿ ਉਹ ਬਹੁਤ ਸਿਆਣਾ ਹੈ।
ਉਹ ਸੋਚਦਾ ਹੈ ਕਿ ਉਹ ਉਨ੍ਹਾਂ ਸੱਤਾਂ ਬੰਦਿਆਂ ਨਾਲੋਂ ਚਤੁਰ ਹੈ ਜਿਹੜੇ
ਆਪਣੇ ਵਿਚਾਰਾਂ ਦੇ ਚੰਗੇ ਕਾਰਣ ਦੱਸ ਸਕਦੇ ਹਨ।
17ਜਿਹੜਾ ਵਿਅਕਤੀ ਹੋਰਨਾਂ ਦੇ ਝਗੜਿਆਂ ਵਿੱਚ ਦਖਲ ਦੇਵੇ
ਉਸ ਵਾਂਗ ਹੈ ਜਿਹੜਾ ਕੁੱਤੇ ਦੇ ਕੰਨ ਖਿੱਚਦਾ ਹੋਵੇ।
18-19ਜਿਹੜਾ ਆਦਮੀ ਦੂਸਰੇ ਬੰਦੇ ਨਾਲ ਚਲਾਕੀ ਕਰਦਾ ਹੈ
ਅਤੇ ਫ਼ੇਰ ਇਹ ਆਖਦਾ ਹੈ, “ਉਹ ਤਾਂ ਮਜ਼ਾਕ ਕਰ ਰਿਹਾ ਸੀ,”
ਉਹ ਉਸ ਮੂਰਖ ਬੰਦੇ ਵਰਗਾ ਹੈ ਜਿਹੜਾ ਹਵਾ ਵਿੱਚ ਅੱਗ ਦੇ ਤੀਰ
ਚਲਾਉਂਦਾ ਹੈ।
20ਜੇ ਅੱਗ ਵਿੱਚ ਲੱਕੜਾਂ ਨਹੀਂ, ਤਾਂ ਅੱਗ ਬੁਝ ਜਾਵੇਗੀ। ਇਸੇ
ਤਰ੍ਹਾਂ ਚੁਗਲੀ ਤੋਂ ਬਿਨਾਂ ਝਗੜਾ ਮੁੱਕ ਜਾਂਦਾ ਹੈ।
21ਅੰਗਆਰਾ ਕੋਲਿਆਂ ਨੂੰ ਮੱਘਦਾ ਰੱਖਦਾ ਹੈ। ਅਤੇ ਲੱਕੜੀ
ਅੱਗ ਨੂੰ ਬਲਦਾ ਰੱਖਦੀ ਹੈ। ਇਸੇ ਤਰ੍ਹਾਂ ਮੁਸੀਬਤਾਂ ਪੈਦਾ ਕਰਨ ਵਾਲੇ
ਲੋਕ ਲੜਾਈ ਝਗੜੇ ਨੂੰ ਜਾਰੀ ਰੱਖਦੇ ਹਨ।
22ਚੁਗਲੀ ਕਰਨ ਵਾਲੇ ਦੀਆਂ ਗੱਲਾਂ ਸੁਆਦਲੇ ਭੋਜਨ ਵਾਂਗ ਹੈ,
ਉਹ ਢਿੱਡ ਵਿੱਚ ਹੀ ਵੜ ਜਾਂਦੀਆਂ ਹਨ।
23ਜਿਵੇਂ ਮਿੱਟੀ ਦੇ ਭਾਂਡੇ ਉੱਤੇ ਚਾਂਦੀ ਦਾ ਪਾਣੀ, ਤਿਵੇਂ ਹੀ ਬਲਦੇ
ਬੁੱਲ੍ਹ ਅਤੇ ਬੁਰਾ ਦਿਲ ਹੈ। 24ਇੱਕ ਦੁਸ਼ਮਣ ਮਿੱਠੀਆਂ ਗੱਲਾਂ ਨਾਲ
ਆਪਣੀ ਬਦੀ ਨੂੰ ਛੁਪਾਉਣ ਦੀ ਕੋਸ਼ਿਸ਼ ਕਰਦਾ ਹੈ। ਪਰ ਉਹ ਆਪਣੇ
ਦਿਲ ਵਿੱਚ ਘ੍ਰਿਣਾ ਨਾਲ ਭਰਿਆ ਹੋਇਆ ਹੈ। 25ਜੋ ਗੱਲਾਂ ਉਹ
ਆਖਦਾ ਹੈ ਉਹ ਭਾਵੇਂ ਚੰਗੀਆਂ ਲੱਗਣ। ਪਰ ਉਸ ਉੱਤੇ ਭਰੋਸਾ ਨਾ
ਕਰ। ਉਸ ਦਾ ਦਿਲ ਘ੍ਰਿਣਿਤ ਵਿਚਾਰਾਂ ਨਾਲ ਭਰਿਆ ਹੋਇਆ ਹੈ।
26ਚਲਾਕੀ ਕਰਕੇ ਉਹ ਨਫ਼ਰਤ ਨੂੰ ਛੁਪਾਉਣ ਦੀ ਕੋਸ਼ਿਸ਼ ਕਰਦਾ ਹੈ,
ਪਰ ਉਸ ਦੀ ਬਦੀ ਸਭਾ ਵਿੱਚ ਪ੍ਰਗਟ ਕੀਤੀ ਜਾਵੇਗੀ।
27ਜਿਹੜਾ ਟੋਆ ਪੁੱਟਦਾ ਹੈ, ਉਹ ਆਪੇ ਉਸ ਵਿੱਚ ਡਿੱਗੇਗਾ,
ਅਤੇ ਜਿਹੜਾ ਪੱਥਰ ਰੇੜ੍ਹਦਾ ਹੈ ਉਹ ਮੁੜ ਕੇ ਉਸੇ ਉੱਤੇ ਆਣ
ਪਵੇਗਾ।
28ਜਿਹੜਾ ਆਦਮੀ ਝੂਠ ਬੋਲਦਾ, ਉਨ੍ਹਾਂ ਨੂੰ ਨਫ਼ਰਤ ਕਰਦਾ
ਹੈ ਜਿਨ੍ਹਾਂ ਦਾ ਉਹ ਨੁਕਸਾਨ ਕਰਦਾ ਹੈ ਅਤੇ ਜਿਹੜਾ ਵਿਅਕਤੀ
ਚਾਪਲੂਸੀ ਕਰੇ ਉਹ ਤਬਾਹੀ ਦਾ ਕਾਰਣ ਬਣਦਾ ਹੈ।

**27** 1ਕਲ ਬਾਰੇ ਫੜ੍ਹਾਂ ਨਾ ਮਾਰ। ਕੌਣ ਜਾਣਦਾ ਕਿ ਦਿਨ
ਕੀ ਲਿਆਵੇਗਾ।
2ਕਦੇ ਵੀ ਆਪਣੀ ਵਡਿਆਈ ਨਾ ਕਰ। ਹੋਰਨਾਂ ਨੂੰ ਅਜਿਹਾ
ਕਰਨ ਦੇਹ।
3ਪੱਥਰ ਭਾਰਾ ਹੁੰਦਾ ਹੈ ਅਤੇ ਰੇਤ ਨੂੰ ਚੁੱਕਣਾ ਔਖਾ ਹੁੰਦਾ ਹੈ। ਪਰ
ਕਿਸੇ ਗੁਸੈਲੇ ਮੂਰਖ ਵੱਲੋਂ ਪੈਦਾ ਕੀਤੀ ਹੋਈ ਮੁਸੀਬਤ ਸਹਾਰਨੀ
ਹੋਰ ਵੀ ਔਖੀ ਹੈ।
4ਗੁੱਸਾ ਜ਼ਾਲਮ ਹੁੰਦਾ ਹੈ ਅਤੇ ਕ੍ਰੋਧ ਹੜ੍ਹ ਵਾਂਗ ਹੁੰਦਾ ਹੈ, ਪਰ
ਈਰਖਾ ਅੱਗੇ ਕੌਣ ਖਲੋ ਸਕਦਾ ਹੈ।
5ਲੁਕਵੇਂ ਪਿਆਰ ਕੀਤੇ ਜਾਣ ਨਾਲੋਂ ਤੈਨੂੰ ਮੂੰਹ ਤੇ ਝਿੜਕਿਆ
ਜਾਣਾ ਬਿਹਤਰ ਹੈ।
6ਹੋ ਸਕਦਾ ਦੋਸਤ ਤੈਨੂੰ ਨੁਕਸਾਨ ਪੁਚਾਉਣਾ ਚਾਹੁੰਦਾ ਹੋਵੇ, ਪਰ

ਤੈਨੂੰ ਧੋਖਾ ਨਹੀਂ ਦੇਵੇਗਾ, ਜਿਹੜਾ ਵਿਅਕਤੀ ਤੁਹਾਡੀ ਚਾਪਲੂਸੀ
ਕਰਦਾ ਹੋ ਸਕਦਾ ਤੈਨੂੰ ਪਿਆਰ ਨਾ ਕਰਦਾ ਹੋਵੇ।
7ਜਦੋਂ ਤੇਰਾ ਢਿੱਡ ਭਰਿਆ ਹੋਵੇ ਤਾਂ ਤੂੰ ਸ਼ਹਿਦ ਖਾਣਾ ਵੀ ਪਸੰਦ
ਨਹੀਂ ਕਰੇਂਗਾ ਪਰ ਭੁੱਖੇ ਨੂੰ ਹਰ ਕੌੜੀ ਚੀਜ਼ ਵੀ ਮਿੱਠੀ ਲੱਗਦੀ ਹੈ।
8ਜਿਹੜਾ ਆਦਮੀ ਆਪਣਾ ਘਰ ਛੱਡ ਦਿੰਦਾ ਅਤੇ ਇੱਧਰ-ਉੱਧਰ
ਘੁੰਮਦਾ ਰਹਿੰਦਾ ਹੈ, ਉਹ ਉਸ ਚਿੜੀ ਵਰਗਾ ਹੈ ਜੋ ਆਪਣਾ ਆਲ੍ਹਣਾ
ਤਿਆਗ ਦਿੰਦੀ ਹੈ।
9ਅਤਰ ਅਤੇ ਖੁਸ਼ਬੂਦਾਰ ਧੂਫ਼ ਤੇਰੇ ਦਿਲ ਨੂੰ ਪ੍ਰਸੰਨ ਕਰਦੇ ਹਨ,
ਪਰ ਦੋਸਤੀ ਦੀ ਮਿਠਾਸ ਸੱਚੀ ਸਲਾਹ ਤੋਂ ਉਤਪੰਨ ਹੁੰਦੀ ਹੈ।
10ਆਪਣੇ ਅਤੇ ਆਪਣੇ ਪਿਤਾ ਦੇ ਮਿੱਤਰਾਂ ਨੂੰ ਕਦੇ ਨਾ ਛੱਡ। ਅਤੇ
ਜੇ ਤੂੰ ਮੁਸੀਬਤ ਵਿੱਚ ਹੈਂ ਤਾਂ ਸਹਾਇਤਾ ਲਈ ਆਪਣੇ ਦੂਰ ਵੱਸਦੇ
ਭਰਾ ਪਾਸ ਨਾ ਜਾਹ। ਹੱਥ ਜਿੰਨਾ ਦੂਰ ਗੁਆਂਢੀ, ਦੂਰ ਦੁਰਾਡੇ ਦੇ ਭਰਾ
ਨਾਲੋਂ, ਬਿਹਤਰ ਹੈ।
11ਮੇਰੇ ਪੁੱਤਰ, ਸਿਆਣਾ ਬਣ। ਇਸ ਨਾਲ ਮੈਨੂੰ ਖੁਸ਼ੀ ਮਿਲੇਗੀ।
ਫ਼ੇਰ ਮੈਂ ਉਹ ਨੂੰ ਉੱਤਰ ਦੇ ਸਕਾਂਗਾ ਜਿਹੜਾ ਮੈਨੂੰ ਮੇਹਣਾ ਮਾਰਦਾ ਹੈ।
12ਇੱਕ ਸਿਆਣਾ ਆਦਮੀ ਮੁਸੀਬਤ ਨੂੰ ਵੇਖ ਕੇ ਇਸ ਤੋਂ ਪਰ੍ਹਾਂ
ਹੋ ਜਾਂਦਾ, ਪਰ ਉਹ ਜਿਹੜੇ ਆਮ ਹੁੰਦੇ ਹਨ ਇਸਤੇ ਚੱਲ ਕੇ ਸੱਟ
ਖਾਂਦੇ ਹਨ।
13ਜਿਹੜਾ ਅਨਜਾਣ ਵਿਅਕਤੀ ਦੇ ਕਰਜ਼ੇ ਦੀ ਜਿੰਮੇਦਾਰੀ ਲੈਂਦਾ
ਹੈ ਉਸ ਬੰਦੇ ਦਾ ਲੀੜਾ ਲੈ ਲਵੋ, ਅਤੇ ਜਿਹੜਾ ਅਨਜਾਣ ਔਰਤ ਦੀ
ਜਿੰਮੇਦਾਰੀ ਲੈਂਦਾ ਹੈ ਉਹ ਦਾ ਕੁਝ ਗਹਿਣੇ ਰੱਖ ਲੈ।
14ਜੇਕਰ ਕੋਈ ਤੜਕੇ ਈ ਉੱਠ ਕੇ ਉੱਚੀ-ਉੱਚੀ ਆਪਣੇ ਗੁਆਂਢੀ
ਦੀ ਵਡਿਆਈ ਕਰਦਾ ਹੈ, ਇਹ ਉਸ ਲਈ ਇੰਝ ਕਰਾਰ ਦਿੱਤਾ
ਜਾਵੇਗਾ ਜਿਵੇਂ ਉਹ ਉਸ ਨੂੰ ਸਰਾਪ ਰਿਹਾ ਹੋਵੇ।
15ਉਹ ਪਤਨੀ ਜਿਹੜੀ ਹਮੇਸ਼ਾ ਲੜਾਈ ਝਗੜਾ ਕਰਨਾ ਪਸੰਦ
ਕਰਦੀ ਹੈ ਉਸ ਪਾਣੀ ਵਰਗੀ ਹੈ ਜਿਹੜਾ ਬਰਸਾਤ ਦੇ ਦਿਨਾਂ ਵਿੱਚ
ਟਪਕਣ ਤੋਂ ਨਹੀਂ ਹਟਦਾ। 16ਉਸ ਨੂੰ ਰੋਕਣਾ ਓਨਾ ਹੀ ਔਖਾ ਜਿੰਨਾ
ਹਵਾ ਨੂੰ ਵਗਣੋ ਰੋਕਣਾ ਜਾਂ ਤੇਲ ਨੂੰ ਹੱਥ ਵਿੱਚ ਫੜਨਾ।
17ਲੋਕੀਂ ਲੋਹੇ ਦੀਆਂ ਛੜਾਂ ਨਾਲ ਚਾਕੂ ਤੇਜ਼ ਕਰਦੇ ਹਨ। ਇਸੇ
ਤਰ੍ਹਾਂ ਲੋਕ ਇੱਕ ਦੂਸਰੇ ਕੋਲੋਂ ਸਿੱਖਦੇ ਹਨ, ਇੱਕ ਦੂਸਰੇ ਨੂੰ ਤੇਜ਼
ਕਰਦੇ ਹੋਏ।
18ਜਿਹੜਾ ਆਦਮੀ ਅੰਜੀਰ ਦੇ ਰੁੱਖ ਦੀ ਦੇਖਭਾਲ ਕਰਦਾ ਹੈ ਉਹ
ਉਸ ਦੇ ਫ਼ਲਾਂ ਨੂੰ ਵੀ ਮਾਣੇਗਾ। ਇਸੇ ਤਰ੍ਹਾਂ ਹੀ, ਜਿਹੜਾ ਆਦਮੀ
ਆਪਣੇ ਸੁਆਮੀ ਦੀ ਕਾਮਨਾਵਾਂ ਨੂੰ ਸੁਰੱਖਿਤ ਕਰਦਾ ਹੈ, ਇੱਜ਼ਤ
ਹਾਸਲ ਕਰੇਗਾ।
19ਜਿਵੇਂ ਪਾਣੀ ਆਦਮੀ ਦੇ ਚਿਹਰੇ ਨੂੰ ਪ੍ਰਤਿਰੂਪ ਵਿਖਾਉਂਦਾ, ਇੰਝ
ਹੀ ਦਿਲ ਆਦਮੀ ਦੇ ਚਰਿਤ੍ਰ ਨੂੰ ਪ੍ਰਤਿਰੂਪ ਵਿਖਾਉਂਦਾ ਹੈ।
20ਲੋਕ ਤਾਂ ਬਸ ਕਬਰ ਵਰਗੇ ਹਨ। ਮੌਤ ਦਾ ਸਥਾਨ ਅਤੇ
ਤਬਾਹੀ ਹਮੇਸ਼ਾ ਇਨ੍ਹਾਂ ਗੱਲਾਂ ਨੂੰ ਹੋਰ ਵਧੇਰੇ ਲੋਚਦੇ ਹਨ।
21ਲੋਕੀ ਸੋਨੇ ਅਤੇ ਚਾਂਦੀ ਨੂੰ ਸ਼ੁੱਧ ਕਰਨ ਲਈ ਅੱਗ ਦੀ ਵਰਤੋਂ
ਕਰਦੇ ਹਨ। ਇਸੇ ਤਰ੍ਹਾਂ ਬੰਦੇ ਦੀ ਪਰਖ ਲੋਕਾਂ ਵੱਲੋਂ ਮਿਲੀ ਉਸਤਤ
ਨਾਲ ਹੁੰਦੀ ਹੈ।
22ਭਾਵੇਂ ਤੂੰ ਮੂਰਖ ਨੂੰ ਉੱਖਲੀ ਵਿੱਚ ਦਾਣਿਆ ਸੰਗ ਮੋਹਲੇ ਨਾਲ
ਕੁੱਟੇ, ਤਾਂ ਵੀ ਉਸ ਦੀ ਮੂਰਖਤਾਈ ਉਸ ਤੋਂ ਨਹੀਂ ਹਟਣੀ।
23ਪ੍ਰਪਕ ਕਰ ਕਿ ਤੂੰ ਆਪਣੀਆਂ ਭੇਡਾਂ ਦੀ ਹਾਲ ਚੰਗੀ ਤਰ੍ਹਾਂ
ਜਾਣਦਾ ਹੈਂ, ਅਤੇ ਪਸ਼ੂਆ ਵੱਲ ਖਾਸ ਧਿਆਨ ਦੇਹ। 24ਦੌਲਤ
ਹਮੇਸ਼ਾ ਨਹੀਂ ਰਹਿੰਦੀ। ਇਸੇ ਤਰ੍ਹਾਂ ਹੀ ਤਾਜ ਇੱਕ ਪੀੜੀ ਤੋਂ ਅਗਲੀ
ਪੀੜ੍ਹੀ ਤਾਈਂ ਨਹੀਂ ਜਾਂਦਾ। 25ਜਦੋਂ ਸੁੱਕਾ ਘਾਹ ਚੁੱਕਿਆ ਗਿਆ ਤਦ
ਤਾਜਾ ਘਾਹ ਵਿਖਾਈ ਦਿੰਦਾ ਹੈ ਅਤੇ ਤੂੰ ਫ਼ੇਰ ਤੋਂ ਪਹਾੜੀਆਂ ਤੋਂ ਘਾਹ
ਇਕੱਠਾ ਕਰਦਾ ਹੈਂ। 26ਫ਼ੇਰ ਤੇਰੇ ਲੇਲਿਆਂ ਦੀ ਉੱਨ ਤੈਨੂੰ ਕੱਪੜੇ
ਪ੍ਰਦਾਨ ਕਰੇਗੀ ਅਤੇ ਤੂੰ ਬੱਕਰੀਆਂ ਵੇਚ ਕੇ ਜ਼ਮੀਨ ਖਰੀਦ ਸਕਦਾ ਹੈਂ।
27ਤੇਰੇ ਅਤੇ ਤੇਰੇ ਪਰਿਵਾਰ ਲਈ ਪੀਣ ਵਾਸਤੇ ਬੱਕਰੀ ਦਾ ਦੁੱਧ ਕਾਫੀ
ਹੋਵੇਗਾ। ਇਹ ਤੁਹਾਡੀਆਂ ਨੌਕਰਾਣੀਆਂ ਨੂੰ ਸਿਹਤਮੰਦ ਬਣਾਵੇਗਾ।

**28** 1ਦੁਸ਼ਟ ਵਿਅਕਤੀ ਭੱਜ ਜਾਂਦੇ ਹਨ ਭਾਵੇਂ ਕੋਈ ਵੀ ਉਨ੍ਹਾਂ
ਦੇ ਪਿੱਛੇ ਨਾ ਲੱਗਿਆ ਹੋਵੇ, ਪਰ ਧਰਮੀ ਲੋਕ ਸ਼ੇਰ ਵਾਂਗ
ਨਿਡਰ ਹੁੰਦੇ ਹਨ।
2ਜਦੋਂ ਦੇਸ ਵਿੱਚ ਕਾਨੂੰਨ ਹੀਣ ਹੋ ਜਾਵੇ, ਇਸ ਦੇ ਸ਼ਾਸ਼ਕ ਬਹੁਤ
ਜਲਦੀ ਬਦਲ ਜਾਂਦੇ ਹਨ। ਪਰ ਜਿਹੜਾ ਵਿਅਕਤੀ ਜੋ ਗੱਲਾਂ
ਨੂੰ ਸਮਝਦਾ ਅਤੇ ਸੂਝਵਾਨ ਹੁੰਦਾ, ਇੱਕ ਅੱਡੋਲ ਸਰਕਾਰ ਦੀ
ਅਗਵਾਈ ਕਰਦਾ ਹੈ।
3ਜਿਹੜਾ ਗਰੀਬ ਲੋਕਾਂ ਤੇ ਜ਼ੁਲਮ ਕਰਦਾ, ਉਸ ਸਖਤ ਬਾਰਿਸ਼
ਵਰਗਾ ਹੈ ਜਿਹੜੀ ਫ਼ਸਲਾਂ ਨੂੰ ਤਬਾਹ ਕਰ ਦਿੰਦੀ ਹੈ।
4ਜਿਹੜੇ ਲੋਕ ਬਿਵਸਥਾ ਨੂੰ ਪ੍ਰਵਾਨ ਨਹੀਂ ਕਰਦੇ, ਬਦ ਲੋਕਾਂ ਦੀ
ਵਡਿਆਈ ਕਰਦੇ ਹਨ ਪਰ ਜਿਹੜੇ ਬਿਵਸਥਾ ਨੂੰ ਮੰਨਦੇ ਹਨ ਉਹ
ਉਨ੍ਹਾਂ ਦਾ ਵਿਰੋਧ ਕਰਦੇ ਹਨ।
5ਬੁਰੇ ਬੰਦੇ ਨਿਰਪੱਖਤਾ ਨੂੰ ਨਹੀਂ ਸਮਝਦੇ। ਪਰ ਜਿਹੜੇ ਬੰਦੇ
ਯਹੋਵਾਹ ਨੂੰ ਪਿਆਰ ਕਰਦੇ ਹਨ ਉਹ ਇਸ ਨੂੰ ਸਮਝਦੇ ਹਨ।
6ਜਿਹੜਾ ਗਰੀਬ, ਇਮਾਨਦਾਰੀ ਨਾਲ ਜੀਉਂਦਾ ਹੈ ਉਸ ਅਮੀਰ
ਆਦਮੀ ਨਾਲੋਂ ਬਿਹਤਰ ਹੈ ਜਿਸ ਦੇ ਰਾਹ ਟੇਢੇ-ਮੇਢੇ ਹੁੰਦੇ ਹਨ।
7ਸੂਝਵਾਨ ਪੁੱਤਰ ਨੇਮ ਤੇ ਚੱਲਦਾ ਹੈ ਪਰ ਉਹ ਜਿਹੜਾ ਬੇਕਾਰ
ਲੋਕਾਂ ਦਾ ਸੰਗ ਕਰਦਾ, ਆਪਣੇ ਪਿਉ ਨੂੰ ਬੇਇੱਜ਼ਤ ਕਰਦਾ ਹੈ।
8ਜੇ ਤੂੰ ਗਰੀਬ ਲੋਕਾਂ ਨਾਲ ਧੋਖਾ ਕਰਕੇ ਅਮੀਰ ਹੁੰਦਾ ਹੈਂ ਅਤੇ
ਉਨ੍ਹਾਂ ਪਾਸੋਂ ਵਿਆਜ ਦੀ ਉੱਚੀ ਦਰ ਵਸੂਲ ਕਰਦਾ ਹੈਂ ਤਾਂ ਤੂੰ ਆਪਣੀ
ਦੌਲਤ ਗੁਆ ਬੈਠੇਂਗਾ। ਇਹ ਉਸ ਦੂਸਰੇ ਬੰਦੇ ਕੋਲ ਚਲੀ ਜਾਵੇਗੀ
ਜਿਹੜਾ ਉਨ੍ਹਾਂ ਉੱਤੇ ਕ੍ਰਿਪਾ ਕਰਦਾ ਹੈ।
9ਜਿਹੜਾ ਵਿਅਕਤੀ ਬਿਵਸਥਾ ਤੋਂ ਹਟ ਜਾਂਦਾ, ਉਸ ਦੀਆਂ
ਪ੍ਰਾਰਥਾਨਵਾਂ ਵੀ ਪਰਮੇਸ਼ੁਰ ਲਈ ਘ੍ਰਿਣਿਤ ਹਨ।
10ਜਿਹੜਾ ਵਿਅਕਤੀ ਇਮਾਨਦਾਰ ਲੋਕਾਂ ਨੂੰ ਕੁਰਾਹੇ ਪਾਉਂਦਾ ਹੈ
ਆਪਣੇ ਹੀ ਜਾਲ ਵਿੱਚ ਫ਼ਸ ਜਾਂਦਾ ਹੈ। ਪਰ ਜਿਸ ਵਿਅਕਤੀ ਵਿੱਚ
ਕੋਈ ਦੋਸ਼ ਨਹੀਂ, ਚੰਗਾ ਵਿਰਸਾ ਪ੍ਰਾਪਤ ਕਰੇਗਾ।
11ਅਮੀਰ ਆਦਮੀ ਆਪਣੀ ਨਿਗਾਹ ਵਿੱਚ ਸਿਆਣਾ ਹੋ ਸਕਦਾ,
ਪਰ ਗਰੀਬ ਜੋ ਕਿ ਸਿਆਣਾ ਹੈ ਉਹ ਸੱਚਾਈ ਨੂੰ ਦੇਖ ਸਕਦਾ ਹੈ।
12ਜਦੋਂ ਧਰਮੀ ਲੋਕ ਜਿੱਤਦੇ ਹਨ ਤਾਂ ਹਰ ਕੋਈ ਪ੍ਰਸੰਨ ਹੁੰਦਾ ਹੈ।
ਪਰ ਜਦੋਂ ਦੁਸ਼ਟ ਲੋਕਾਂ ਨੂੰ ਸ਼ਕਤੀ ਮਿਲਦੀ ਹੈ ਹਰ ਕੋਈ ਛੁਪਣਗਾਹਾਂ
ਵਿੱਚ ਚੱਲਿਆ ਜਾਂਦਾ ਹੈ।
13ਜਿਹੜਾ ਆਦਮੀ ਆਪਣੇ ਪਾਪਾਂ ਨੂੰ ਛੁਪਾਉਣ ਦੀ ਕੋਸ਼ਿਸ਼ ਕਰੇ,
ਉੱਨਤੀ ਨਹੀਂ ਕਰਦਾ, ਪਰ ਜਿਹੜਾ ਆਪਣੇ ਪਾਪਾਂ ਨੂੰ ਕਬੂਲਦਾ ਅਤੇ
ਤਿਆਗਦਾ ਹੈ, ਦਯਾ ਪ੍ਰਾਪਤ ਕਰਦਾ ਹੈ।
14ਧੰਨ ਹੈ ਉਹ ਮਨੁੱਖ ਜਿਹੜਾ ਸਦਾ ਪ੍ਰਭੂ ਦਾ ਭੈ ਮੰਨਦਾ ਹੈ, ਪਰ
ਜੋ ਆਪਣੇ ਦਿਲ ਨੂੰ ਸਖ਼ਤ ਕਰ ਲੈਂਦਾ ਹੈ ਉਹ ਮੁਸੀਬਤ ਵਿੱਚ ਪੈ
ਜਾਵੇਗਾ।
15ਇੱਕ ਦੁਸ਼ਟ ਵਿਅਕਤੀ ਦਾ ਗਰੀਬ ਕੌਮ ਤੇ ਰਾਜ ਕਰਨਾ,
ਗਰਜਦੇ ਸ਼ੇਰ ਜਾਂ ਹਮਲਾ ਕਰਨ ਵਾਲੇ ਰਿੱਛ ਵਾਂਗ ਹੁੰਦਾ ਹੈ।
16ਜਿਸ ਸ਼ਾਸਕ ਕੋਲ ਸਮਝਦਾਰੀ ਨਹੀਂ ਹੁੰਦੀ ਉਹ ਅੱਤਿਆਚਾਰੀ

ਹੁੰਦਾ ਹੈ, ਪਰ ਜਿਹੜਾ ਸ਼ਾਸਕ ਦੌਲਤ ਬਦਕਰਮਾਂ ਰਾਹੀਂ ਕਮਾਈ ਨੂੰ ਨਫ਼ਰਤ ਕਰਦਾ ਹੈ, ਬਹੁਤ ਚਿਰ ਸ਼ਾਸਨ ਕਰਦਾ ਹੈ।
17ਜਿਹੜਾ ਵਿਅਕਤੀ, ਕਤਲ ਕਰਨ ਕਾਰਣ ਕਸ਼ਟ ਝੱਲਦਾ ਹੈ ਮਰਨ ਤੀਕ ਸ਼ਾਂਤੀ ਪ੍ਰਾਪਤ ਨਹੀਂ ਕਰੇਗਾ। ਅਜਿਹੇ ਵਿਅਕਤੀ ਦੀ ਮਦਦ ਨਾ ਕਰ।
18ਜਿਹੜਾ ਵਿਅਕਤੀ ਇਮਾਨਦਾਰੀ ਨਾਲ ਜੀਉਂਦਾ ਹੈ ਉਹ ਸੁਰੱਖਿਅਤ ਹੈ। ਪਰ ਜਿਨ੍ਹਾਂ ਲੋਕਾਂ ਦੇ ਰਾਹ ਟੇਢੇ-ਮੇਢੇ ਹੁੰਦੇ ਹਨ ਉਹ ਅਚਾਨਕ ਡਿੱਗ ਪੈਣਗੇ।
19ਜਿਹੜਾ ਵਿਅਕਤੀ ਆਪਣੀ ਜ਼ਮੀਨ ਤੇ ਕੰਮ ਕਰੇ ਆਪਣੀ ਮਜ਼ਦੂਰੀ ਦਾ ਫਲ ਪ੍ਰਾਪਤ ਕਰੇਗਾ, ਪਰ ਜਿਹੜਾ ਵਿਅਕਤੀ ਵਿਅਰਥ ਸਕੀਮਾਂ ਪਿੱਛੇ ਭੱਜੇ ਉਹ ਗਰੀਬ ਹੀ ਰਹੇਗਾ।
20ਇੱਕ ਇਮਾਨਦਾਰ ਆਦਮੀ ਸੱਚਮੁੱਚ ਧੰਨ ਹੈ, ਪਰ ਜਿਹੜਾ ਅਮੀਰ ਬਣਨ ਲਈ ਬਹੁਤ ਜਲਦੀ ਕਰੇ, ਸਜ਼ਾ ਤੋਂ ਬਚ ਨਹੀਂ ਪਾਵੇਗਾ।
21ਪੱਖਪਾਤ ਕਰਨਾ ਚੰਗੀ ਗੱਲ ਨਹੀਂ, ਪਰ ਰੋਟੀ ਦੇ ਇੱਕ ਟੁਕੜੇ ਖਾਤਰ ਆਦਮੀ ਉਹ ਕਰੇਗਾ ਜੋ ਗ਼ਲਤ ਹੈ।
22ਇੱਕ ਕਿਰਸੀ ਹਮੇਸ਼ਾ ਦੌਲਤ ਸਮੇਟਣ ਬਾਰੇ ਸੋਚਦਾ, ਪਰ ਇਹ ਨਹੀਂ ਜਾਣਦਾ ਕਿ ਗਰੀਬੀ ਉਸ ਦਾ ਇੰਤਜ਼ਾਰ ਕਰ ਰਹੀ ਹੈ।
23ਜਿਹੜਾ ਵਿਅਕਤੀ ਦੂਸਰੇ ਨੂੰ ਝਿੜਕਦਾ ਹੈ ਉਸ ਨੂੰ ਉਸ ਨਾਲੋਂ ਵਧੇਰੇ ਪਿਆਰ ਕੀਤਾ ਜਾਵੇਗਾ ਜੋ ਉਸ ਲਈ ਉੱਕੀਆਂ ਫੜ੍ਹਾਂ ਮਾਰਦਾ ਹੈ।
24ਉਹ ਜੋ ਆਪਣੇ ਮਾਪਿਆਂ ਤੋਂ ਵੀ ਚੁਰਾਉਂਦਾ ਅਤੇ ਆਖਦਾ, "ਇਸ ਵਿੱਚ ਕੁਝ ਵੀ ਗ਼ਲਤ ਨਹੀਂ!" ਉਹ ਉਸ ਵਿਅਕਤੀ ਦਾ ਸਾਂਝੀਦਾਰ ਹੁੰਦਾ ਹੈ ਜੋ ਤਬਾਹੀ ਦਾ ਕਾਰਣ ਬਣਦਾ ਹੈ।
25ਲਾਲਚੀ ਆਦਮੀ ਦਲੀਲਬਾਜ਼ੀ ਕਰਦਾ ਹੈ ਪਰ ਜਿਹੜਾ ਆਦਮੀ ਯਹੋਵਾਹ ਉੱਤੇ ਭਰੋਸਾ ਰੱਖਦਾ ਹੈ ਉਹ ਉੱਨਤੀ ਕਰੇਗਾ।
26ਜਿਹੜਾ ਆਦਮੀ ਆਪਣੇ-ਆਪ ਵਿੱਚ ਭਰੋਸਾ ਰੱਖਦਾ ਹੈ ਮੂਰਖ ਹੈ, ਪਰ ਜਿਹੜਾ ਆਦਮੀ ਬੁੱਧਤਾ ਅਨੁਸਾਰ ਰਹਿੰਦਾ ਹੈ, ਸੁਰੱਖਿਅਤ ਹੈ।
27ਜੇ ਕੋਈ ਆਦਮੀ ਗਰੀਬਾਂ ਨੂੰ ਦਾਨ ਦਿੰਦਾ ਹੈ ਤਾਂ ਉਹ ਆਪਣੀ ਜ਼ਰੂਰਤ ਦੀ ਹਰ ਚੀਜ਼ ਪ੍ਰਾਪਤ ਕਰ ਲਵੇਗਾ। ਪਰ ਜੇ ਕੋਈ ਆਦਮੀ ਗਰੀਬਾਂ ਦੀ ਸਹਾਇਤਾ ਕਰਨ ਤੋਂ ਇਨਕਾਰ ਕਰਦਾ ਹੈ, ਤਾਂ ਉਸ ਨੂੰ ਬਹੁਤ ਮੁਸੀਬਤਾਂ ਮਿਲਣਗੀਆਂ।
28ਜਦੋਂ ਦੁਸ਼ਟ ਲੋਕ ਸ਼ਕਤੀ ਵਿੱਚ ਆਉਂਦੇ ਹਨ, ਲੋਕੀਂ ਖੁਦ ਨੂੰ ਛੁਪਾ ਲੈਂਦੇ ਹਨ, ਪਰ ਜਦੋਂ ਉਹ ਤਬਾਹ ਹੋ ਜਾਂਦੇ ਹਨ, ਉਦੋਂ ਧਰਮੀ ਲੋਕ ਉੱਨਤੀ ਕਰਦੇ ਹਨ।

**29** 1ਇੱਕ ਜ਼ਿੱਦੀ ਵਿਅਕਤੀ ਜਿਹੜਾ ਝਿੜਕ ਤੋਂ ਨਹੀਂ ਸਿੱਖਦਾ ਅਚਾਨਕ ਹੀ ਤਬਾਹ ਕਰ ਦਿੱਤਾ ਜਾਵੇਗਾ। ਉਸ ਨੂੰ ਕੋਈ ਵੀ ਨਹੀਂ ਬਚਾ ਸਕਦਾ।
2ਜਦੋਂ ਧਰਮੀ ਲੋਕ ਤਰੱਕੀ ਕਰਦੇ ਹਨ, ਲੋਕ ਖੁਸ਼ ਹੁੰਦੇ ਹਨ, ਪਰ ਉਦੋਂ ਹੌਂਕੇ ਭਰਦੇ ਹਨ ਜਦੋਂ ਕੋਈ ਦੁਸ਼ਟ ਆਦਮੀ ਰਾਜਾ ਬਣ ਜਾਂਦਾ ਹੈ।
3ਜਿਹੜਾ ਵਿਅਕਤੀ ਬੁੱਧ ਨੂੰ ਪਿਆਰ ਕਰਦਾ, ਉਹ ਆਪਣੇ ਪਿਤਾ ਨੂੰ ਖੁਸ਼ ਕਰਦਾ ਹੈ, ਪਰ ਜਿਹੜਾ ਵਿਅਕਤੀ ਵੇਸਵਾਵਾਂ ਦਾ ਸੰਗ ਕਰਦਾ ਹੈ, ਉਹ ਆਪਣੀ ਦੌਲਤ ਗੁਆ ਲੈਂਦਾ ਹੈ।
4ਜਿਹੜਾ ਰਾਜਾ ਨਿਆਂਈ ਹੋ ਕੇ ਸ਼ਾਸਨ ਕਰਦਾ ਹੈ ਉਹ ਆਪਣੇ ਦੇਸ ਨੂੰ ਮਜ਼ਬੂਤ ਬਣਾ ਲੈਂਦਾ ਹੈ, ਪਰ ਜਿਹੜਾ ਕੋਈ ਰਿਸ਼ਵਤ ਲੈਂਦਾ ਹੈ ਇਸ ਨੂੰ ਢਾਹ ਦਿੰਦਾ।
5ਜਿਹੜਾ ਵਿਅਕਤੀ ਆਪਣੇ ਗੁਆਂਢੀ ਦੀ ਚਾਪਲੂਸੀ ਕਰਦਾ ਹੈ, ਆਪਣੇ ਹੀ ਪੈਰਾਂ ਲਈ ਜਾਲ ਫ਼ੈਲਾਉਂਦਾ ਹੈ।
6ਇੱਕ ਬਦ ਇਨਸਾਨ ਆਪਣੇ ਖੁਦ ਦੇ ਪਾਪ ਵਿੱਚ ਹੀ ਫ਼ਸ ਜਾਂਦਾ ਹੈ ਪਰ ਇੱਕ ਨੇਕ ਇਨਸਾਨ ਗਾਉਂਦਾ ਅਤੇ ਖੁਸ਼ ਰਹਿੰਦਾ ਹੈ।
7ਧਰਮੀ ਵਿਅਕਤੀ ਜਾਣਦਾ ਹੈ ਕਿ ਗਰੀਬ ਲਈ ਨਿਆਂ ਨੂੰ ਕਿਵੇਂ ਸਿਰੇ ਚੜ੍ਹਾਉਣਾ, ਪਰ ਦੁਸ਼ਟ ਇਨਸਾਨ ਅਗਿਆਨੀ ਹੁੰਦੇ ਹਨ।
8ਮਖੌਲੀਏ ਨਗਰ ਵਿੱਚ ਦੰਗਾ-ਫ਼ਸਾਦ ਕਰਦੇ ਹਨ, ਪਰ ਬੁੱਧੀਮਾਨ ਸ਼ਾਂਤੀ ਨੂੰ ਪੁਨਰ ਸਥਾਪਿਤ ਕਰ ਦਿੰਦੇ ਹਨ।
9ਸਿਆਣਾ ਆਦਮੀ ਮੂਰਖ ਨੂੰ ਕਚਿਹਰੀ 'ਚ ਲੈ ਜਾਂਦਾ ਹੈ, ਪਰ ਮੂਰਖ ਤੈਸ਼ 'ਚ ਆ ਜਾਂਦਾ ਅਤੇ ਮਜ਼ਾਕ ਉਡਾਉਂਦਾ ਅਤੇ ਸਿਆਣੇ ਆਦਮੀ ਨੂੰ ਚੈਨ ਨਹੀਂ ਮਿਲਦੀ।
10ਕਾਤਲ ਨਿਰਦੋਸ਼ ਲੋਕਾਂ ਨੂੰ ਨਫ਼ਰਤ ਕਰਦੇ ਹਨ ਅਤੇ ਉਨ੍ਹਾਂ ਨੂੰ ਮਾਰਨ ਦੀ ਕੋਸ਼ਿਸ਼ ਕਰਦੇ ਹਨ ਜੋ ਇਮਾਨਦਾਰ ਹੁੰਦੇ ਹਨ।
11ਇੱਕ ਮੂਰਖ ਆਦਮੀ ਛੇਤੀ ਗੁੱਸੇ ਵਿੱਚ ਆ ਜਾਂਦਾ ਹੈ। ਪਰ ਸਿਆਣਾ ਆਦਮੀ ਧੀਰਜਵਾਨ ਹੁੰਦਾ ਹੈ ਅਤੇ ਆਪਣੇ-ਆਪ ਤੇ ਕਾਬੂ ਰੱਖਦਾ ਹੈ।
12ਜੇ ਕੋਈ ਹਾਕਮ ਝੂਠ ਸੁਣਦਾ ਹੈ, ਤਾਂ ਉਸ ਦੇ ਸਾਰੇ ਅਧਿਕਾਰੀ ਬੁਰੇ ਹੋਣਗੇ।
13ਗਰੀਬ ਵਿਅਕਤੀ ਅਤੇ ਸਤਾਉਣ ਵਾਲਾ ਵਿਅਕਤੀ ਦੋਵਾਂ ਵਿੱਚ ਇੱਕ ਗੱਲ ਸਾਂਝੀ ਹੈ: ਯਹੋਵਾਹ ਦੋਵਾਂ ਨੂੰ ਜੀਵਨ ਦਿੰਦਾ ਹੈ।
14ਜੇ ਕੋਈ ਰਾਜਾ ਗਰੀਬਾਂ ਨਾਲ ਨਿਆਂ ਕਰਦਾ ਹੈ ਤਾਂ ਉਹ ਦੇਰ ਤੱਕ ਰਾਜ ਕਰੇਗਾ।
15ਬੈਂਤ ਅਤੇ ਝਿੜਕ ਬੁੱਧ ਪ੍ਰਦਾਨ ਕਰਦੇ ਹਨ, ਪਰ ਆਪ ਮੁਹਾਰਾ ਛੱਡਿਆ ਬੱਚਾ ਆਪਣੀ ਮਾਂ ਲਈ ਸ਼ਰਮਸਾਰੀ ਲਿਆਉਂਦਾ ਹੈ।
16ਜਦੋਂ ਦੁਸ਼ਟ ਲੋਕ ਉੱਨਤੀ ਕਰਦੇ ਹਨ, ਪਾਪ ਵੱਧ ਜਾਂਦਾ ਹੈ ਪਰ ਧਰਮੀ ਲੋਕ ਉਨ੍ਹਾਂ ਦਾ ਪਤਨ ਹੁੰਦਾ ਵੇਖਣਗੇ।
17ਆਪਣੇ ਪੁੱਤਰ ਨੂੰ ਅਨੁਸ਼ਾਸਿਤ ਕਰ, ਅਤੇ ਉਹ ਤੇਰੇ ਲਈ ਸ਼ਾਂਤੀ ਲਿਆਵੇਗਾ ਉਹ ਤੇਰੇ ਲਈ ਪ੍ਰਸੰਨਤਾ ਦਾ ਸਰੋਤ ਹੋਵੇਗਾ।
18ਜੇਕਰ ਇੱਕ ਕੌਮ ਪਰਮੇਸ਼ੁਰ ਦੀ ਅਗਵਾਈ ਵਿੱਚ ਨਹੀਂ ਚੱਲਦੀ ਤਾਂ ਲੋਕ ਆਪ ਮੁਹਾਰੇ ਹੋ ਜਾਂਦੇ ਹਨ। ਪ੍ਰੰਤੂ ਜੋ ਕੌਮ ਪਰਮੇਸ਼ੁਰ ਦੀ ਬਿਵਸਥਾ ਨੂੰ ਮੰਨਦੀ ਹੈ ਉਹ ਸੁਖੀ ਰਹਿੰਦੀ ਹੈ।
19ਜੇ ਤੂੰ ਉਸ ਨਾਲ ਸਿਰਫ਼ ਗੱਲਾਂ ਹੀ ਕਰੇਂਗਾ ਤਾਂ ਨੌਕਰ ਕਦੇ ਸਬਕ ਨਹੀਂ ਸਿੱਖੇਗਾ। ਉਹ ਤੇਰੇ ਸ਼ਬਦਾਂ ਨੂੰ ਸਮਝ ਸਕਦਾ ਹੈ ਪਰ ਉਹ ਮੰਨੇਗਾ ਨਹੀਂ।
20ਕੀ ਤੂੰ ਕਿਸੇ ਨੂੰ, ਜਾਣਦਾ ਹੈਂ ਕਿ ਜਿਹੜਾ ਬਿਨਾਂ ਸੋਚਿਆਂ ਬੋਲਦਾ ਹੈ? ਉਸ ਨਾਲੋਂ ਇੱਕ ਮੂਰਖ ਲਈ ਵਧੇਰੇ ਆਸ ਹੁੰਦੀ ਹੈ।
21ਜੇਕਰ ਤੂੰ ਬਚਪਨ ਤੋਂ ਹੀ ਆਪਣੇ ਨੌਕਰ ਨੂੰ ਬਹੁਤ ਲਾਡ-ਪਿਆਰ ਕਰਦਾ ਹੈਂ, ਤਾਂ ਅਖੀਰ ਵਿੱਚ ਉਹ ਜ਼ਿੱਦੀ ਬਣ ਜਾਵੇਗਾ।
22ਇੱਕ ਜਲਦੀ ਗੁੱਸੇ ਹੋਣ ਵਾਲਾ ਵਿਅਕਤੀ ਦਲੀਲਬਾਜ਼ੀ ਸ਼ੁਰੂ ਕਰਦਾ ਹੈ। ਅਤੇ ਉਹ ਆਦਮੀ ਜਿਹੜਾ ਛੇਤੀ ਗੁੱਸੇ ਵਿੱਚ ਆ ਜਾਂਦਾ ਹੈ ਉਹ ਕਈ ਪਾਪ ਕਰ ਲੈਂਦਾ ਹੈ।
23ਘਮੰਡ ਵਿਅਕਤੀ ਨੂੰ ਉਸ ਦੀ ਬੁਨਿਆਦ ਤੋਂ ਹੇਠਾਂ ਲੈ ਆਉਂਦਾ ਹੈ, ਪਰ ਇੱਕ ਹਲੀਮ ਵਿਅਕਤੀ ਇੱਜ਼ਤ ਹਾਸਲ ਕਰਦਾ ਹੈ।
24ਚੋਰ ਦਾ ਸਾਂਝੀ ਆਪਣੀ ਹੀ ਜਾਨ ਦਾ ਵੈਰੀ ਹੈ, ਜਦ ਉਸ ਨੂੰ ਕਚਿਹਰੀ ਵਿੱਚ ਸੱਚ ਬੋਲਣ ਲਈ ਮਜ਼ਬੂਰ ਕੀਤਾ ਜਾਵੇਗਾ ਤਾਂ ਉਹ ਡਰ ਦਾ ਮਾਰਿਆ ਬੋਲ ਨਹੀਂ ਸਕੇਗਾ।
25ਡਰ ਇਨਸਾਨ ਲਈ ਇੱਕ ਫ਼ੰਧੇ ਵਾਂਗ ਬਣ ਸਕਦਾ ਹੈ। ਪਰ

ਜਿਹੜਾ ਇਨਸਾਨ ਯਹੋਵਾਹ ਵਿੱਚ ਭਰੋਸਾ ਰੱਖਦਾ ਸੁਰੱਖਿਅਤ
ਰਹੇਗਾ।
26ਬਹੁਤ ਸਾਰੇ ਲੋਕ ਸ਼ਾਸਕ ਤੋਂ ਨਿਆਂ ਲੋਚਦੇ ਹਨ। ਪਰ ਆਦਮੀ
ਯਹੋਵਾਹ ਤੋਂ ਹੀ ਨਿਆਂ ਪ੍ਰਾਪਤ ਕਰ ਸਕਦਾ ਹੈ।
27ਧਰਮੀ ਲੋਕ ਝੂਠਿਆਂ ਨੂੰ ਨਫ਼ਰਤ ਕਰਦੇ ਹਨ, ਅਤੇ ਦੁਸ਼ਟ
ਇਨਸਾਨ ਉਨ੍ਹਾਂ ਨੂੰ ਨਫ਼ਰਤ ਕਰਦੇ ਹਨ ਜਿਹੜੇ ਇਮਾਨਦਾਰ ਹੋ
ਕੇ ਜੀਉਂਦੇ ਹਨ।

## ਯਾਕਹ ਦੇ ਪੁੱਤਰ ਆਗੂਰ ਦੀਆਂ ਬੁੱਧੀਮਾਨ ਕਹਾਉਤਾਂ

30 1ਸਿਆਣਪ ਦੇ ਇਹ ਸ਼ਬਦ ਮਾਸਾ ਦੇ ਰਹਿਣ ਵਾਲੇ
ਯਾਕਹ ਦੇ ਪੁੱਤਰ ਆਗੂਰ ਦੇ ਹਨ। ਉਹ ਆਖਦਾ ਹੈ,
"ਪਰਮੇਸ਼ੁਰ, ਮੈਂ ਥੱਕ ਚੁੱਕਾ ਹਾਂ, ਮੈਂ ਬਹੁਤ ਜ਼ਿਆਦਾ ਥੱਕ ਚੁੱਕਾ ਹਾਂ।
ਪਰਮੇਸ਼ੁਰ, ਮੈਂ ਹੁਣ ਅਗਾਂਹ ਕਿਵੇਂ ਵੱਧ ਸਕਦਾ ਹਾਂ?" [a]
2ਮੈਂ ਆਦਮੀਆਂ ਵਿੱਚੋਂ ਸਭ ਤੋਂ ਬੇਵਕੂਫ਼ ਹਾਂ, ਅਤੇ ਮੈਨੂੰ ਕੋਈ ਮਨੁੱਖੀ
ਗਿਆਨ ਵੀ ਨਹੀਂ ਹੈ। 3ਮੈਂ ਬੁੱਧ ਨਹੀਂ ਸਿੱਖੀ ਤਾਂ ਮੈਂ ਧਾਰਮਿਕ ਗਿਆਨ
ਕਿੰਝ ਹਾਸਲ ਕਰ ਸਕਦਾ ਹਾਂ। 4ਕੌਣ ਅਕਾਸ਼ ਤਾਈਂ ਜਾ ਕੇ ਵਾਪਸ
ਆਇਆ? ਕਿਸ ਨੇ ਹਵਾ ਨੂੰ ਆਪਣੇ ਹੱਥਾਂ ਵਿੱਚ ਇਕੱਠਾ ਕੀਤਾ? ਕਿਸ
ਨੇ ਆਪਣੀ ਚਾਦਰ ਵਿੱਚ ਪਾਣੀ ਨੂੰ ਇਕੱਠਾ ਕੀਤਾ? ਕਿਸ ਨੇ ਧਰਤੀ
ਦੀਆਂ ਸਾਰੀਆਂ ਹੱਦਾਂ ਨੂੰ ਸਥਾਪਿਤ ਕੀਤਾ? ਉਸ ਦਾ ਨਾਮ ਕੀ ਹੈ?
ਉਸ ਦੇ ਪੁੱਤਰ ਦਾ ਨਾਮ ਕੀ ਹੈ? ਜੇਕਰ ਤੂੰ ਜਾਣਦਾ ਹੈਂ ਤਾਂ ਮੈਨੂੰ ਦੱਸ!
5ਹਰ ਸ਼ਬਦ ਜਿਹੜਾ ਪਰਮੇਸ਼ੁਰ ਉਚਾਰਦਾ ਹੈ ਦੋਸ਼ ਰਹਿਤ ਹੈ।
ਜਿਹੜੇ ਪਰਮੇਸ਼ੁਰ ਦੇ ਕੋਲ ਆਉਂਦੇ ਹਨ, ਉਹ ਉਨ੍ਹਾਂ ਲਈ ਸੁਰੱਖਿਅਤ
ਟਿਕਾਣਾ ਹੈ। 6ਉਸ ਦੇ ਬਚਨਾਂ ਵਿੱਚ ਜੋੜਨ ਦੀ ਕੋਸ਼ਿਸ਼ ਨਾ ਕਰ,
ਨਹੀਂ ਤਾਂ ਪਰਮੇਸ਼ੁਰ ਤੈਨੂੰ ਸਜ਼ਾ ਦੇਵੇਗਾ ਅਤੇ ਤੂੰ ਝੂਠਾ ਨਿੱਕਲੇਂਗਾ।
7ਯਹੋਵਾਹ, ਮੈਂ ਤੈਥੋਂ ਦੋ ਉਪਕਾਰਾਂ ਦੀ ਮੰਗ ਕਰਦਾ ਹਾਂ। ਕਿਰਪਾ
ਕਰਕੇ ਮੇਰੇ ਮਰਨ ਤੋਂ ਪਹਿਲਾਂ, ਮੇਰੀ ਖਾਤਰ ਉਨ੍ਹਾਂ ਤੋਂ ਇਨਕਾਰ ਨਾ
ਕਰੀਂ। 8ਝੂਠ ਨਾ ਬੋਲਣ ਵਿੱਚ ਮੇਰੀ ਸਹਾਇਤਾ ਕਰ ਅਤੇ ਮੈਨੂੰ ਨਾ
ਬਹੁਤਾ ਅਮੀਰ ਬਣਾ ਅਤੇ ਨਾ ਬਹੁਤਾ ਗਰੀਬ ਸਿਰਫ਼ ਮੈਨੂੰ ਉਹ
ਚੀਜ਼ਾਂ ਦੇਹ ਜਿਨ੍ਹਾਂ ਦੀ ਮੈਨੂੰ ਰੋਜ਼ਾਨਾ ਲੋੜ ਹੈ। 9ਮੈਂ ਬਹੁਤ ਜ਼ਿਆਦਾ
ਅਮੀਰ ਹੋ ਕੇ ਤੈਨੂੰ ਭੁੱਲਣਾ ਨਹੀਂ ਚਾਹੁੰਦਾ ਅਤੇ ਇਹ ਪੁੱਛਣਾ ਨਹੀਂ
ਚਾਹੁੰਦਾ, ਪਰਮੇਸ਼ੁਰ ਕੌਣ ਹੈ? ਨਾ ਹੀ ਇੰਨਾ ਗਰੀਬ ਹੋਣਾ ਚਾਹੁੰਦਾ
ਕਿ ਮੈਨੂੰ ਚੋਰੀ ਕਰਨੀ ਪਵੇ ਅਤੇ ਮੇਰੇ ਪਰਮੇਸ਼ੁਰ ਦੇ ਨਾਮ ਲਈ
ਸ਼ਰਮਸਾਰੀ ਲਿਆਵਾਂ।
10ਇੱਕ ਨੌਕਰ ਦੀ ਉਸ ਦੇ ਸੁਆਮੀ ਕੋਲ ਅਲੋਚਨਾ ਨਾ ਕਰ ਨਹੀਂ
ਤਾਂ ਸੁਆਮੀ ਤੈਨੂੰ ਸਰਾਪ ਦੇਵੇਗਾ ਅਤੇ ਤੈਨੂੰ ਇਸ ਦੀ ਅਦਾਇਗੀ
ਕਰਨੀ ਪਵੇਗੀ।
11ਅਜਿਹੇ ਲੋਕ ਹਨ ਜੋ ਆਪਣੇ ਪਿਉ ਨੂੰ ਗਾਲ੍ਹਾਂ ਕੱਢਦੇ ਹਨ ਅਤੇ
ਆਪਣੀ ਮਾਤਾ ਨੂੰ ਧੰਨ ਨਹੀਂ ਆਖਦੇ।
12ਅਜਿਹੇ ਲੋਕ ਵੀ ਹਨ ਜਿਹੜੇ ਆਪਣੀ ਨਿਗਾਹ ਵਿੱਚ ਤਾਂ ਸ਼ੁੱਧ
ਹਨ, ਪਰ ਉਨ੍ਹਾਂ ਦੀ ਪਲੀਤੀ ਧੋਤੀ ਨਹੀਂ ਗਈ।
13ਅਜਿਹੇ ਲੋਕ ਵੀ ਹਨ ਜੋ ਆਪਣੇ ਆਪ ਉੱਤੇ ਬਹੁਤ ਘੁਮੰਡ
ਕਰਦੇ ਹਨ ਅਤੇ ਦੂਸਰੇ ਲੋਕਾਂ ਨੂੰ ਤੁੱਛ ਸਮਝਦੇ ਹਨ।
14ਕਈਆਂ ਲੋਕਾਂ ਦੇ ਦੰਦ ਚਾਕੂ ਵਰਗੇ ਤਿੱਖੇ ਹੁੰਦੇ ਹਨ, ਕਈਆਂ
ਦੇ ਬੁੱਟਾਂ ਵਿੱਚ ਤਲਵਾਰਾਂ ਜੜੀਆਂ ਹੁੰਦੀਆਂ ਹਨ, ਤਾਂ ਜੋ ਉਹ ਧਰਤੀ
ਦੇ ਗਰੀਬਾਂ ਨੂੰ ਪਾੜ ਸਕਣ ਜਾਂ ਜ਼ਰੂਰਤਮੰਦਾਂ ਨੂੰ ਨਿਗਲ ਸਕਣ।
15ਲਾਲਚੀ ਲੋਕ ਕੇਵਲ ਦੋ ਚੀਜ਼ਾਂ ਜਾਣਦੇ ਹਨ: "ਮੈਨੂੰ ਦਿਓ,"
ਅਤੇ "ਮੈਨੂੰ ਦਿਓ।" ਤਿੰਨ ਚੀਜ਼ਾਂ ਹਨ ਜਿਹੜੀਆਂ ਕਦੇ ਵੀ ਸੰਤੁਸ਼ਟ
ਨਹੀਂ ਹੁੰਦੀਆਂ, ਅਸਲ ਵਿੱਚ ਚਾਰ ਚੀਜ਼ਾਂ ਹਨ ਜਿਹੜੀਆਂ ਕਦੇ ਬੱਸ
ਨਹੀਂ ਆਖਦੀਆਂ: 16ਕਬਰ, ਬਾਂਝ ਕੁੱਖ, ਧਰਤੀ ਜਿਹੜੀ ਹਮੇਸ਼ਾ
ਪਾਣੀ ਲਈ ਪਿਆਸੀ ਰਹਿੰਦੀ ਹੈ, ਅਤੇ ਗਰਮ ਅੱਗ ਜਿਹੜੀ ਕਦੇ
ਨਹੀਂ ਆਖਦੀ "ਬਸ।"
17ਕੋਈ ਆਦਮੀ ਜਿਹੜਾ ਆਪਣੇ ਪਿਤਾ ਦਾ ਮਜ਼ਾਕ ਉਡਾਉਂਦਾ ਹੈ
ਜਾਂ ਆਪਣੀ ਮਾਤਾ ਦਾ ਕਹਿਣਾ ਮੰਨਣ ਤੋਂ ਇਨਕਾਰ ਕਰਦਾ ਹੈ ਉਸ
ਨੂੰ ਸਜ਼ਾ ਮਿਲੇਗੀ। ਉਸ ਦੇ ਲਈ ਇਹ ਗੱਲ ਓਨੀ ਹੀ ਬੁਰੀ ਹੋਵੇਗੀ
ਜਿੰਨੀ ਉਸ ਹਾਲਤ ਵਿੱਚ ਜਿਵੇਂ ਕਿ ਉਸ ਦੀਆਂ ਅੱਖਾਂ ਗਿਰਝਾਂ ਅਤੇ
ਜੰਗਲੀ ਜਾਨਵਰਾਂ ਨੇ ਖਾ ਲਈਆਂ ਹੋਣ।
18ਤਿੰਨ ਗੱਲਾਂ ਹਨ ਜਿਹੜੀਆਂ ਮੇਰੇ ਲਈ ਇੱਕ ਰਹੱਸ ਹਨ।
ਅਤੇ ਚੌਥੀ ਗੱਲ ਜਿਹੜੀ ਮੈਂ ਕਦੇ ਵੀ ਨਹੀਂ ਸਮਝ ਸਕਿਆ। 19ਇੱਕ
ਉਕਾਬ ਦੇ ਉੱਡਣ ਦਾ ਤਰੀਕਾ, ਇੱਕ ਚੱਟਾਨ ਉੱਤੇ ਸੱਪ ਦਾ ਘਿਸਰਨਾ,
ਜਹਾਜ ਦਾ ਸਮੁੰਦਰ ਦੇ ਮੱਧ ਵਿੱਚ ਹੋਣਾ ਅਤੇ ਇੱਕ ਆਦਮੀ ਦਾ ਇੱਕ
ਜਵਾਨ ਔਰਤ ਨਾਲ ਹੋਣਾ।
20ਇੱਕ ਬਦਕਾਰ ਔਰਤ ਦਾ ਰਾਹ ਇਹ ਹੈ। ਉਹ ਖਾਂਦੀ ਹੈ
ਅਤੇ ਮੂੰਹ ਪੂੰਝ ਕੇ ਆਖਦੀ ਹੈ: "ਮੈਂ ਕੁਝ ਵੀ ਗ਼ਲਤ ਨਹੀਂ ਕੀਤਾ!"
21ਤਿੰਨ ਚੀਜ਼ਾਂ ਹਨ ਜਿਨ੍ਹਾਂ ਨਾਲ ਧਰਤੀ ਹਿੱਲ ਜਾਂਦੀ ਹੈ ਅਤੇ
ਚੌਥੀ ਜਿਸ ਨੂੰ ਇਹ ਸਹਾਰ ਨਹੀਂ ਸਕਦੀ: 22ਇੱਕ ਨੌਕਰ ਜਦ
ਉਹ ਰਾਜਾ ਬਣ ਜਾਵੇ, ਅਤੇ ਇੱਕ ਮੂਰਖ ਜਿਸ ਕੋਲ ਖਾਣ ਲਈ
ਕਾਫ਼ੀ ਹੋਵੇ, 23ਇੱਕ ਵਿਆਹੀ ਹੋਈ ਔਰਤ ਜਿਸ ਨੂੰ ਉਸ ਦਾ ਪਤੀ
ਪਿਆਰ ਨਹੀਂ ਕਰਦਾ ਅਤੇ ਇੱਕ ਨੌਕਰਾਣੀ ਜੋ ਆਪਣੀ ਮਾਲਕਣ
ਦੀ ਜਗ੍ਹਾ ਲੈ ਲੈਂਦੀ ਹੈ।
24ਧਰਤੀ ਉੱਤੇ ਇਹ ਚਾਰ ਚੀਜ਼ਾਂ ਸਭ ਤੋਂ ਛੋਟੀਆਂ ਹਨ, ਹਾਲੇ ਵੀ
ਇਹ ਸਿਆਣਿਆਂ ਤੋਂ ਵੱਧ ਸਿਆਣੀਆਂ ਹਨ:

25 ਕੀੜੀਆਂ, ਜੋ ਕਿ ਤਕੜੀਆਂ ਨਹੀਂ ਹੁੰਦੀਆਂ, ਪਰ ਫਿਰ ਵੀ
ਗਰਮੀਆਂ ਵਿੱਚ ਸਰਦੀਆਂ ਲਈ ਆਪਣਾ ਭੋਜਨ
ਇਕੱਠਾ ਕਰਦੀਆਂ ਹਨ।
26 ਬਿੱਜੂ ਸ਼ਕਤੀਸ਼ਾਲੀ ਨਹੀਂ ਹੁੰਦੇ, ਪਰ ਉਹ ਆਪਣੇ ਘਰ ਚਟਾਨਾਂ
ਵਿੱਚ ਬਣਾਉਂਦੇ ਹਨ।
27 ਟਿੱਡੀਆਂ ਦਾ ਕੋਈ ਰਾਜਾ ਨਹੀਂ ਹੁੰਦਾ ਪਰ ਫ਼ਿਰ ਵੀ ਉਹ
ਸੰਗਠਨ ਵਿੱਚ ਉਡਦੀਆਂ ਹਨ।
28 ਕਿਰਲੀ ਜੋ ਕਿ ਹੱਥ ਨਾਲ ਫ਼ੜੀ ਜਾ ਸਕਦੀ ਹੈ, ਪਰ ਤਾਂ ਵੀ
ਉਹ ਸ਼ਾਹੀ ਮਹਿਲਾਂ ਵਿੱਚ ਰਹਿੰਦੀਆਂ ਹਨ।

29ਤਿੰਨ ਚੀਜ਼ਾਂ ਹਨ ਜਿਨਾਂ ਦੀ ਚਾਲ ਸੁੰਦਰ ਹੈ; ਅਸਲ ਵਿੱਚ ਚਾਰ
ਜਿਹੜੀ ਸ਼ਾਹੀ ਚਾਲਾਂ ਚੱਲਦੀਆਂ ਹਨ।

30 ਇੱਕ ਸ਼ੇਰ ਜੋ ਕਿ ਸਭ ਤੋਂ ਤਾਕਤਵਰ ਜਾਨਵਰ ਹੁੰਦਾ ਹੈ ਅਤੇ
ਕਿਸੇ ਤੋਂ ਵੀ ਨਹੀਂ ਡਰਦਾ।
31 ਹੰਕਾਰ ਨਾਲ ਤੁਰਦਾ ਕੁਕੜ,
ਇੱਕ ਬੱਕਰਾ,
ਅਤੇ ਆਪਣੇ ਲੋਕਾਂ ਦੀ ਅਗਵਾਈ ਕਰਦਾ ਹੋਇਆ ਰਾਜਾ।

32ਜੇ ਤੂੰ ਮੂਰਖਤਾਈ ਨਾਲ ਆਪਣੀ ਪ੍ਰਸੰਸਾ ਕੀਤੀ ਹੈ, ਜਾਂ ਕੋਈ
ਬੁਰੀ ਯੋਜਨਾ ਬਣਾਈ ਹੈ ਤਾਂ ਆਪਣੇ ਹੀ ਮੂੰਹ ਤੇ ਚਪੇੜ ਮਾਰ।
33ਰਿੜਕਿਆ ਹੋਇਆ ਦੁੱਧ ਮੱਖਣ ਦਿੰਦਾ, ਨੱਕ ਤੇ ਮੁੱਕੀ ਮਾਰਨ

[a] *30:1* **ਉਹ ਆਖਦਾ ਹੈ, "ਪਰਮੇਸ਼ੁਰ… ਵੱਧ ਸਕਦਾ ਹਾਂ?"** ਜਾਂ "ਉਸ ਨੇ ਇਹ ਸੰਦੇਸ਼ ਇਥੀਏਲ ਅਤੇ ਉਕਾਲ ਨੂੰ ਦਿੱਤਾ ਸੀ।"

ਨਾਲ ਖੂਨ ਵਗਦਾ ਅਤੇ ਗੁੱਸੇ ਨੂੰ ਭੜਕਾਉਣ ਨਾਲ ਲੜਾਈ ਪੈਦਾ ਹੁੰਦੀ ਹੈ।

### ਰਾਜੇ ਲਮੂਏਲ ਦੀਆਂ ਬੁੱਧੀਮਾਨ ਕਹਾਉਤਾਂ

**31** 1ਇਹ ਰਾਜੇ ਲਮੂਏਲ ਦੀਆਂ ਬੁੱਧੀਮਾਨ ਕਹਾਉਤਾਂ ਹਨ।
ਇਨ੍ਹਾਂ ਦੀ ਸਿੱਖਿਆ ਉਸ ਨੂੰ ਉਸ ਦੀ ਮਾਤਾ ਨੇ ਦਿੱਤੀ
ਸੀ।
2ਤੂੰ ਮੇਰਾ ਪੁੱਤਰ ਹੈਂ। ਉਹ ਪੁੱਤਰ ਜਿਸ ਨੂੰ ਮੈਂ ਪਿਆਰ ਕਰਦੀ ਹਾਂ।
ਤੂੰ ਉਹ ਪੁੱਤਰ ਹੈਂ ਜਿਸ ਦੇ ਜਨਮ ਲਈ ਮੈਂ ਪ੍ਰਾਰਥਨਾ ਕੀਤੀਆਂ ਸਨ।
3ਆਪਣੀ ਤਾਕਤ ਨੂੰ ਔਰਤਾਂ ਉੱਤੇ ਖਰਚ ਨਾ ਕਰ। ਔਰਤਾਂ ਰਾਜਿਆਂ
ਨੂੰ ਵੀ ਤਬਾਹ ਕਰ ਦਿੰਦੀਆਂ ਹਨ, ਇਸ ਲਈ ਆਪਣੇ-ਆਪ ਨੂੰ
ਉਨ੍ਹਾਂ ਲਈ ਬਰਬਾਦ ਨਾ ਕਰ। 4ਹੇ ਲਮੂਏਲ, ਰਾਜੇ ਲਈ ਮੈਅ
ਪੀਣੀ ਚੰਗੀ ਗੱਲ ਨਹੀਂ ਨਾ ਹੀ ਸ਼ਾਸਕਾਂ ਲਈ ਬੀਅਰ ਪੀਣੀ।
5ਕਿਉਂਕਿ ਜੇਕਰ ਰਾਜਾ ਬਹੁਤੀ ਜ਼ਿਆਦਾ ਪੀਂਦਾ ਹੈ ਤਾਂ ਉਹ ਭੁੱਲ
ਜਾਵੇਗਾ ਕਿ ਬਿਵਸਥਾ ਕੀ ਆਖਦੀ ਹੈ, ਅਤੇ ਗਰੀਬ ਲੋਕਾਂ ਨੂੰ
ਨਿਆਂ ਤੋਂ ਵਾਂਝਾ ਕਰ ਦੇਵੇਗਾ। 6ਉਨ੍ਹਾਂ ਨੂੰ ਬੀਅਰ ਦਿਓ ਜੋ ਨਸ਼ਟ
ਹੋ ਰਹੇ ਨੇ ਅਤੇ ਮੈਅ ਉਨ੍ਹਾਂ ਨੂੰ ਜਿਹੜੇ ਗ਼ਮਗੀਨ ਹਨ। 7ਤਾਂ ਜੋ
ਜਿਵੇਂ ਉਹ ਪੀਣ ਉਹ ਗਰੀਬੀ ਭੁੱਲ ਜਾਣ ਅਤੇ ਉਹ ਹੋਰ ਵਧੇਰੇ
ਆਪਣੀਆਂ ਮੁਸੀਬਤਾਂ ਨੂੰ ਯਾਦ ਨਹੀਂ ਕਰਨਗੇ।
8ਜੇ ਕੋਈ ਆਦਮੀ ਆਪਣੀ ਸਹਾਇਤਾ ਨਹੀਂ ਕਰ ਸਕਦਾ ਤਾਂ
ਤੈਨੂੰ ਉਸ ਦੀ ਸਹਾਇਤਾ ਕਰਨੀ ਚਾਹੀਦੀ ਹੈ। ਉਸ ਬੰਦੇ ਲਈ
ਬੋਲੋ ਜਿਹੜਾ ਬੋਲ ਨਹੀਂ ਸਕਦਾ! ਮੁਸੀਬਤ ਵਿੱਚ ਫ਼ਸੇ ਲੋਕਾਂ ਦੀ
ਸਹਾਇਤਾ ਕਰ: 9ਜਦੋਂ ਤੂੰ ਬੋਲੇਂ, ਉਹੀ ਕਹਿ ਜੋ ਧਰਮੀ ਹੋਵੇ, ਗਰੀਬਾਂ
ਅਤੇ ਜ਼ਰੂਰਤਮੰਦਾ ਲਈ ਨਿਆਂ ਸੁਰੱਖਿਤ ਰੱਖ।

### ਸੰਪੂਰਣ ਪਤਨੀ

10 ਕੌਣ ਇੱਕ ਸਦਾਚਾਰੀ ਔਰਤ[a] ਨੂੰ ਲੱਭ ਸਕਦਾ? ਉਹ ਮੋਤੀਆਂ ਨਾਲੋਂ ਵੀ ਵਧੇਰੇ ਕੀਮਤੀ ਹੈ।[b]

11 ਉਸ ਦਾ ਪਤੀ ਉਸ ਤੇ ਭਰੋਸਾ ਕਰ ਸਕਦਾ ਹੈ, ਉਸ ਨੂੰ ਕਦੇ ਵੀ ਸਾਮਗ੍ਰੀ ਦੀ ਥੁੜ ਨਹੀਂ ਹੋਵੇਗੀ।

12 ਉਹ ਆਪਣੀ ਸਾਰੀ ਉਮਰ, ਉਸ ਨਾਲ ਨੇਕੀ ਕਰਦੀ ਹੈ, ਬਦੀ ਨਹੀਂ।

13 ਉਹ ਹਮੇਸ਼ਾ ਉਨ ਅਤੇ ਕਤਾਨ ਜਮ੍ਹਾ ਕਰਦੀ ਰਹਿੰਦੀ ਹੈ ਅਤੇ ਖੁਸ਼ੀ ਨਾਲ ਆਪਣੇ ਹੱਥੀਂ ਚੀਜ਼ਾਂ ਬਣਾਉਂਦੀ ਰਹਿੰਦੀ ਹੈ।

14 ਉਹ ਵਪਾਰੀਆਂ ਦੇ ਜਹਾਜ਼ ਵਾਂਗ ਹੈ ਉਹ ਦੂਰ-ਦੁਰਾਡੀਆਂ ਥਾਵਾਂ ਤੋਂ ਆਪਣੇ ਘਰ ਲਈ ਭੋਜਨ ਲਿਆਉਂਦੀ ਹੈ।

15 ਉਹ ਪ੍ਰਭਾਤ ਤੋਂ ਪਹਿਲਾਂ ਉੱਠਦੀ ਹੈ ਅਤੇ ਉਹ ਆਪਣੇ ਟੱਬਰ ਲਈ ਭੋਜਨ ਦਾ ਇੰਤਜਾਮ ਕਰਦੀ ਹੈ ਅਤੇ ਆਪਣੀਆਂ ਨੌਕਰਾਣੀਆਂ ਨੂੰ ਉਨ੍ਹਾਂ ਦਾ ਸਹੀ ਹਿੱਸਾ ਦਿੰਦੀ ਹੈ।

16 ਉਹ ਜ਼ਮੀਨ ਨੂੰ ਦੇਖਦੀ ਹੈ ਅਤੇ ਇਸ ਨੂੰ ਖਰੀਦੀ ਹੈ। ਉਹ ਆਪਣੀ ਕਮਾਈ ਦੇ ਪੈਸਿਆਂ ਨੂੰ ਵਰਤ ਕੇ ਅੰਗੂਰਾਂ ਦਾ ਬਾਗ਼ ਲਗਾਉਂਦੀ ਹੈ।

17 ਉਹ ਬਹੁਤ ਸਖਤ ਮਿਹਨਤ ਕਰਦੀ ਹੈ। ਉਹ ਤਾਕਤਵਰ ਹੈ ਅਤੇ ਆਪਣਾ ਸਾਰਾ ਕੰਮ ਕਰਨ ਦੇ ਯੋਗ ਹੈ।

18 ਜਦੋਂ ਉਹ ਆਪਣੀਆਂ ਬਣਾਈਆਂ ਵਸਤਾਂ ਦਾ ਵਪਾਰ ਕਰਦੀ ਹੈ ਉਹ ਹਮੇਸ਼ਾ ਲਾਭ ਖੱਟਦੀ ਹੈ। ਅਤੇ ਉਹ ਦੇਰ ਰਾਤ ਤੱਕ ਕੰਮ ਕਰਦੀ ਰਹਿੰਦੀ ਹੈ।

19 ਉਹ ਆਪਣਾ ਸੂਤ ਕਤਦੀ ਹੈ ਅਤੇ ਆਪਣਾ ਕੱਪੜਾ ਉਣਦੀ ਹੈ।

20 ਉਹ ਖੁਲੇ ਦਿਲ ਨਾਲ ਗਰੀਬਾਂ ਨੂੰ ਦਿੰਦੀ ਹੈ ਅਤੇ ਜ਼ਰੂਰਤਮੰਦਾਂ ਦੀ ਸਹਾਇਤਾ ਕਰਦੀ ਹੈ।

21 ਜਦੋਂ ਸਰਦੀ ਹੋ ਜਾਂਦੀ ਹੈ ਉਹ ਆਪਣੇ ਟੱਬਰ ਬਾਰੇ ਚਿੰਤਿਤ ਨਹੀਂ ਹੁੰਦੀ ਕਿਉਂਕਿ ਉਸ ਨੇ ਉਨ੍ਹਾਂ ਸਾਰਿਆਂ ਲਈ ਨਿੱਘੇ ਕੱਪੜੇ ਬਣਾਏ ਹੁੰਦੇ ਹਨ।

22 ਉਹ ਚਾਦਰਾਂ ਬਣਾਉਂਦੀ ਹੈ ਅਤੇ ਪਲੰਘਾਂ ਤੇ ਵਿਛਾਉਂਦੀ ਹੈ ਅਤੇ ਉਹ ਖੁਦ ਮਲ-ਮਲ ਦੇ ਅਤੇ ਜਾਮਨੀ ਕੱਪੜੇ ਪਹਿਨਦੀ ਹੈ।

23 ਹਰ ਕੋਈ ਉਸ ਦੇ ਪਤੀ ਦੀ ਇੱਜ਼ਤ ਕਰਦਾ ਉਹ ਦੇਸ ਦੇ ਆਗੂਆਂ ਵਿੱਚ ਜਗ੍ਹਾ ਪ੍ਰਾਪਤ ਕਰਦਾ ਹੈ।

24 ਉਹ ਬਹੁਤ ਚੰਗੀ ਵਪਾਰਨ ਹੈ। ਉਹ ਕੱਪੜੇ ਅਤੇ ਪਟਕੇ ਬਣਾਉਂਦੀ ਹੈ ਅਤੇ ਵਪਾਰੀਆਂ ਨੂੰ ਵੇਚਦੀ ਹੈ।

25 ਆਤਮ-ਵਿਸ਼ਵਾਸ ਅਤੇ ਪ੍ਰਤਿਸ਼ਠਾ ਉਸ ਦਾ ਪਹਿਰਾਵਾ ਹਨ, ਉਹ ਭਵਿੱਖ ਬਾਰੇ ਸੋਚ ਕੇ ਹੱਸ ਸਕਦੀ ਹੈ।

26 ਉਸ ਦਾ ਮੂੰਹ ਬੁੱਧ 'ਚ ਖੁੱਲ੍ਹਦਾ, ਉਸ ਦੀ ਜਬਾਨ ਵਿਸ਼ਵਾਸ ਯੋਗ ਹਿਦਾਇਤ ਦਿੰਦੀ ਹੈ।

27 ਉਹ ਕਦੇ ਵੀ ਆਲਸ ਨਹੀਂ ਕਰਦੀ। ਉਹ ਆਪਣੇ ਘਰ ਦੀਆਂ ਵਸਤਾਂ ਦਾ ਧਿਆਨ ਰੱਖਦੀ ਹੈ।

28 ਉਸ ਦੇ ਬੱਚੇ ਉਸ ਦੀ ਇੱਜ਼ਤ ਕਰਦੇ ਹਨ ਅਤੇ ਉਸ ਨੂੰ ਧੰਨ ਆਖਦੇ ਹਨ। ਉਸ ਦਾ ਪਤੀ ਉਸ ਦੀ ਪ੍ਰਸੰਸਾ ਕਰਦਾ ਹੈ।

29 ਉਸ ਦਾ ਪਤੀ ਆਖਦਾ ਹੈ, "ਇੱਥੇ ਕਈ ਸਮਰੱਥ ਔਰਤਾਂ ਹਨ, ਪਰ ਤੂੰ ਮੇਰੀਏ ਪਤਨੀਏ, ਉਨ੍ਹਾਂ ਸਭਨਾਂ ਤੋਂ ਚੰਗੀ ਹੈਂ।"

30 ਆਕਰਸ਼ਣ ਛਲੀਆ ਹੈ, ਅਤੇ ਸੁੰਦਰਤਾ ਚਲੀ ਜਾਂਦੀ ਹੈ। ਪਰ ਜਿਹੜੀ ਔਰਤ ਯਹੋਵਾਹ ਤੋਂ ਭੈ ਖਾਂਦੀ ਹੈ, ਉਸਤਤ ਯੋਗ ਹੈ।

31 ਉਸ ਨੂੰ ਉਹ ਇਨਾਮ ਦਿਓ ਜਿਸ ਦੀ ਉਹ ਹੱਕਦਾਰ ਹੈ। ਜੋ ਕੰਮ ਉਸ ਨੇ ਕੀਤੇ ਹਨ ਉਸ ਦੇ ਲਈ ਲੋਕਾਂ ਵਿੱਚ ਉਸ ਦੀ ਵਡਿਆਈ ਕਰੋ।

[a] *31:10* **ਸਦਾਚਾਰੀ ਔਰਤ** ਜਾਂ "ਇੱਕ ਸੱਜਣ ਔਰਤ।"

[b] *31:10* ਇਬਰਾਨੀ ਭਾਸ਼ਾ ਵਿੱਚ, ਇਸ ਕਵਿਤਾ ਦਾ ਹਰ ਪਦ ਵਰਣਮਾਲਾ ਦੇ ਅਗਲੇ ਅੱਖਰ ਨਾਲ ਸ਼ੁਰੂ ਹੁੰਦਾ, ਇਸ ਲਈ ਇਹ ਕਵਿਤਾ ਇੱਕ ਔਰਤ ਦੀਆਂ ਸਾਰੀਆਂ ਚੰਗੀਆਂ ਖੂਬੀਆਂ ਨੂੰ ਦਰਸਾਉਂਦੀ ਹੈ।



ਨੋਟਸ